ਚੰਡੀਗੜ੍ਹ ਦਫ਼ਤਰ
ਐਸ.ਸੀ.ਓ. 1136
ਸੈਕਟਰ 22 ਬੀ,

Chandigarh Office
S.C.O. 1136
SECTOR 22-B
email: advtdeshpardesh.com

ਰੋਜ਼ਾਨਾ
ਦੇਸ਼ ਪ੍ਰਦੇਸ਼
ਸੱਚੀ ਖ਼ਬਰ, ਸਹੀ ਡਗਰ, ਸਦਾ ਨਿਡਰ
ਪ੍ਰਕਾਸ਼ਨ ਦਾ 36ਵਾਂ ਸਾਲ
ਚੰਡੀਗੜ੍ਹ ਸੰਸਕਰਣ
CHANDIGARH EDITION
Email - deshpardeshchd@gmail.com
ਮੁੱਖ ਸੰਪਾਦਕ
ਸ਼ਸ਼ੀ ਪਾਲ ਜੈਨ
Des Pardes

ਰਾਜਪਾਲ ਨੇ ਨੇਪਾਲ 'ਚ 1.40 ਕਰੋੜ ਦੀ ਰਾਹਤ ਸਮੱਗਰੀ ਲੈ ਕੇ ਜਾਣ ਵਾਲੇ ਟਰੱਕਾਂ ਨੂੰ ਰਵਾਨਾ ਕੀਤਾ 03

ਸਾਲ 1, ਅੰਕ 361 Ph (Mohali Office) : 0160-2990739; (M) : +91-98156-16078 ਸਨਿਚਰਵਾਰ, 26 ਸਤੰਬਰ 2026 (10 ਅੱਸੂ, ਨਾਨਕਸ਼ਾਹੀ ਸੰਮਤ 558) RNI NO. CHPUN/25/A1263. ਸਫ਼ੇ - 8 ਮੁੱਲ :₹2

ਐਸਆਈਆਰ ਵਿਵਾਦ : ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਕਰਦਿਆਂ ਕਾਂਗਰਸ ਵਲੋਂ ਦੇਸ਼ ਭਰ 'ਚ ਪ੍ਰਦਰਸ਼ਨ

ਦੇਸ਼ ਪ੍ਰਦੇਸ਼ ਨਵੀਂ ਦਿੱਲੀ, 25 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ) : ਵੋਟਰ ਸੂਚੀਆਂ ਦੀ ਐਸਆਈਆਰ ਨੂੰ ਲੈ ਕੇ ਚੱਲ ਰਹੇ ਵਿਵਾਦ ਦਰਮਿਆਨ, ਕਾਂਗਰਸ ਪਾਰਟੀ ਨੇ ਸ਼ੁੱਕਰਵਾਰ ਨੂੰ ਦੇਸ਼ ਭਰ ਵਿੱਚ ਪ੍ਰਦਰਸ਼ਨ ਕੀਤੇ। ਕਾਂਗਰਸੀ ਵਰਕਰ ਦਿੱਲੀ, ਚੰਡੀਗੜ੍ਹ, ਜੰਮੂ-ਕਸ਼ਮੀਰ, ਲਖਨਊ, ਕੋਲਕਾਤਾ ਅਤੇ ਦੇਹਰਾਦੂਨ ਸਮੇਤ ਕਈ ਥਾਵਾਂ 'ਤੇ ਸੜਕਾਂ 'ਤੇ ਉਤਰੇ ਅਤੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਕੀਤੀ। ਦਿੱਲੀ ਵਿੱਚ ਚੋਣ ਕਮਿਸ਼ਨ ਦੇ ਦਫ਼ਤਰ ਦੇ ਬਾਹਰ ਸੁਰੱਖਿਆ ਵਧਾ ਦਿੱਤੀ ਗਈ ਅਤੇ ਕਾਂਗਰਸ ਦੇ ਪ੍ਰਦਰਸ਼ਨ ਦੇ ਮੱਦੇਨਜ਼ਰ ਪੁਲਿਸ ਬਲ ਤਾਇਨਾਤ ਕੀਤੇ ਗਏ।

ਜੰਮੂ-ਕਸ਼ਮੀਰ ਵਿਧਾਨ ਸਭਾ ਵਿੱਚ ਵੀ ਕਾਂਗਰਸੀ ਵਿਧਾਇਕਾਂ ਨੇ ਮੁੱਖ ਚੋਣ ਕਮਿਸ਼ਨਰ ਵਿਰੁੱਧ ਨਾਅਰੇਬਾਜ਼ੀ ਕੀਤੀ। ਸਦਨ ਦੀ ਕਾਰਵਾਈ ਸ਼ੁਰੂ ਹੁੰਦਿਆਂ ਹੀ ਕਾਂਗਰਸੀ ਵਿਧਾਇਕਾਂ ਨਿਜ਼ਾਮੂਦੀਨ ਭੱਟ, ਇਰਫਾਨ ਹਾਫਿਜ਼ ਲੋਨ ਅਤੇ ਇਫਤਿਖਾਰ ਅਹਿਮਦ ਨੇ ਪ੍ਰਦਰਸ਼ਨ ਕੀਤਾ। ਉਨ੍ਹਾਂ ਨੇ 'ਵੋਟਾਂ ਬਚਾਓ, ਲੋਕਤੰਤਰ ਬਚਾਓ' ਅਤੇ ਨਿਰਪੱਖ ਚੋਣਾਂ ਤੋਂ ਬਿਨਾਂ ਲੋਕਤੰਤਰ ਨਹੀਂ' ਵਰਗੇ ਨਾਅਰਿਆਂ ਵਾਲੇ ਬੈਨਰ ਪ੍ਰਦਰਸ਼ਿਤ ਕੀਤੇ।

ਚੰਡੀਗੜ੍ਹ ਵਿੱਚ ਵੀ ਕਾਂਗਰਸੀ ਵਰਕਰਾਂ ਨੇ ਪ੍ਰਦਰਸ਼ਨ ਕੀਤਾ ਅਤੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਕੀਤੀ। ਇਸ ਦੌਰਾਨ, ਪ੍ਰਦਰਸ਼ਨਾਂ ਦੇ ਮੱਦੇਨਜ਼ਰ ਜੰਮੂ ਵਿੱਚ ਭਾਰੀ ਪੁਲਿਸ ਬਲ ਤਾਇਨਾਤ ਕੀਤਾ ਗਿਆ।

ਕਾਂਗਰਸੀ ਵਰਕਰਾਂ ਨੇ ਲਖਨਊ (ਉੱਤਰ ਪ੍ਰਦੇਸ਼) ਅਤੇ ਕੋਲਕਾਤਾ (ਪੱਛਮੀ ਬੰਗਾਲ) ਵਿੱਚ ਵੀ ਮੁਜ਼ਾਹਰੇ ਕੀਤੇ। ਦੇਹਰਾਦੂਨ (ਉੱਤਰਾਖੰਡ) ਵਿੱਚ, ਵਰਕਰਾਂ ਨੇ ਕਾਂਗਰਸੀ ਸੰਸਦ ਮੈਂਬਰ ਕੁਮਾਰੀ ਸ਼ੈਲਜਾ ਦੀ ਅਗਵਾਈ ਵਿੱਚ ਪ੍ਰਦਰਸ਼ਨ ਕੀਤਾ ਅਤੇ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਕੀਤੀ।

ਅਸਾਮ ਵਿੱਚ, ਕਾਂਗਰਸੀ ਵਰਕਰਾਂ ਨੇ ਗੌਰਵ ਗੋਗੋਈ ਦੀ ਅਗਵਾਈ ਵਿੱਚ ਪ੍ਰਦਰਸ਼ਨ ਕੀਤਾ। ਪ੍ਰਦਰਸ਼ਨ ਦੌਰਾਨ ਪੁਲਿਸ ਨੇ ਗੌਰਵ ਗੋਗੋਈ ਨੂੰ ਹਿਰਾਸਤ ਵਿੱਚ ਲੈ ਲਿਆ।

ਪੰਜਾਬ ਵਿੱਚ, ਸੂਬਾ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਗਿਆਨੇਸ਼ ਕੁਮਾਰ ਨੂੰ ਅਹੁਦੇ ਤੋਂ ਹਟਾਉਣ, ਉਨ੍ਹਾਂ ਵਿਰੁੱਧ ਐਫ.ਆਈ.ਆਰ. ਦਰਜ ਕਰਨ ਅਤੇ ਉਨ੍ਹਾਂ ਦੀ ਗ੍ਰਿਫ਼ਤਾਰੀ ਦੀ ਮੰਗ ਕੀਤੀ। ਉਨ੍ਹਾਂ ਐਲਾਨ ਕੀਤਾ ਕਿ ਕਾਂਗਰਸੀ ਵਰਕਰ 25 ਸਤੰਬਰ ਨੂੰ ਚੰਡੀਗੜ੍ਹ ਦੇ ਸੈਕਟਰ-17 ਸਥਿਤ ਚੋਣ ਕਮਿਸ਼ਨ ਦੇ ਦਫ਼ਤਰ ਤੱਕ ਮਾਰਚ ਕਰਨਗੇ। ਹਿਮਾਚਲ ਪ੍ਰਦੇਸ਼ ਵਿੱਚ, ਕਾਂਗਰਸੀ ਆਗੂਆਂ ਅਤੇ ਵਰਕਰਾਂ ਨੇ ਚੋਣ ਕਮਿਸ਼ਨ ਨਾਲ ਸਬੰਧਤ ਮੁੱਦਿਆਂ ਨੂੰ ਲੈ ਕੇ ਰਾਜ ਚੋਣ ਕਮਿਸ਼ਨ ਦੇ ਦਫ਼ਤਰ ਦੇ ਬਾਹਰ ਪ੍ਰਦਰਸ਼ਨ ਕੀਤਾ।

ਪ੍ਰਦਰਸ਼ਨ ਦੌਰਾਨ, ਪ੍ਰਦਰਸ਼ਨ ਅਰੁਣਾਚਲ ਪ੍ਰਦੇਸ਼ ਵਿੱਚ, ਵਿਰੋਧੀ ਪਾਰਟੀ ਕਾਂਗਰਸ ਨੇ ਸ਼ੁੱਕਰਵਾਰ ਨੂੰ ਈਟਾਨਗਰ ਵਿੱਚ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਕਰਦਿਆਂ ਪਾਰਟੀ ਦੇ ਦੇਸ਼-ਵਿਆਪੀ ਅੰਦੋਲਨ ਦੇ ਹਿੱਸੇ ਵਜੋਂ ਰੋਸ ਪ੍ਰਦਰਸ਼ਨ ਕੀਤਾ। ਰਾਜ ਕਾਂਗਰਸ ਨੇ ਐਸਆਈਆਰ ਪ੍ਰਕਿਰਿਆ ਨੂੰ ਰੋਕਣ, ਵੋਟਰ ਸੂਚੀ ਨਾਲ ਸਬੰਧਤ ਫੈਸਲਿਆਂ ਦੀ ਨਿਰਪੱਖ ਜਾਂਚ ਕਰਵਾਉਣ ਅਤੇ ਜਾਂਚ ਪੂਰੀ ਹੋਣ ਤੱਕ ਆਗਾਮੀ ਚੋਣਾਂ ਨੂੰ ਮੁਲਤਵੀ ਕਰਨ ਦੀ ਮੰਗ ਕੀਤੀ। ਪਾਰਟੀ ਨੇ ਗਿਆਨੇਸ਼ ਕੁਮਾਰ ਵਿਰੁੱਧ ਅਪਰਾਧਿਕ ਕਾਰਵਾਈ ਸ਼ੁਰੂ ਕਰਨ ਅਤੇ ਐਸਆਈਆਰ ਪ੍ਰਕਿਰਿਆ ਨਾਲ ਸਬੰਧਤ ਸਾਰੀਆਂ ਫਾਈਲਾਂ ਸੁਪਰੀਮ ਕੋਰਟ ਦੀ ਹਿਰਾਸਤ ਵਿੱਚ ਰੱਖਣ ਦੀ ਮੰਗ ਵੀ ਕੀਤੀ। ਇਹ ਪ੍ਰਦਰਸ਼ਨ ਰਾਜਧਾਨੀ ਵਿੱਚ 'ਨਿਰਵਾਚਨ ਭਵਨ' ਬਾਕੀ ਸਫ਼ਾ 7 'ਤੇ

ਚੋਣ ਕਮਿਸ਼ਨ ਖ਼ਿਲਾਫ਼ ਪ੍ਰਦਰਸ਼ਨ ਦੌਰਾਨ ਵੜਿੰਗ ਸਮੇਤ ਕਈ ਆਗੂ ਗ੍ਰਿਫ਼ਤਾਰ

ਪਾਇਲਟ ਨਹੀਂ ਪਹੁੰਚੇ ਤਾਂ ਚੰਨੀ-ਬਾਜਵਾ ਵੀ ਨਜ਼ਰ ਨਹੀਂ ਆਏ

ਦੇਸ਼ ਪ੍ਰਦੇਸ਼ ਚੰਡੀਗੜ੍ਹ, 25 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ) : ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਖ਼ਿਲਾਫ਼ ਸ਼ੁੱਕਰਵਾਰ ਨੂੰ ਚੰਡੀਗੜ੍ਹ ਦੇ ਸੈਕਟਰ-17 'ਚ ਹੋਏ ਪੰਜਾਬ ਕਾਂਗਰਸ ਦੇ ਪ੍ਰਦਰਸ਼ਨ 'ਚ ਪਾਰਟੀ ਦੀ ਅੰਦਰੂਨੀ ਧੜੇਬੰਦੀ ਇੱਕ ਵਾਰ ਫਿਰ ਚਰਚਾ 'ਚ ਆ ਗਈ। ਪ੍ਰਦਰਸ਼ਨ ਦੀ ਅਗਵਾਈ ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਕੀਤੀ। ਪਰਗਟ ਸਿੰਘ, ਡਾ. ਰਾਜਕੁਮਾਰ ਵੇਰਕਾ, ਰਾਣਾ ਗੁਰਜੀਤ ਸਿੰਘ ਸਮੇਤ ਕਈ ਸੀਨੀਅਰ ਆਗੂ ਅਤੇ ਵੱਡੀ ਗਿਣਤੀ 'ਚ ਵਰਕਰ ਪ੍ਰਦਰਸ਼ਨ 'ਚ ਪਹੁੰਚੇ। ਪੁਲਿਸ ਨੇ ਚੋਣ ਕਮਿਸ਼ਨ ਦਫ਼ਤਰ ਵੱਲ ਵਧ ਰਹੇ ਪ੍ਰਦਰਸ਼ਨਕਾਰੀਆਂ ਨੂੰ ਰੋਕਣ ਲਈ ਬੈਰੀਕੇਡਿੰਗ ਕੀਤੀ ਅਤੇ ਬਾਅਦ 'ਚ ਵਾਟਰ ਕੈਨਨ ਦੀ ਵੀ ਵਰਤੋਂ ਕੀਤੀ। ਵੜਿੰਗ ਸਮੇਤ ਕਈ ਆਗੂਆਂ ਨੂੰ ਹਿਰਾਸਤ 'ਚ ਲਿਆ ਗਿਆ। ਹਾਲਾਂਕਿ, ਇਸ ਪੂਰੇ ਪ੍ਰਦਰਸ਼ਨ 'ਚ ਸਭ ਤੋਂ ਵੱਧ ਚਰਚਾ ਪੰਜਾਬ ਕਾਂਗਰਸ ਇੰਚਾਰਜ ਸਚਿਨ ਪਾਇਲਟ ਦੀ ਗੈਰਹਾਜ਼ਰੀ ਦੀ ਰਹੀ। ਪਾਰਟੀ ਵੱਲੋਂ ਪਹਿਲਾਂ ਜਾਰੀ ਪ੍ਰੋਗਰਾਮ 'ਚ ਪ੍ਰਦਰਸ਼ਨ ਮਾਰਚ ਨੂੰ ਪਾਇਲਟ ਦੀ ਅਗਵਾਈ 'ਚ ਚੋਣ ਕਮਿਸ਼ਨ ਦਫ਼ਤਰ ਤੱਕ ਲੈ ਜਾਣ ਦੀ ਗੱਲ ਕਹੀ ਗਈ

ਸੀ। ਪਾਇਲਟ ਦੇ ਨਾ ਪਹੁੰਚਣ ਤੋਂ ਬਾਅਦ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਅਤੇ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਵੀ ਪ੍ਰਦਰਸ਼ਨ 'ਚ ਨਜ਼ਰ ਨਹੀਂ ਆਏ। ਖਾਸ ਤੌਰ 'ਤੇ ਚੰਨੀ ਦੀ ਗੈਰਹਾਜ਼ਰੀ ਇਸ ਲਈ ਚਰਚਾ 'ਚ ਰਹੀ ਕਿਉਂਕਿ ਪਾਰਟੀ ਪਿਛਲੇ ਕੁਝ ਸਮੇਂ ਤੋਂ ਪੰਜਾਬ 'ਚ ਵੱਖ-ਵੱਖ ਆਗੂਆਂ ਅਤੇ ਖੇਮਿਆਂ ਨੂੰ ਇੱਕ ਮੰਚ 'ਤੇ ਲਿਆਉਣ ਦੀ ਕੋਸ਼ਿਸ਼ ਕਰ ਰਹੀ ਹੈ। ਸਤੰਬਰ 'ਚ ਗੁਲਜ਼ਾਰ ਸਿੰਘ ਮਾਮਲੇ ਨੂੰ ਲੈ ਕੇ ਹੋਏ ਪ੍ਰਦਰਸ਼ਨ 'ਚ ਪਾਇਲਟ, ਚੰਨੀ ਅਤੇ ਵੜਿੰਗ ਇੱਕ ਮੰਚ 'ਤੇ ਨਜ਼ਰ ਆਏ ਸਨ ਅਤੇ ਪਾਇਲਟ ਨੇ ਦੋਵਾਂ ਆਗੂਆਂ ਦੇ ਹੱਥ ਵੀ ਮਿਲਵਾਏ ਸਨ। ਹੁਣ ਨਜ਼ਰਾਂ 29 ਸਤੰਬਰ ਨੂੰ ਦਿੱਲੀ 'ਚ ਹੋਣ ਵਾਲੀ ਕਾਂਗਰਸ ਵਰਕਿੰਗ ਕਮੇਟੀ ਦੀ ਮੀਟਿੰਗ 'ਤੇ ਹਨ। ਪੰਜਾਬ 'ਚ 2027 ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਪਾਰਟੀ ਦੇ ਸਾਹਮਣੇ ਵੱਖ-ਵੱਖ ਖੇਮਿਆਂ ਨੂੰ ਇੱਕ ਮੰਚ 'ਤੇ ਲਿਆਉਣ ਦਾ ਮੁੱਦਾ ਮਹੱਤਵਪੂਰਨ ਰਹੇਗਾ। ਸਚਿਨ ਪਾਇਲਟ ਦੇ ਸਾਹਮਣੇ ਵੀ ਸੰਗਠਨ 'ਚ ਤਾਲਮੇਲ ਕਾਇਮ ਕਰਨ ਅਤੇ ਆਗੂਆਂ ਵਿਚਕਾਰ ਮਤਭੇਦ ਘਟਾਉਣ ਦੀ ਚੁਣੌਤੀ ਰਹੇਗੀ।

ਏਟਕ ਦੀ ਅਗਵਾਈ 'ਚ ਕੰਸਟ੍ਰਕਸ਼ਨ ਵਰਕਰ ਯੂਨੀਅਨ ਦਾ ਵਫ਼ਦ ਏਐਲਸੀ ਨੂੰ ਮਿਲਿਆ

ਦੇਸ਼ ਪ੍ਰਦੇਸ਼

ਜਲਾਲਾਬਾਦ, 25 ਸਤੰਬਰ (ਸੁਭਾਸ਼ ਸਿੰਘ) : ਕੰਸਟਰਕਸ਼ਨ ਵਰਕਰ ਐਂਡ ਲੇਬਰ ਯੂਨੀਅਨ (ਰਜਿ:) ਏਟਕ ਜਿਲਾ ਫਾਜ਼ਿਲਕਾ ਦਾ ਵਫਦ ਅਸਿਸਟੈਂਟ ਲੇਬਰ ਕਮਿਸ਼ਨਰ ਫਾਜ਼ਿਲਕਾ ਨੂੰ ਮਿਲਿਆ ਅਤੇ ਉਹਨਾਂ ਨਾਲ ਉਸਾਰੀ ਕਿਰਤੀਆਂ ਨੂੰ ਆ ਰਹੀਆਂ ਸਮੱਸਿਆਵਾਂ ਬਾਰੇ ਮੀਟਿੰਗ ਕਰਕੇ ਵਿਸਤਾਰ ਪੂਰਵਕ ਚਰਚਾ ਕੀਤੀ ਗਈ। ਏਐਲਸੀ ਸ਼੍ਰੀ ਕਾਰਨ ਗੋਇਲ ਨੇ ਯੂਨੀਅਨ ਨੂੰ ਵਿਸ਼ਵਾਸ ਦਿਵਾਉਂਦਿਆਂ ਕਿਹਾ ਕਿ ਤੁਹਾਡੀਆਂ ਮੰਗਾਂ ਜਾਇਜ ਹਨ ਅਤੇ ਇਹਨਾਂ ਮੰਗਾਂ ਨੂੰ ਤੁਰੰਤ ਹੱਲ ਕੀਤਾ ਜਾਵੇਗਾ। ਮੀਟਿੰਗ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਯੂਨੀਅਨ ਦੇ ਸੂਬਾਈ ਡਿਪਟੀ ਜਨਰਲ ਸੈਕਟਰੀ ਐਡਵੋਕੇਟ ਪਰਮਜੀਤ ਢਾਬਾਂ ਅਤੇ ਜਿਲ੍ਹਾ ਪ੍ਰਧਾਨ ਜੰਮੂ ਰਾਮ ਬਨਵਾਲਾ ਨੇ ਕਿਹਾ ਕਿ ਏਐਲਸੀ ਨਾਲ ਮੀਟਿੰਗ ਬਹੁਤ ਵਧੀਆ ਸੁਖਾਵੇ ਮਾਹੌਲ ਵਿੱਚ ਕੀਤੀ ਗਈ ਹੈ। ਯੂਨੀਅਨ ਵੱਲੋਂ ਉਹਨਾਂ ਸਾਹਮਣੇ ਮੰਗਾਂ ਰੱਖੀਆਂ ਗਈਆਂ ਹਨ ਕਿ ਕਾਨੂੰਨ ਮੁਤਾਬਿਕ ਪੁਰਾਣੇ ਵਜੀਫਿਆਂ ਨੂੰ ਇੱਕ ਮਹੀਨੇ ਵਿੱਚ ਮੁਕੰਮਲ ਤੌਰ 'ਤੇ ਪਾਸ ਕੀਤਾ ਜਾਵੇ ਅਤੇ ਉਸਾਰੀ ਕਿਰਤੀਆਂ ਨੂੰ ਆਪਣੇ ਵਜ਼ੀਫੇ ਪਾਸ ਕਰਵਾਉਣ ਲਈ ਦਫਤਰਾਂ ਦੇ ਵਾਰ-ਵਾਰ ਚੱਕਰ ਨਾ ਕੱਢਣੇ ਪੈਣ। ਇਸ ਮੌਕੇ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਸੋਨਾ ਪੁੰਨਕੀਆਂ ਅਤੇ ਬਲਾਕ ਬਾਕੀ ਸਫ਼ਾ 7 'ਤੇ

ਆਮ ਜਨਤਾ ਦੀ ਸਹੂਲਤ ਲਈ ਸ਼ਹਿਰੀ ਖੇਤਰਾਂ 'ਚ 1646 ਵਾਰਡ ਕਮੇਟੀਆਂ ਦਾ ਗਠਨ : ਸੀਐਮ ਸੈਣੀ

ਦੇਸ਼ ਪ੍ਰਦੇਸ਼ ਚੰਡੀਗੜ੍ਹ, 25 ਸਤੰਬਰ (ਰਾਜੇਂਦਰ ਸਿੰਘ ਜਾਦੌਂ) : ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਆਮ ਜਨਤਾ ਦੀ ਸਹੂਲਤ ਅਤੇ ਸ਼ਿਕਾਇਤਾਂ ਦੇ ਹੱਲ ਲਈ ਸੂਬੇ ਦੀਆਂ ਸਾਰੀਆਂ ਸ਼ਹਿਰੀ ਸੰਸਥਾਵਾਂ ਵਿੱਚ 1646 ਵਾਰਡ ਕਮੇਟੀਆਂ ਦਾ ਗਠਨ ਕੀਤਾ ਗਿਆ ਹੈ। ਕੋਈ ਵੀ ਵਿਅਕਤੀ ਸਫਾਈ ਅਤੇ ਕੂੜਾ ਇਕੱਠਾ ਕਰਨ ਦੇ ਸਬੰਧ ਵਿੱਚ ਇਹਨਾਂ ਵਾਰਡ ਕਮੇਟੀਆਂ ਦੇ ਵਟਸਐਪ ਨੰਬਰ 'ਤੇ ਸ਼ਿਕਾਇਤ ਦਰਜ ਕਰਵਾ ਸਕਦਾ ਹੈ ਜਿਸ ਦਾ ਸਮਾਂਬੱਧ ਹੱਲ ਕੀਤਾ ਜਾਵੇਗਾ। ਇਸੇ ਤਰ੍ਹਾਂ ਘਰ-ਘਰ ਕੂੜਾ ਚੁੱਕਣ ਵਾਲੇ ਵਾਹਨਾਂ ਦੀ ਨਿਗਰਾਨੀ ਲਈ 87 ਵਿੱਚੋਂ 83 ਸ਼ਹਿਰੀ ਸਥਾਨਕ ਸੰਸਥਾਵਾਂ ਵਿੱਚ 4ਜੀ ਅਤੇ 5ਜੀ ਨੈਟਵਰਕ ਵਾਲੀ ਜੀਪੀਐਸ ਪ੍ਰਣਾਲੀ ਵਾਲੇ ਵਾਹਨ ਚਲਾਏ ਜਾ ਰਹੇ

ਹਨ। ਉਨ੍ਹਾਂ ਨੇ ਅਧਿਕਾਰੀਆਂ ਨੂੰ ਬਾਕੀ ਚਾਰ ਸ਼ਹਿਰੀ ਸਥਾਨਕ ਸੰਸਥਾਵਾਂ ਵਿੱਚ ਵੀ ਇਸ ਪ੍ਰਕਿਰਿਆ ਨੂੰ ਜਲਦੀ ਪੂਰਾ ਕਰਨ ਦੇ ਨਿਰਦੇਸ਼ ਦਿੱਤੇ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਸੂਬੇ ਦੀਆਂ ਸ਼ਹਿਰੀ ਸੰਸਥਾਵਾਂ ਵਿੱਚ ਸੋਲਿਡ ਵੇਸਟ ਮੈਨੇਜਮੈਂਟ ਸਿਸਟਮ, ਰੂਟ ਮੈਪਿੰਗ, ਮਸ਼ੀਨਰੀ ਦੀ ਉਪਲਬਧਤਾ, ਪੋਰਟਲ ਰਾਹੀਂ ਭੁਗਤਾਨ, ਵਾਰਡ ਕਮੇਟੀਆਂ ਦੇ ਗਠਨ, ਸਵੱਛਤਾ ਪੱਖਵਾੜਾ ਕੈਲੰਡਰ, ਬਲਕ ਵੇਸਟ ਜਨਰੇਟਰਜ਼ ਦੀ ਪਛਾਣ ਅਤੇ ਰਜਿਸਟ੍ਰੇਸ਼ਨ ਅਤੇ ਐਨਜੀਓ ਮੈਪਿੰਗ ਐਂਡ ਐਮਓਯੂ ਸਮੇਤ ਵੱਖ-ਵੱਖ ਵਿਸ਼ਿਆਂ ਦੀ ਸਮੀਖਿਆ ਕਰ ਰਹੇ ਸਨ। ਉਨ੍ਹਾਂ ਨੇ ਅਧਿਕਾਰੀਆਂ ਨੂੰ ਸ਼ਹਿਰਾਂ ਵਿੱਚ ਸਫਾਈ ਵਿਵਸਥਾ ਨੂੰ ਹੋਰ ਪ੍ਰਭਾਵੀ ਅਤੇ ਜਵਾਬਦੇਹ ਬਣਾਉਣ ਦੇ ਨਿਰਦੇਸ਼ ਦਿੱਤੇ। ਮੀਟਿੰਗ ਵਿੱਚ ਪਿਛਲੀਆਂ ਮੀਟਿੰਗਾਂ ਵਿੱਚ ਦਿੱਤੇ ਗਏ ਨਿਰਦੇਸ਼ਾਂ ਅਤੇ ਸੀਐਮਜੀਆਏ ਦੀਆਂ ਸਿਫਾਰਸ਼ਾਂ 'ਤੇ ਕੀਤੀ ਗਈ ਕਾਰਵਾਈ ਦੀ ਵੀ ਸਮੀਖਿਆ ਕੀਤੀ ਗਈ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਘਰ-ਘਰ ਕੂੜਾ ਇਕੱਠਾ ਕਰਨ ਲਈ ਰੂਟ ਮੈਪਿੰਗ ਦੀ ਸਥਿਤੀ ਦੀ ਵੀ ਸਮੀਖਿਆ ਕੀਤੀ। ਸ਼ਹਿਰੀ ਸਥਾਨਕ ਨਿਗਮ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਸ਼੍ਰੀ ਅਸ਼ੋਕ ਕੁਮਾਰ ਮੀਣਾ ਨੇ ਦੱਸਿਆ ਕਿ ਜੂਨ ਵਿੱਚ ਜਿੱਥੇ ਸੂਬੇ ਦੀਆਂ 87 ਵਿੱਚੋਂ ਸਿਰਫ 28 ਸ਼ਹਿਰੀ ਸਥਾਨਕ ਸਰਕਾਰਾਂ ਵਿੱਚ 100% ਰੂਟ ਮੈਪਿੰਗ ਦਾ ਕੰਮ ਪੂਰਾ ਹੋਇਆ ਸੀ, ਉੱਥੇ ਹੀ 20 ਸਤੰਬਰ ਤੱਕ ਇਹ ਗਿਣਤੀ ਵਧ ਕੇ 66 ਹੋ ਗਈ ਹੈ। ਕਮਿਸ਼ਨਰ ਅਤੇ ਸਕੱਤਰ ਨੇ ਦੱਸਿਆ ਕਿ ਸਾਰੇ 23 ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਲਈ ਠੋਸ ਵੇਸਟ ਪ੍ਰਬੰਧਨ ਪੋਰਟਲ 'ਤੇ ਬਾਕੀ ਸਫ਼ਾ 7 'ਤੇ

ਪਟਿਆਲਾ 'ਚ ਕਿਰਾਏ ਦੇ ਕਮਰੇ 'ਚ ਰਹਿ ਰਿਹਾ ਸੀ ਏਆਈਜੀ ਰਾਜਜੀਤ ਸਿੰਘ, ਏਐਨਟੀਐਫ ਵੱਲੋਂ ਖੁਲਾਸਾ

ਦੇਸ਼ ਪ੍ਰਦੇਸ਼



ਪਟਿਆਲਾ, 25 ਸਤੰਬਰ (ਰਾਜਿੰਦਰ ਸਿੰਘ ਥਿੰਦ) : ਨਸ਼ਾ ਤਸਕਰੀ ਅਤੇ ਜਬਰੀ ਵਸੂਲੀ ਦੇ ਗੰਭੀਰ ਮਾਮਲਿਆਂ ਵਿੱਚ ਲੰਬੇ ਸਮੇਂ ਤੋਂ ਭਗੌੜਾ ਚੱਲ ਰਹੇ ਪੰਜਾਬ ਪੁਲਿਸ ਦੇ ਬਰਖ਼ਾਸਤ ਏਆਈਜੀ ਰਾਜਜੀਤ ਸਿੰਘ ਪਟਿਆਲਾ ਵਿਚ ਹੀ ਕਿਰਾਏ ਦੇ ਮਕਾਨ ਵਿਚ ਰਹਿ ਰਹੇ ਸਨ। ਇਹ ਖੁਲਾਸਾ ਏ.ਐੱਨ.ਟੀ.ਐੱਫ ਵੱਲੋਂ ਰਾਜਜੀਤ ਸਿੰਘ ਦੀ ਗ੍ਰਿਫਤਾਰੀ ਤੋਂ ਬਾਅਦ ਹੋਇਆ ਹੈ। ਏਐਨਟੀਐਫ ਨੂੰ ਪਤਾ ਲੱਗਾ ਹੈ ਕਿ ਰਾਜ ਜੀਤ ਸਿੰਘ ਪਟਿਆਲਾ ਦੇ ਦਰਸ਼ਨ ਨਗਰ ਵਿਖੇ ਇਕ ਘਰ ਵਿਚ ਪਛਾਣ ਲੁਕਾ ਕੇ ਕਿਰਾਏ ਦੇ ਕਮਰੇ ਵਿਚ ਰਹਿ ਰਿਹਾ ਸੀ। ਹੁਲੀਆ ਬਦਲਿਆ ਹੋਣ ਕਰ ਕੇ ਉਸ ਨੂੰ ਕੋਈ ਪਛਾਣ ਨਹੀਂ ਸਕਿਆ ਸੀ। ਰਾਜਜੀਤ ਕਿੰਨੇ ਸਮੇਂ ਤੋਂ ਰਹਿ ਰਿਹਾ ਸੀ ਇਸ ਬਾਰੇ ਏਐਨਟੀਐਫ ਜਾਂਚ ਕਰ ਰਹੀ ਹੈ। ਰਾਜਜੀਤ ਦੀ ਪਟਿਆਲਾ ਤੋਂ ਗ੍ਰਿਫਤਾਰੀ ਸਮੇਂ ਦੀ ਸੀਸੀਟੀਵੀ ਫੁਟੇਜ ਵੀ ਸਾਹਮਣੇ ਆਈ ਹੈ ਜਿਸ ਵਿਚ ਰਾਜਜੀਤ ਸਿੰਘ ਦੇ ਚਿੱਟਾ ਪਰਨਾ ਬੰ

ਭਾਜਪਾ 'ਚ 4 ਸਾਲਾਂ ਵਿਚ ਕੁਝ ਵੀ ਹਾਸਲ ਨਹੀਂ ਹੋਇਆ : ਕੈਪਟਨ ਅਮਰਿੰਦਰ ਸਿੰਘ

ਪਟਿਆਲਾ, 25 ਸਤੰਬਰ (ਰਾਜਿੰਦਰ ਸਿੰਘ ਥਿੰਦ): ਪੰਜਾਬ ਦੇ ਸਾਬਕਾ ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਨੇ ਆਖਿਆ ਹੈ ਕਿ ਭਾਜਪਾ ਵਿਚ ਚਾਰ ਸਾਲਾਂ ਵਿਚ ਕੁੱਝ ਵੀ ਹਾਸਲ ਨਹੀਂ ਹੋ ਸਕਿਆ ਹੈ ਮਿਲੀ ਜਾਣਕਾਰੀ ਅਨੁਸਾਰ ਸਾਬਕਾ ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਨੇ ਕਾਂਗਰਸ ਵਿਚ ਜਾਣ ਦੀ ਕੋਈ ਯੋਜਨਾ ਨਹੀਂ ਹੈ ਸਬੰਧੀ ਆਖਦਿਆਂ ਕਿਹਾ ਕਿ 2027 ਦੀ ਚੋਣਾਂ ਵਿੱਚ ਕਿਸੇ ਵੀ ਪਾਰਟੀ ਨੂੰ ਸਪੱਸ਼ਟ ਬਹੁਮਤ ਨਹੀਂ ਮਿਲੇਗਾ । ਉਨ੍ਹਾਂ ਤਰਕ ਦਿੱਤਾ ਕਿ ਭਾਜਪਾ ਕੋਲ ਕੋਈ ਖ਼ਾਸ ਜ਼ਮੀਨੀ ਸਮਰਥਨ ਨਹੀਂ ਹੈ । ਕੈਪਟਨ ਅਮਰਿੰਦਰ ਸਿੰਘ ਨੇ ਭਾਜਪਾ-ਸ਼੍ਰੋਮਣੀ ਅਕਾਲੀ ਦਲ ਗੱਠਜੋੜ ਦੀ ਜ਼ੋਰਦਾਰ ਹਮਾਇਤ ਕਰਦਿਆਂ ਆਖਿਆ ਹੈ ਕਿ ਉਹ ਇਹ ਕਹਿਣ ਵਾਲੇ ਪਹਿਲੇ ਵਿਅਕਤੀ ਹਨ ਕਿ ਦੋਵੇਂ ਪਾਰਟੀਆਂ ਦਾ ਗੱਠਜੋੜ ਹੋਣਾ ਚਾਹੀਦਾ ਹੈ । ਉਨ੍ਹਾਂ ਕਿਹਾ ਕਿ ਜੇ ਭਾਜਪਾ ਸਰਕਾਰ ਬਣਾਉਣਾ ਚਾਹੁੰਦੀ ਹੈ ਤਾਂ ਭਾਜਪਾ ਨੂੰ ਅਕਾਲੀਆਂ ਨਾਲ ਗੱਠਜੋੜ ਦੀ ਲੋੜ ਹੈ ਜੋ ਤੁਹਾਡੇ ਪੁਰਾਣੇ ਭਾਈਵਾਲ ਹਨ । ਅਮਰਿੰਦਰ ਸਿੰਘ ਨੇ ਕਿਹਾ ਕਿ ਦੋਵੇਂ ਪਾਰਟੀਆਂ ਨੇ ਪਹਿਲਾਂ ਵੀ ਦੋ ਜਾਂ ਤਿੰਨ ਵਾਰ ਮਿਲ ਕੇ ਸਰਕਾਰਾਂ ਬਣਾਈਆਂ ਹਨ । ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੀ ਰਿਹਾਈ ਦੀ ਕੈਪਟਨ ਨੇ ਕੀਤੀ ਮੰਗ ਕੈਪਟਨ ਅਮਰਿੰਦਰ ਸਿੰਘ ਨੇ 'ਵਾਰਿਸ ਪੰਜਾਬ ਦੇ' ਜਥੇਬੰਦੀ ਦੇ ਜੇਲ੍ਹ ਵਿੱਚ ਬੰਦ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੀ ਰਿਹਾਈ ਦੀ ਮੰਗ ਕਰਦਿਆਂ ਕਿਹਾ ਕਿ ਉਸ ਨੂੰ ਬਾਹਰ ਆਉਣ ਦਿਓ ਤੇ ਚੋਣ ਲੜਨ ਦਿਓ ਅਤੇ ਜੇ ਉਹ ਕਰ ਸਕਦਾ ਹੈ ਤਾਂ ਉਸ ਨੂੰ ਜਿੱਤਣ ਦਿਓ । ਉਨ੍ਹਾਂ ਕਿਹਾ ਕਿ ਜਿੰਨਾ ਚਿਰ ਉਸ ਨੂੰ ਜੇਲ੍ਹ ਵਿੱਚ ਰੱਖੋਗੇ ਉਹ ਓਨਾਂ ਹੀ ਪ੍ਰਸਿੱਧ ਹੁੰਦਾ ਜਾਵੇਗਾ ਉਨ੍ਹਾਂ ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ ਦੀ ਹੱਤਿਆ ਦੇ ਮਾਮਲੇ ਵਿੱਚ ਕੈਦ ਕੱਟ ਰਹੇ ਜਗਤਾਰ ਸਿੰਘ ਹਵਾਰਾ ਸਣੇ ਲੰਮੇ ਸਮੇਂ ਤੋਂ ਜੇਲ੍ਹ 'ਚ ਬੰਦ ਬੰਦੀ ਸਿੱਖਾਂ ਦੀ ਰਿਹਾਈ ਦੀ ਹਮਾਇਤ ਵੀ ਕੀਤੀ ਦੂਜੇ ਪਾਸੇ ਕੈਪਟਨ ਅਮਰਿੰਦਰ ਸਿੰਘ ਸਾਬਕਾ ਮੁੱਖ ਮੰਤਰੀ ਬੀਬਾ ਜੈ ਇੰਦਰ ਕੌਰ ਨੇ ਕਿਹਾ ਹੈ ਕਿ ਅਮਰਿੰਦਰ ਸਿੰਘ ਭਾਜਪਾ ਚ ਹਨ ਤੇ ਭਾਜਪਾ ਹੀ ਰਹਿਣਗੇ!

ਸੀਐਚਸੀ ਕੋਟ ਈਸੇ ਖਾਂ ਵਿਖੇ ਅੱਖਾਂ ਦੇ ਇਲਾਜ ਨੂੰ ਮਿਲੀ ਨਵੀਂ ਦਿਸ਼ਾ, 50 ਲੱਖ ਤੋਂ ਵੱਧ ਦੀ ਫੇਕੋ ਮਸ਼ੀਨ ਦਾ ਉਦਘਾਟਨ

ਕੋਟ ਈਸੇ ਖਾਂ, 25 ਸਤੰਬਰ (ਸੰਜੀਵ ਸੂਦ): ਹਲਕਾ ਧਰਮਕੋਟ ਦੇ ਲੋਕਾਂ ਨੂੰ ਸਿਹਤ ਸੇਵਾਵਾਂ ਦੇ ਖੇਤਰ ਵਿੱਚ ਵੱਡੀ ਸਹੂਲਤ ਪ੍ਰਦਾਨ ਕਰਦਿਆਂ ਸੀਐਚਸੀ ਕੋਟ ਈਸੇ ਖਾਂ ਵਿਖੇ 50 ਲੱਖ ਰੁਪਏ ਤੋਂ ਵੱਧ ਦੀ ਲਾਗਤ ਵਾਲੀ ਆਧੁਨਿਕ ਫੇਕੋ ਮਸ਼ੀਨ ਸਥਾਪਿਤ ਕੀਤੀ ਗਈ ਹੈ। ਇਸ ਮਸ਼ੀਨ ਦਾ ਉਦਘਾਟਨ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਵੱਲੋਂ ਰੀਬਨ ਕੱਟ ਕੇ ਕੀਤਾ ਗਿਆ। ਇਸ ਮੌਕੇ ਵਿਧਾਇਕ ਵੱਲੋਂ ਲੋਕਾਂ ਨੂੰ 10 ਲੱਖ ਰੁਪਏ ਤੱਕ ਦੇ ਸਿਹਤ ਬੀਮਾ ਕਾਰਡ ਵੀ ਵੰਡੇ ਗਏ। ਫੇਕੋ ਮਸ਼ੀਨ ਦੀ ਸਹੂਲਤ ਸ਼ੁਰੂ ਹੋਣ ਨਾਲ ਇਲਾਕੇ ਦੇ ਲੋਕਾਂ ਨੂੰ ਅੱਖਾਂ ਦੇ ਇਲਾਜ ਅਤੇ ਚਿੱਟੇ ਮੋਤੀਏ ਦੇ ਆਪਰੇਸ਼ਨਾਂ ਲਈ ਹੋਰ ਬਿਹਤਰ ਸਿਹਤ ਸੇਵਾਵਾਂ ਮਿਲਣ ਦੀ ਉਮੀਦ ਹੈ। ਇਸ ਮੌਕੇ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਵੱਲੋਂ ਲੋਕਾਂ ਨੂੰ ਸਿਹਤ ਸਹੂਲਤਾਂ ਦਾ ਲਾਭ ਪਹੁੰਚਾਉਣ ਦੇ ਉਦੇਸ਼ ਨਾਲ 10 ਲੱਖ ਰੁਪਏ ਤੱਕ ਦੇ ਸਿਹਤ ਬੀਮਾ ਕਾਰਡ ਵੀ ਵੰਡੇ ਗਏ। ਵਿਧਾਇਕ ਨੇ ਕਿਹਾ ਕਿ ਸਰਕਾਰ ਵੱਲੋਂ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੇ ਨਾਲ-ਨਾਲ ਸਿਹਤ ਬੀਮਾ ਯੋਜਨਾਵਾਂ ਦਾ ਲਾਭ ਵੀ ਯੋਗ ਲਾਭਪਾਤਰੀਆਂ ਤੱਕ ਪਹੁੰਚਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲਿਆਂ ਦਾ ਉਦੇਸ਼ ਲੋਕਾਂ ਨੂੰ ਸਿਹਤ ਸੇਵਾਵਾਂ ਸਬੰਧੀ ਸਹਾਇਤਾ ਪ੍ਰਦਾਨ ਕਰਨਾ ਅਤੇ ਉਨ੍ਹਾਂ ਦੀ ਸਿਹਤ ਸੁਰੱਖਿਆ ਨੂੰ ਮਜ਼ਬੂਤ ਕਰਨਾ ਹੈ। ਇਸ ਮੌਕੇ ਸੀਨੀਅਰ ਮੈਡੀਕਲ ਅਫਸਰ (ਐਸਐਮਓ) ਸੁਖਪ੍ਰੀਤ ਸਿੰਘ ਬਰਾੜ ਨੇ ਦੱਸਿਆ ਕਿ ਸੀਐਚਸੀ ਕੋਟ ਈਸੇ ਖਾਂ ਵਿਖੇ ਅੱਖਾਂ ਦੀ ਮਾਹਿਰ ਡਾਕਟਰ ਮਨਿੰਦਰ ਕੌਰ ਵੱਲੋਂ ਪਹਿਲਾਂ ਹੀ ਮਰੀਜ਼ਾਂ ਨੂੰ ਬਿਹਤਰ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਹੁਣ ਫੇਕੋ ਮਸ਼ੀਨ ਦੀ ਉਪਲਬਧਤਾ ਨਾਲ ਚਿੱਟੇ ਮੋਤੀਏ ਸਮੇਤ ਅੱਖਾਂ ਦੇ ਵੱਖ-ਵੱਖ ਆਪਰੇਸ਼ਨਾਂ ਨੂੰ ਆਧੁਨਿਕ ਤਕਨੀਕ ਰਾਹੀਂ ਕਰਨ ਵਿੱਚ ਸਹਾਇਤਾ ਮਿਲੇਗੀ। ਇਸ ਮੌਕੇ ਐਸਡੀਐਮ ਗੁਰਵਿੰਦਰ ਸਿੰਘ ਜੌਹਲ ਨੇ ਵੀ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ ਲਈ ਕੀਤੇ ਜਾ ਰਹੇ ਸਰਕਾਰੀ ਉਪਰਾਲਿਆਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਸਰਕਾਰ ਵੱਲੋਂ ਵੱਖ-ਵੱਖ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ। ਇਸ ਮੌਕੇ ਅੱਖਾਂ ਦੀ ਮਾਹਿਰ ਡਾਕਟਰ ਮਨਿੰਦਰ ਕੌਰ ਨੇ ਫੇਕੋ ਮਸ਼ੀਨ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਆਧੁਨਿਕ ਤਕਨੀਕ 'ਤੇ ਆਧਾਰਿਤ ਮਸ਼ੀਨ ਹੈ, ਜੋ ਚਿੱਟੇ ਮੋਤੀਏ ਦੇ ਆਪਰੇਸ਼ਨਾਂ ਵਿੱਚ ਸਹਾਇਕ ਸਾਬਤ ਹੋਵੇਗੀ। ਉਨ੍ਹਾਂ ਕਿਹਾ ਕਿ ਸੀਐਚਸੀ ਕੋਟ ਈਸੇ ਖਾਂ ਵਿਖੇ ਪਹਿਲਾਂ ਵੀ ਮਰੀਜ਼ਾਂ ਨੂੰ ਅੱਖਾਂ ਨਾਲ ਸਬੰਧਤ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ, ਪਰ ਹੁਣ ਫੇਕੋ ਮਸ਼ੀਨ ਦੀ ਸਹੂਲਤ ਮਿਲਣ ਨਾਲ ਚਿੱਟੇ ਮੋਤੀਏ ਆਦਿ ਦੇ ਆਪਰੇਸ਼ਨਾਂ ਨੂੰ ਆਧੁਨਿਕ ਢੰਗ ਨਾਲ ਕਰਨ ਦੀ ਸਮਰੱਥਾ ਵਿੱਚ ਵਾਧਾ ਹੋਵੇਗਾ। ਇਸ ਮੌਕੇ ਆਮ ਆਦਮੀ ਪਾਰਟੀ ਦੇ ਆਗੂ ਵਿਜੇ ਧੀਰ, ਪ੍ਰਧਾਨ ਸਚਿਨ ਧੀਰ, ਐਮਸੀ ਬਿਕਰਮਜੀਤ ਸ਼ਰਮਾ, ਐਮਸੀ ਮੁਕੇਸ਼ ਕੁਮਾਰ, ਐਮਸੀ ਛਿੰਦੇ ਭੱਟੀ, ਐਮਸੀ ਸੁੱਚਾ ਸਿੰਘ ਪੁਰਬਾ ਅਤੇ ਆਪ ਆਗੂ ਪ੍ਰਿਸ ਸਦਿਓੜਾ ਤੋਂ ਇਲਾਵਾ ਹੋਰ ਪਤਵੰਤੇ, ਸਿਹਤ ਵਿਭਾਗ ਦੇ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਰਹੇ।

27 ਨੂੰ ਭੁੱਚੋ ਮੰਡੀ ਦੇ ਵਿਧਾਇਕ ਦੀ ਰਿਹਾਇਸ਼ ਦਾ ਘਿਰਾਓ ਕਰਨ ਦਾ ਐਲਾਨ

ਭੁੱਚੋ ਮੰਡੀ, 25 ਸਤੰਬਰ (ਚਰਨਜੀਤ ਖੁਰਮੀ): 'ਸਾਡਾ ਹੱਕ ਮੁਹਿੰਮ' ਵੱਲੋਂ 27 ਸਤੰਬਰ ਦਿਨ ਐਤਵਾਰ ਨੂੰ ਰਿਜ਼ਰਵ ਵਿਧਾਨ ਸਭਾ ਹਲਕਾ ਭੁੱਚੋ ਮੰਡੀ ਦੇ ਵਿਧਾਇਕ ਦੀ ਰਿਹਾਇਸ਼ ਦਾ ਘਿਰਾਓ ਕਰਨ ਦਾ ਐਲਾਨ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾ. ਦਲਜੀਤ ਸਿੰਘ ਚੌਹਾਨ ਨੇ ਕਿਹਾ ਕਿ ਰੈਲੀ ਦੌਰਾਨ ਵਿਧਾਇਕ ਤੋਂ ਅਨੁਸੂਚਿਤ ਜਾਤੀਆਂ ਅਤੇ ਸਮਾਜ ਦੇ ਹੋਰ ਲੋਕਾਂ ਨਾਲ ਸਬੰਧਿਤ ਮੁੱਦਿਆਂ ਬਾਰੇ ਸਵਾਲ ਕੀਤੇ ਜਾਣਗੇ ਅਤੇ ਵਿਧਾਨ ਸਭਾ ਵਿੱਚ ਉਠਾਏ ਗਏ ਮੁੱਦਿਆਂ ਦਾ ਵੇਰਵਾ ਮੰਗਿਆ ਜਾਵੇਗਾ। ਡਾ. ਚੌਹਾਨ ਨੇ ਕਿਹਾ ਕਿ ਪੰਜਾਬ ਵਿੱਚ ਰਿਜ਼ਰਵ ਹਲਕਿਆਂ ਤੋਂ 34 ਵਿਧਾਇਕ ਚੁਣ ਕੇ ਵਿਧਾਨ ਸਭਾ ਵਿੱਚ ਪਹੁੰਚੇ ਹਨ। ਡਾ. ਚੌਹਾਨ ਨੇ ਭੁੱਚੋ ਮੰਡੀ ਹਲਕੇ ਦੇ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਵੱਡੀ ਗਿਣਤੀ ਵਿੱਚ ਰੈਲੀ ਵਿੱਚ ਪਹੁੰਚਣ ਅਤੇ ਆਪਣੇ ਹੱਕਾਂ ਤੇ ਮੁੱਦਿਆਂ ਪ੍ਰਤੀ ਜਾਗਰੂਕਤਾ ਦਾ ਪ੍ਰਗਟਾਵਾ ਕਰਨ। ਉਨ੍ਹਾਂ ਕਿਹਾ ਕਿ ਇਹ ਮੁਹਿੰਮ ਕਿਸੇ ਇੱਕ ਜਾਤੀ ਤੱਕ ਸੀਮਤ ਨਹੀਂ ਹੈ, ਸਗੋਂ ਪੰਜਾਬ ਦੀਆਂ ਸਾਰੀਆਂ ਅਨੁਸੂਚਿਤ ਜਾਤੀਆਂ ਨਾਲ ਸਬੰਧਿਤ ਲੋਕਾਂ ਨੂੰ ਇੱਕ ਮੰਚ 'ਤੇ ਇਕੱਠਾ ਕਰਨ ਦਾ ਉਪਰਾਲਾ ਹੈ। ਡਾ. ਚੌਹਾਨ ਨੇ ਕਿਹਾ ਕਿ ਪੰਜਾਬ ਦੀ ਨੌਜਵਾਨੀ ਅਤੇ ਧਰਤੀ ਨੂੰ ਬਚਾਉਣਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਕਾਰਨ ਪਰਿਵਾਰਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਇਸ ਸਮਾਜਿਕ ਬੁਰਾਈ ਦੇ ਖਾਤਮੇ ਲਈ ਸਰਕਾਰ ਦੇ ਨਾਲ-ਨਾਲ ਸਮਾਜ ਨੂੰ ਵੀ ਆਪਣੀ ਭੂਮਿਕਾ ਨਿਭਾਉਣੀ ਚਾਹੀਦੀ ਹੈ। ਉਨ੍ਹਾਂ ਸਾਰੀਆਂ ਅਨੁਸੂਚਿਤ ਜਾਤੀਆਂ ਨਾਲ ਸਬੰਧਿਤ ਜਥੇਬੰਦੀਆਂ, ਆਗੂਆਂ ਅਤੇ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ ਆਪਸੀ ਮਤਭੇਦਾਂ ਤੋਂ ਉੱਪਰ ਉੱਠ ਕੇ ਇੱਕਜੁੱਟ ਹੋਣ ਅਤੇ ਆਪਣੇ ਹੱਕਾਂ ਤੇ ਸਮਾਜਿਕ ਮੁੱਦਿਆਂ ਲਈ ਲੋਕਤੰਤਰੀ ਢੰਗ ਨਾਲ ਆਵਾਜ਼ ਬੁਲੰਦ ਕਰਨ। ਉਨ੍ਹਾਂ ਕਿਹਾ ਕਿ 27 ਸਤੰਬਰ ਦੀ ਰੈਲੀ ਇਸੇ ਦਿਸ਼ਾ ਵਿੱਚ ਇੱਕ ਅਹਿਮ ਕਦਮ ਹੋਵੇਗੀ।

ਪੰਡਿਤ ਦੀਨਦਿਆਲ ਉਪਾਧਿਆਏ ਗੰਭੀਰ ਦਾਰਸ਼ਨਿਕ ਅਤੇ ਡੂੰਘੇ ਚਿੰਤਕ ਹੋਣ ਦੇ ਨਾਲ-ਨਾਲ ਸਮਰਪਿਤ ਸੰਗਠਨਕਰਤਾ ਤੇ ਆਗੂ ਸਨ : ਡਾ. ਸੀਮਾਂਤ ਗਰਗ

ਮੋਗਾ, 25 ਸਤੰਬਰ (ਜਗਰਾਜ ਸਿੰਘ ਸੰਘਾ): ਪੰਡਿਤ ਦੀਨਦਿਆਲ ਉਪਾਧਿਆਏ ਮਹਾਨ ਭਾਰਤੀ ਰਾਜਨੇਤਾ, ਦਾਰਸ਼ਨਿਕ, ਸਮਾਜ-ਸ਼ਾਸਤਰੀ ਅਤੇ ਭਾਰਤੀ ਜਨਸੰਘ ਦੇ ਪ੍ਰਮੁੱਖ ਸੰਸਥਾਪਕ ਆਗੂਆਂ ਵਿੱਚੋਂ ਇੱਕ ਸਨ। ਉਨ੍ਹਾਂ ਨੂੰ ਭਾਰਤੀ ਜਨਤਾ ਪਾਰਟੀ ਦਾ ਵਿਚਾਰਕ ਮਾਰਗਦਰਸ਼ਕ ਅਤੇ ਨੈਤਿਕ ਪ੍ਰੇਰਣਾ ਸਰੋਤ ਮੰਨਿਆ ਜਾਂਦਾ ਹੈ। ਉਹ ਇੱਕ ਗੰਭੀਰ ਦਾਰਸ਼ਨਿਕ ਅਤੇ ਡੂੰਘੇ ਚਿੰਤਕ ਹੋਣ ਦੇ ਨਾਲ-ਨਾਲ ਸਮਰਪਿਤ ਸੰਗਠਨਕਰਤਾ ਅਤੇ ਆਗੂ ਸਨ, ਜਿਨ੍ਹਾਂ ਨੇ ਜਨਤਕ ਜੀਵਨ ਵਿੱਚ ਵਿਅਕਤੀਗਤ ਸ਼ੁਚਿਤਾ ਅਤੇ ਗਰਿਮਾ ਦੇ ਉੱਚ ਮਾਪਦੰਡ ਸਥਾਪਿਤ ਕੀਤੇ। ਇਹ ਵਿਚਾਰ ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਨੇ ਪੁਰਾਣੀ ਦਾਣਾ ਮੰਡੀ ਸਥਿਤ ਭਾਜਪਾ ਦਫ਼ਤਰ ਵਿਖੇ ਪੰਡਿਤ ਦੀਨਦਿਆਲ ਉਪਾਧਿਆਏ ਦੀ ਯਾਦ ਵਿੱਚ ਉਨ੍ਹਾਂ ਦੇ ਚਿੱਤਰ 'ਤੇ ਫੁੱਲ ਅਰਪਿਤ ਕਰਨ ਮੌਕੇ ਪ੍ਰਗਟ ਕੀਤੇ। ਡਾ. ਗਰਗ ਨੇ ਕਿਹਾ ਕਿ ਪੰਡਿਤ ਦੀਨਦਿਆਲ ਉਪਾਧਿਆਏ ਦਾ ਮੁੱਖ ਰਾਜਨੀਤਿਕ ਅਤੇ ਆਰਥਿਕ ਸਿਧਾਂਤ ਸੀ ਕਿ ਸਮਾਜ, ਪ੍ਰਗਤੀ ਅਤੇ ਮਨੁੱਖ ਵਿਚਕਾਰ ਸੰਤੁਲਨ ਕਾਇਮ ਰਹਿਣਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਪੰਡਿਤ ਦੀਨਦਿਆਲ ਉਪਾਧਿਆਏ ਆਪਣੇ ਮਿੱਤਰ ਸ੍ਰੀ ਬਲਵੰਤ ਮਹਾਸ਼ਬਦੇ ਦੀ ਪ੍ਰੇਰਣਾ ਨਾਲ 1937 ਵਿੱਚ ਰਾਸ਼ਟਰੀ ਸਵੈਸੇਵਕ ਸੰਘ ਨਾਲ ਜੁੜੇ ਅਤੇ ਬਾਅਦ ਵਿੱਚ ਪੂਰਨਕਾਲਿਕ ਤੌਰ 'ਤੇ ਸੰਘ ਨੂੰ ਸਮਰਪਿਤ ਹੋ ਗਏ। ਸੰਗਠਨਕਰਤਾ ਵਜੋਂ ਉਹ ਉੱਤਰ ਪ੍ਰਦੇਸ਼ ਦੇ ਲਖੀਮਪੁਰ ਜ਼ਿਲ੍ਹੇ ਵਿੱਚ ਕਾਰਜਰਤ ਰਹੇ ਅਤੇ 1955 ਵਿੱਚ ਉੱਤਰ ਪ੍ਰਦੇਸ਼ ਦੇ ਪ੍ਰਾਂਤ ਪ੍ਰਚਾਰਕ ਬਣੇ। ਡਾ. ਗਰਗ ਨੇ ਕਿਹਾ ਕਿ 1950 ਵਿੱਚ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਨੇ ਪ੍ਰਧਾਨ ਮੰਤਰੀ ਜਵਾਹਰਲਾਲ ਨਹਿਰੂ ਦੀ ਕੈਬਨਿਟ ਤੋਂ ਅਸਤੀਫ਼ਾ ਦੇਣ ਤੋਂ ਬਾਅਦ ਦੇਸ਼ ਵਿੱਚ ਇੱਕ ਵਿਕਲਪਕ ਰਾਜਨੀਤਿਕ ਮੰਚ ਕਾਇਮ ਕਰਨ ਲਈ ਸ੍ਰੀ ਗੁਰੂ ਗੋਲਵਾਲਕਰ ਜੀ ਤੋਂ ਆਦਰਸ਼ਵਾਦੀ ਅਤੇ ਦੇਸ਼ਭਗਤ ਨੌਜਵਾਨਾਂ ਦੀ ਸਹਾਇਤਾ ਮੰਗੀ। ਇਸ ਰਾਜਨੀਤਿਕ ਘਟਨਾਕ੍ਰਮ ਵਿੱਚ ਪੰਡਿਤ ਦੀਨਦਿਆਲ ਉਪਾਧਿਆਏ ਨੇ ਮਹੱਤਵਪੂਰਨ ਭੂਮਿਕਾ ਨਿਭਾਈ। 21 ਸਤੰਬਰ 1951 ਨੂੰ ਉਨ੍ਹਾਂ ਨੇ ਅਕਤੂਬਰ 1951 ਨੂੰ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਨੇ ਭਾਰਤੀ ਜਨਸੰਘ ਦੇ ਪਹਿਲੇ ਅਖਿਲ ਭਾਰਤੀ ਸੰਮੇਲਨ ਦੀ ਪ੍ਰਧਾਨਗੀ ਕੀਤੀ। ਪੰਡਿਤ ਦੀਨਦਿਆਲ ਉਪਾਧਿਆਏ ਵਿੱਚ ਸੰਗਠਨ ਚਲਾਉਣ ਦੀ ਅਦਭੁਤ ਸਮਰੱਥਾ ਸੀ। 1968 ਵਿੱਚ ਉਨ੍ਹਾਂ ਨੂੰ ਭਾਰਤੀ ਜਨਸੰਘ ਦੇ ਰਾਸ਼ਟਰੀ ਪ੍ਰਧਾਨ ਦੇ ਅਹੁਦੇ 'ਤੇ ਨਿਯੁਕਤ ਕੀਤਾ ਗਿਆ ਇਸ ਮੌਕੇ ਸਾਬਕਾ ਮੰਡਲ ਪ੍ਰਧਾਨ ਅਮਿਤ ਗੁਪਤਾ, ਸ਼ਸ਼ੀਕਾਂਤ ਪਾਂਡੇ, ਪ੍ਰਵਾਸੀ ਸੈੱਲ ਦੇ ਇੰਚਾਰਜ ਵਿਜੇ ਮਿਸ਼ਰਾ, 'ਮਨ ਕੀ ਬਾਤ' ਦੇ ਪ੍ਰਭਾਰੀ ਕਮਲ ਘਾਰੂ, ਸਾਬਕਾ ਆਈ.ਟੀ. ਸੈੱਲ ਇੰਚਾਰਜ ਮੁਕੇਸ਼ ਕੁਮਾਰ ਸ਼ਰਮਾ, ਸੋਨੀ ਮੰਗਲਾ, ਭੁਪਿੰਦਰ ਹੈਪੀ, ਜਤਿੰਦਰ ਚੱਢਾ, ਤਰਸੇਮ ਕੁਮਾਰ ਜੈਡ, ਪਵਨ ਗਰਗ, ਵਰਿੰਦਰ ਕੁਮਾਰ, ਸੰਦੀਪ ਮੰਗਲਾ, ਤਰਸੇਮ ਲਾਲ, ਸੂਰਜ ਅਗਰਵਾਲ, ਮੁਕੇਸ਼ ਕੁਮਾਰ, ਰਾਜੀਵ, ਚਮਨ ਲਾਲ ਖੁਰਾਣਾ, ਓਂਕਾਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਭਾਜਪਾ ਆਗੂ ਅਤੇ ਵਰਕਰ ਹਾਜ਼ਰ ਸਨ।

ਹਰੀਗੜ ਨਹਿਰ ਵਿੱਚੋਂ ਅਣਪਛਾਤੀ ਲੜਕੀ ਦੀ ਲਾਸ਼ ਮਿਲੀ

ਰਾਮਪੁਰਾ ਫੂਲ, 25 ਸਤੰਬਰ (ਕੁਲਜੀਤ ਸਿੰਘ ਢੀਂਗਰਾ/ਸੁਰੇਸ਼ ਗਰਗ): ਸਥਾਨਕ ਸ਼ਹਿਰ ਦੀ ਸਮਾਜ ਸੇਵੀ ਸੰਸਥਾ ਸਹਾਰਾ ਸਮਾਜ ਸੇਵਾ ਰਾਮਪੁਰਾ ਫੂਲ ਤੋਂ 45 ਕਿਲੋਮੀਟਰ ਦਾ ਸਫਰ ਤੈਅ ਕਰਕੇ ਜਿਲਾ ਬਰਨਾਲਾ ਦੇ ਅਧੀਨ ਪੈਂਦੇ ਪਿੰਡ ਕੁੱਬੇ ਦੇ ਵਿੱਚੋਂ ਲੰਘ ਰਹੀ ਹਰੀਗੜ ਨਹਿਰ ਦੇ ਪੁਲ ਨਜ਼ਦੀਕ ਇੱਕ ਨੌਜਵਾਨ ਕੁੜੀ ਦੀ ਅਣਪਛਾਤੀ ਲਾਸ਼ ਦੀ ਸੂਚਨਾ ਮਿਲਣ ਤੇ ਸਹਾਰਾ ਟੀਮ ਘਟਨਾ ਸਥਾਨ ਤੇ ਪਹੁੰਚੀ ਜ਼ਾਣਕਾਰੀ ਦਿੰਦੇ ਹੋਏ ਸਹਾਰਾ ਸਮਾਜ ਸੇਵਾ (ਰਜਿ.) ਰਾਮਪੁਰਾ ਫੂਲ ਦੇ ਪੰਜਾਬ ਪ੍ਰਧਾਨ ਸੰਦੀਪ ਵਰਮਾ ਨੇ ਦੱਸਿਆ ਕਿ ਸਾਡੇ ਸਹਾਰਾ ਕੰਟਰੋਲ ਰੂਮ ਨੂੰ ਇਤਲਾਅ ਮਿਲੀ ਕਿ ਨਹਿਰ ਵਿੱਚ ਇੱਕ ਨੌਜਵਾਨ ਕੁੜੀ ਦੀ ਲਾਸ਼ ਪੁੱਲ ਦੇ ਨਜ਼ਦੀਕ ਪਈ ਹੈ। ਸਾਡੀ ਸੰਸਥਾ ਵੱਲੋਂ ਇਸ ਦੀ ਸੂਚਨਾ ਪੁਲਿਸ ਕੰਟਰੋਲ ਰੂਮ ਬਰਨਾਲਾ ਨੂੰ ਅਤੇ ਥਾਣਾ ਧਨੌਲਾ ਨੂੰ ਦਿੱਤੀ ਗਈ। ਬਿਨਾਂ ਕਿਸੇ ਦੇਰੀ ਤੋਂ ਸਹਾਰਾ ਦੇ ਵਾਈਸ ਪ੍ਰਧਾਨ ਸੁਖਦੇਵ ਸਿੰਘ, ਜਨਰਲ ਸੈਕਟਰੀ ਕੇਵਲ ਸਿੰਘ, ਵਿਸ਼ੇਸ਼

ਰਾਜਪਾਲ ਨੇ ਨੇਪਾਲ 'ਚ 1.40 ਕਰੋੜ ਦੀ ਰਾਹਤ ਸਮੱਗਰੀ ਲੈ ਕੇ ਜਾਣ ਵਾਲੇ ਟਰੱਕਾਂ ਨੂੰ ਰਵਾਨਾ ਕੀਤਾ

ਚੰਡੀਗੜ੍ਹ, 25 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ): ਨੇਪਾਲ ਵਿੱਚ ਭਿਆਨਕ ਹੜ੍ਹਾਂ ਨਾਲ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਪੰਜਾਬ ਸਟੇਟ ਰੈਂਡ ਕਰਾਸ ਵੱਲੋਂ ਸ਼ੁਰੂ ਕੀਤੀ ਗਈ ਮਾਨਵਤਾਵਾਦੀ ਸਹਾਇਤਾ ਮੁਹਿੰਮ ਦੇ ਹਿੱਸੇ ਵਜੋਂ, ਅੱਜ ਰਾਹਤ ਸਮੱਗਰੀ ਦੀ ਹੁਣ ਤੱਕ ਦੀ ਸਭ ਤੋਂ ਵੱਡੀ ਅਤੇ ਤੀਜੀ ਖੇਪ ਰਵਾਨਾ ਕੀਤੀ ਗਈ। ਇਹ ਉਪਰਾਲਾ ਨੇਪਾਲ ਦੇ ਲੋਕਾਂ ਨਾਲ ਏਕਤਾ ਅਤੇ ਸਹਿਯੋਗ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਦਾ ਹੈ। ਪੰਜਾਬ ਦੇ ਰਾਜਪਾਲ ਅਤੇ ਪੰਜਾਬ ਸਟੇਟ ਰੈਂਡ ਕਰਾਸ ਦੇ ਪ੍ਰਧਾਨ, ਸ੍ਰੀ ਗੁਲਾਬ ਚੰਦ ਕਟਾਰੀਆ ਨੇ ਪੰਜਾਬ ਲੋਕ ਭਵਨ, ਚੰਡੀਗੜ੍ਹ ਤੋਂ ਲਗਭਗ 52 ਟਨ ਜ਼ਰੂਰੀ ਰਾਹਤ ਸਮੱਗਰੀ ਨਾਲ ਲੱਦੇ ਸੱਤ ਵੱਡੇ ਟਰੱਕਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਰਾਹਤ ਸਮੱਗਰੀ ਦੀ ਕੀਮਤ 1.40 ਕਰੋੜ ਰੁਪਏ ਤੋਂ ਵੱਧ ਹੈ। ਇਹ ਰਾਹਤ ਸਮੱਗਰੀ ਐਮਾਜ਼ਾਨ (Amazon) ਵੱਲੋਂ ਮੁਹੱਈਆ ਕਰਵਾਈ ਗਈ ਹੈ। ਇਸ ਮੌਕੇ ਐਮਾਜ਼ਾਨ ਅਤੇ ਡੋਨੇਟਕਾਰਟ ਫਾਊਂਡੇਸ਼ਨ (Donatekart Foundation) ਦੇ ਨੁਮਾਇੰਦਿਆਂ ਦੇ ਨਾਲ-ਨਾਲ ਪੰਜਾਬ ਸਟੇਟ ਰੈਂਡ ਕਰਾਸ ਦੇ ਸਕੱਤਰ ਸ੍ਰੀ ਸ਼ਿਵਦੁਲਾਰ ਸਿੰਘ ਢਿੱਲੋਂ ਵੀ ਮੌਜੂਦ ਸਨ। ਰਾਹਤ ਸਮੱਗਰੀ ਵਿੱਚ ਜਨਰੇਟਰ ਸੈੱਟ, ਕੰਬਲ, ਤਰਪਾਲਾਂ, ਸੋਲਰ ਲਾਈਟਾਂ ਅਤੇ ਹੋਰ ਜ਼ਰੂਰੀ ਐਮਰਜੈਂਸੀ ਸਮਾਨ ਸ਼ਾਮਲ ਹੈ। ਸ੍ਰੀ ਕਟਾਰੀਆ ਨੇ ਦੱਸਿਆ ਕਿ ਇਹ ਸਮੱਗਰੀ ਨੇਪਾਲ ਰੈਂਡ ਕਰਾਸ ਸੁਸਾਇਟੀ ਵੱਲੋਂ ਸਾਂਝੀ ਕੀਤੀ ਗਈ ਲੋੜਾਂ ਦੀ ਸੂਚੀ ਦੇ ਆਧਾਰ 'ਤੇ ਪ੍ਰਾਪਤ ਕੀਤੀ ਗਈ ਸੀ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਹੜ੍ਹ-ਪ੍ਰਭਾਵਿਤ ਲੋਕਾਂ ਦੀਆਂ ਤੁਰੰਤ ਲੋੜਾਂ ਪੂਰੀਆਂ ਹੋ ਸਕਣ। ਪੰਜਾਬ ਸਟੇਟ ਰੈਂਡ ਕਰਾਸ ਵੱਲੋਂ ਨੇਪਾਲ ਭੇਜੀ ਜਾਣ ਵਾਲੀ ਇਹ ਰਾਹਤ ਸਮੱਗਰੀ ਦੀ ਤੀਜੀ ਵੱਡੀ ਖੇਪ ਹੈ। ਪਹਿਲੀ ਖੇਪ 1 ਸਤੰਬਰ ਨੂੰ ਰਵਾਨਾ ਕੀਤੀ ਗਈ ਸੀ, ਜਿਸ ਵਿੱਚ ਤਿੰਨ ਟਰੱਕਾਂ ਰਾਹੀਂ ਤਿਆਰ-ਖਾਣਯੋਗ ਭੋਜਨ, ਰਾਸ਼ਨ, ਕੱਪੜੇ ਅਤੇ ਹੋਰ ਜ਼ਰੂਰੀ ਰਾਹਤ ਸਮਾਨ ਭੇਜਿਆ ਗਿਆ ਸੀ, ਜਿਸ ਦੀ ਕੀਮਤ 10 ਲੱਖ ਰੁਪਏ ਤੋਂ ਵੱਧ ਸੀ। ਇਸ ਤੋਂ ਬਾਅਦ, 18 ਸਤੰਬਰ ਨੂੰ ਦੂਜੀ ਖੇਪ ਭੇਜੀ ਗਈ ਸੀ, ਜਿਸ ਵਿੱਚ ਲਗਭਗ 38 ਲੱਖ ਰੁਪਏ ਦੀ ਜ਼ਰੂਰੀ ਰਾਹਤ ਸਮੱਗਰੀ ਸ਼ਾਮਲ ਸੀ। ਰਾਜਪਾਲ ਨੇ ਇਸ ਰਾਹਤ ਉਪਰਾਲੇ ਨਾਲ ਪੈਦਾ ਹੋਏ ਸਥਾਨਕ ਆਰਥਿਕ ਲਾਭਾਂ 'ਤੇ ਵੀ ਚਾਨਣਾ ਪਾਇਆ। ਐਮਾਜ਼ਾਨ ਵੱਲੋਂ ਮੁਹੱਈਆ ਕਰਵਾਈ ਗਈ ਰਾਹਤ ਸਮੱਗਰੀ ਪੰਜਾਬ ਅਤੇ ਚੰਡੀਗੜ੍ਹ ਖੇਤਰ ਵਿੱਚੋਂ ਹੀ ਖਰੀਦੀ ਗਈ ਸੀ। ਰਾਹਤ ਸਮੱਗਰੀ ਦੀ ਇਹ ਖੇਪ ਨੇਪਾਲ ਵਿੱਚ ਆਏ ਅਚਾਨਕ ਹੜ੍ਹਾਂ ਦੇ ਸੰਕਟ ਦੌਰਾਨ ਪੰਜਾਬ ਵੱਲੋਂ ਕੀਤੇ ਗਏ ਇੱਕ ਹੋਰ ਅਹਿਮ ਮਾਨਵਤਾਵਾਦੀ ਉਪਰਾਲੇ ਨੂੰ ਦਰਸਾਉਂਦੀ ਹੈ। ਇਹ ਹਮਦਰਦੀ, ਸਹਿਯੋਗ ਅਤੇ ਸੇਵਾ ਦੀ ਭਾਵਨਾ ਨੂੰ ਸਾਕਾਰ ਕਰਦੀ ਹੈ, ਜੋ ਕਿ ਰੈਂਡ ਕਰਾਸ ਲਹਿਰ ਦੇ ਮੂਲ ਸਿਧਾਂਤ ਹਨ।

ਸਿਵਲ ਹਸਪਤਾਲ ਮੋਹਾਲੀ ਅਤੇ ਏਮਜ਼ ਬਠਿੰਡਾ ਹੀ ਯੈਲੋ ਫ਼ੀਵਰ ਟੀਕਾਕਰਨ ਲਈ ਮਾਨਤਾ ਪ੍ਰਾਪਤ ਕੇਂਦਰ: ਜ਼ਿਲ੍ਹਾ ਸਿਹਤ ਵਿਭਾਗ

ਸ਼ਸ਼ੀ ਪਾਲ ਜੈਨ

ਮੋਹਾਲੀ, 25 ਸਤੰਬਰ : ਜ਼ਿਲ੍ਹਾ ਸਿਹਤ ਵਿਭਾਗ ਨੇ ਜਿ ਼ਲ੍ਹਾ ਵਾਸੀਆਂ ਨਾਲ ਜਾਣਕਾਰੀ ਸਾਂਝੀ ਕਰਦਿਆਂ ਦਸਿਆ ਹੈ ਕਿ ਯੈਲੋ ਫ਼ੀਵਰ ਤੋਂ ਬਚਾਅ ਲਈ ਪੰਜਾਬ ਭਰ ਵਿਚ ਸਿਰਫ਼ ਸਿਵਲ ਹਸਪਤਾਲ ਮੋਹਾਲੀ ਅਤੇ ਏਮਜ਼ ਹਸਪਤਾਲ ਬਠਿੰਡਾ ਹੀ ਭਾਰਤ ਸਰਕਾਰ ਤੋਂ ਮਾਨਤਾ ਪ੍ਰਾਪਤ ਟੀਕਾਕਰਨ ਕੇਂਦਰ ਹਨ। ਇਨ੍ਹਾਂ ਦੋਹਾਂ ਤੋਂ ਬਿਨਾਂ ਪੰਜਾਬ ਦਾ ਕੋਈ ਵੀ ਸਰਕਾਰੀ ਜਾਂ ਪ੍ਰਾਈਵੇਟ ਹਸਪਤਾਲ ਯੈਲੋ ਫ਼ੀਵਰ ਲਈ ਭਾਰਤ ਸਰਕਾਰ ਤੋਂ ਮਾਨਤਾ ਪ੍ਰਾਪਤ ਟੀਕਾਕਰਨ ਕੇਂਦਰ ਨਹੀਂ ਹੈ। ਇਥੇ ਜਾਰੀ ਪ੍ਰੈਸ ਨੋਟ ਰਾਹੀਂ ਸਿਵਲ ਸਰਜਨ ਡਾ. ਸੰਗੀਤਾ ਜੈਨ ਅਤੇ ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਗਿਰੀਸ਼ ਡੋਗਰਾ ਜਿਹੜੇ ਯੈਲੋ ਫ਼ੀਵਰ ਨੋਡਲ ਅਫ਼ਸਰ ਵੀ ਹਨ, ਨੇ ਸਪੱਸ਼ਟ ਕੀਤਾ ਕਿ ਪੰਜਾਬ ਵਿਚ ਕਿਸੇ ਵੀ ਪ੍ਰਾਈਵੇਟ ਹਸਪਤਾਲ ਕੋਲ ਯੈਲੋ ਫ਼ੀਵਰ ਟੀਕਾਕਰਨ ਲਈ ਭਾਰਤ ਸਰਕਾਰ ਦੀ ਪ੍ਰਵਾਨਗੀ ਹਾਸਲ ਨਹੀਂ ਹੈ, ਇਸ ਲਈ ਲੋੜਵੰਦ ਵਿਅਕਤੀਆਂ ਨੂੰ ਨਿੱਜੀ ਹਸਪਤਾਲਾਂ ਵਿਚ ਇਹ ਟੀਕਾਕਰਨ ਨਹੀਂ ਕਰਵਾਉਣਾ ਚਾਹੀਦਾ। ਉਨ੍ਹਾਂ ਦਸਿਆ ਕਿ ਸਿਵਲ ਹਸਪਤਾਲ ਮੋਹਾਲੀ ਵਿਖੇ ਹਰ ਸੋਮਵਾਰ, ਮੰਗਲਵਾਰ ਅਤੇ ਸ਼ੁੱਕਰਵਾਰ ਨੂੰ ਇਹ ਟੀਕਾ ਲਗਦਾ ਹੈ ਜਿ ਼ਕਰਯੋਗ ਹੈ ਕਿ ਕੁੱਝ ਦੇਸ਼ਾਂ ਵਿਚ ਦਾਖ਼ਲੇ ਲਈ ਯੈਲੋ ਫ਼ੀਵਰ ਟੀਕਾਕਰਨ ਦਾ ਸਰਟੀਫ਼ੀਕੇਟ ਪੇਸ਼ ਕਰਨਾ ਲਾਜ਼ਮੀ ਹੈ। ਸਿਹਤ ਅਧਿਕਾਰੀਆਂ ਨੇ ਕਿਹਾ ਕਿ ਸਿਵਲ ਹਸਪਤਾਲ, ਮੋਹਾਲੀ ਵਿਖੇ ਯੈਲੋ ਫੀਵਰ ਟੀਕਾਕਰਨ ਲਈ ਆਉਣ ਵਾਲੇ ਵਿਅਕਤੀ ਆਪਣਾ ਅਸਲ ਪਾਸਪੋਰਟ ਅਤੇ ਲੋੜੀਂਦੇ ਦਸਤਾਵੇਜ਼ ਨਾਲ ਲੈ ਕੇ ਆਉਣ। ਯੈਲੋ ਫ਼ੀਵਰ ਵਾਇਰਲ ਬੀਮਾਰੀ ਹੈ ਜੋ ਮੱਛਰਾਂ ਦੁਆਰਾ ਫੈਲਦੀ ਹੈ ਅਤੇ ਜੇਕਰ ਸਹੀ ਤਰੀਕੇ ਨਾਲ ਇਲਾਜ ਨਾ ਕਰਵਾਇਆ ਜਾਵੇ ਤਾਂ ਇਹ ਘਾਤਕ ਵੀ ਹੋ ਸਕਦੀ ਹੈ।

ਏ.ਪੀ.ਜੇ. ਪਬਲਿਕ ਸਕੂਲ ਵਿੱਚ ਖੂਨਦਾਨ ਦੀ ਮਹੱਤਤਾ ਬਾਰੇ ਜਾਗਰੂਕਤਾ ਗਤੀਵਿਧੀਆਂ ਦਾ ਆਯੋਜਨ

ਸ਼ਸ਼ੀ ਪਾਲ ਜੈਨ

ਖਰੜ, 25 ਸਤੰਬਰ: ਏ.ਪੀ.ਜੇ. ਪਬਲਿਕ ਸਕੂਲ, ਮੁੰਡੀ ਖਰੜ ਵਿਖੇ ਖੂਨਦਾਨ ਜਾਗਰੂਕਤਾ ਹਫ਼ਤੇ ਤਹਿਤ ਵਿਦਿਆਰਥੀਆਂ ਵਿੱਚ ਖੂਨਦਾਨ ਦੀ ਮਹੱਤਤਾ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ। ਇਸ ਪਹਿਲ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਖੂਨਦਾਨ ਦੀ ਮਹੱਤਤਾ ਅਤੇ ਇਸ ਦੇ ਜੀਵਨ ਬਚਾਉਣ ਵਾਲੇ ਮਹੱਤਵ ਤੋਂ ਜਾਣੂ ਕਰਵਾਉਣਾ ਅਤੇ ਉਨਾਂ ਵਿੱਚ ਹਮਦਰਦੀ, ਸਮਾਜਿਕ ਜਿੰਮੇਵਾਰੀ ਅਤੇ ਸੇਵਾ ਭਾਵਨਾ ਦੀ ਭਾਵਨਾ ਪੈਦਾ ਕਰਨਾ ਸੀ। ਸਕੂਲ ਵੱਲੋਂ ਨਰਸਰੀ ਤੋਂ ਯੂ.ਕੇ.ਜੀ.ਤੱਕ ਦੇ ਨੰਨੇ-ਮੁੰਨੇ ਵਿਦਿਆਰਥੀਆਂ ਨੇ ਰੰਗ ਭਰਨ ਦੀ ਗਤੀਵਿਧੀ ਵਿੱਚ ਉਤਸਾਹ ਨਾਲ ਭਾਗ ਲਿਆ। ਕਲਾਸ ਪਹਿਲੀ ਅਤੇ ਦੂਜੀ ਦੇ ਵਿਦਿਆਰਥੀਆਂ ਨੇ ਪੋਸਟਰ ਮੇਕਿੰਗ ਰਾਹੀਂ ਖੂਨਦਾਨ ਦੀ ਮਹੱਤਤਾ ਨੂੰ ਦਰਸਾਉਂਦੇ ਰੰਗ-ਬਿਰੰਗੇ ਅਤੇ ਪ੍ਰਭਾਵਸਾਲੀ ਪੋਸਟਰ ਤਿਆਰ ਕੀਤੇ। ਇਸੇ ਤਰਾਂ ਕਲਾਸ ਤੀਜੀ ਤੋਂ ਪੰਜਵੀਂ ਦੇ ਵਿਦਿਆਰਥੀਆਂ ਨੇ ਸਲੋਗਨ ਲਿਖਣ ਦੀ ਗਤੀਵਿਧੀ ਵਿੱਚ ਭਾਗ ਲੈਂਦਿਆਂ ਮਨੁੱਖਤਾ, ਦਇਆ ਅਤੇ ਖੂਨਦਾਨ ਦੀ ਮਹੱਤਤਾ ਨਾਲ ਸਬੰਧਿਤ ਪ੍ਰਭਾਵਸਾਲੀ ਨਾਅਰੇ ਲਿਖੇ।

'ਗੈਂਗਸਟਰਾਂ 'ਤੇ ਵਾਰ' ਮੁਹਿੰਮ ਦਾ 248ਵਾਂ ਦਿਨ: ਪੰਜਾਬ ਪੁਲਿਸ ਵੱਲੋਂ 578 ਥਾਈਂ ਛਾਪੇਮਾਰੀ; 246 ਕਾਬੂ

ਚੰਡੀਗੜ੍ਹ, 25 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ): ਟ੍ਰੈਫਿਕ 'ਗੈਂਗਸਟਰਾਂ 'ਤੇ ਵਾਰ' ਮੁਹਿੰਮ ਦੇ 248ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਅਤੇ ਮੈਪ ਕੀਤੇ 578 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ ਪੰਜਾਬ ਨੂੰ ਗੈਂਗਸਟਰ-ਮੁਕਤ ਸੂਬਾ ਬਣਾਉਣ ਲਈ 'ਗੈਂਗਸਟਰਾਂ 'ਤੇ ਵਾਰ' ਇੱਕ ਫੈਸਲਾਕੁੰਨ ਜੰਗ ਹੈ, ਜਿਸ ਦੀ ਸ਼ੁਰੂਆਤ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਵੱਲੋਂ 20 ਜਨਵਰੀ, 2026 ਨੂੰ ਕੀਤੀ ਗਈ ਸੀ। ਸਾਰੇ ਜ਼ਿਲ੍ਹਿ ?ਆਂ ਦੀਆਂ ਪੁਲਿਸ ਟੀਮਾਂ, 'ਐਂਟੀ-ਗੈਂਗਸਟਰ ਟਾਸਕ ਫੋਰਸ' (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸੂਬੇ ਭਰ ਵਿੱਚ ਵਿਸ਼ੇਸ਼ ਮੁਹਿੰਮਾਂ ਚਲਾ ਰਹੀਆਂ ਹਨ। 248ਵੇਂ ਦਿਨ, ਪੁਲਿਸ ਟੀਮਾਂ ਨੇ 246 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਲੈ ਕੇ ਹੁਣ ਤੱਕ ਕੁੱਲ ਗ੍ਰਿਫ਼ਤਾਰੀਆਂ ਦੀ ਗਿਣਤੀ 73,661 ਹੋ ਗਈ ਹੈ। ਇਸ ਤੋਂ ਇਲਾਵਾ 197 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ। ਪੁਲਿਸ ਟੀਮਾਂ ਨੇ ਇਸ ਮੁਹਿੰਮ ਦੌਰਾਨ ਪੰਜ ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫ਼ਤਾਰ ਕੀਤਾ ਹੈ। ਲੋਕ, 'ਐਂਟੀ-ਗੈਂਗਸਟਰ ਹੈਲਪਲਾਈਨ ਨੰਬਰ 93946-93946' ਰਾਹੀਂ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਨਾਲ ਸਬੰਧਤ ਜਾਣਕਾਰੀ ਗੁਪਤ ਤੌਰ 'ਤੇ ਦੇ ਸਕਦੇ ਹਨ ਅਤੇ ਅਪਰਾਧ ਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ ਵੀ ਦਿੱਤੀ ਜਾ ਸਕਦੀ ਹੈ। ਇਸ ਦੌਰਾਨ, ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਨੂੰ 573ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 135 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 2.3 ਕਿਲੋ ਹੈਰੋਇਨ, 375 ਨਸ਼ੀਲੀਆਂ ਗੋਲੀਆਂ ਅਤੇ 9,800 ਰੁਪਏ ਡਰੱਗ ਮਨੀ ਬਰਾਮਦ ਕੀਤੀ ਗਈ। ਇਸ ਦੇ ਨਾਲ ਹੀ, ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੀ ਕੁੱਲ ਗਿਣਤੀ ਸਿਰਫ਼ 573 ਦਿਨਾਂ ਵਿੱਚ 80,053 ਤੱਕ ਪਹੁੰਚ ਗਈ ਹੈ। ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਅੱਜ 13 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ-ਵਸੇਬਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

ਬਾਲਾ ਸਾਹਿਬ ਵਿਖੇ ਕੈਂਸਰ ਦੇ ਆਧੁਨਿਕ ਇਲਾਜ ਦੀ ਨਵੀਂ ਸੇਵਾ ਦੀ ਸ਼ੁਰੂਆਤ : ਕਾਲਕਾ ਤੇ ਕਾਹਲੋਂ

ਨਵੀਂ ਦਿੱਲੀ, 25 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਅੱਜ ਇਥੇ ਗੁਰਦੁਆਰਾ ਬਾਲਾ ਸਾਹਿਬ ਕੰਪਲੈਕਸ ਵਿਖੇ ਸਥਿਤ ਗੁਰੂ ਹਰਿਕ੍ਰਿਸ਼ਨ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਿਜ਼ ਵਿਖੇ ਕੈਂਸਰ ਦੇ ਮਰੀਜ਼ਾਂ ਲਈ ਨਵੀਆਂ ਮੈਡੀਕਲ ਸੇਵਾਵਾਂ ਦੀ ਸ਼ਾਨਦਾਰ ਸ਼ੁਰੂਆਤ ਮੌਕੇ ਸ਼ਮੂਲੀਅਤ ਕੀਤੀ। ਇਸ ਮੌਕੇ ਦਿਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦੋਵਾਂ ਆਗੂਆਂ ਨੇ ਕਿਹਾ ਕਿ ਕੈਂਸਰ ਵਰਗੀ ਗੰਭੀਰ ਬਿਮਾਰੀ ਨਾਲ ਜੂਝ ਰਹੇ ਮਰੀਜ਼ਾਂ ਨੂੰ ਆਧੁਨਿਕ, ਮਿਆਰੀ ਅਤੇ ਘੱਟ ਖਰਚੇ ਤੇ ਇਲਾਜ ਦੀਆਂ ਸਹੂਲਤਾਂ ਪ੍ਰਾ ਕਰਵਾਉਣਾ ਮਨੁੱਖਤਾ ਦੀ ਸੇਵਾ ਦਾ ਮਹੱਤਵਪੂਰਨ ਕਾਰਜ ਹੈ। ਉਨ੍ਹਾਂ ਕਿਹਾ ਕਿ ਗੁਰੂ ਹਰਿਕ੍ਰਿਸ਼ਨ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਿਜ਼ ਵਿਖੇ ਕੈਂਸਰ ਕੇਅਰ ਸੇਵਾਵਾਂ ਦੀ ਸ਼ੁਰੂਆਤ ਨਾਲ ਮਰੀਜ਼ਾਂ ਨੂੰ ਇੱਕੋ ਛੱਤ ਹੇਠ ਮਾਹਿਰ ਡਾਕਟਰੀ ਸਲਾਹ ਅਤੇ ਇਲਾਜ ਦੀਆਂ ਬਿਹਤਰ ਸਹੂਲਤਾਂ ਮਿਲਣਗੀਆਂ। ਦੋਵਾਂ ਆਗੂਆਂ ਨੇ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਪ੍ਰਮੁੱਖ ਉਦੇਸ਼ ਹਮੇਸ਼ਾ ਮਨੁੱਖਤਾ ਦੀ ਨਿਸ਼ਕਾਮ ਸੇਵਾ ਕਰਨਾ ਰਿਹਾ ਹੈ ਅਤੇ ਸਿਹਤ ਸੇਵਾਵਾਂ ਦੇ ਖੇਤਰ ਵਿੱਚ ਵੀ ਇਸੇ ਸੇਵਾ-ਭਾਵਨਾ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਭਵਿੱਖ ਵਿੱਚ ਵੀ ਨਿਸ਼ਕਾਮ ਸੇਵਾ, ਹਮਦਰਦੀ ਭਰੀ ਸਿਹਤ ਸੰਭਾਲ ਅਤੇ ਮਰੀਜ਼ਾਂ ਨੂੰ ਸਮੁੱਚੀ ਸਹਾਇਤਾ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਰਹੇਗੀ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਤੋਂ ਪ੍ਰੇਰਿਤ ਹੋ ਕੇ ਮਨੁੱਖਤਾ ਦੀ ਸੇਵਾ ਦੇ ਇਸ ਕਾਰਜ ਨੂੰ ਹੋਰ ਵਿਸ਼ਾਲ ਅਤੇ ਪ੍ਰਭਾਵਸ਼ਾਲੀ ਬਣਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾਣਗੇ।

ਐੱਫਟੀਆਈਆਈ ਦੁਆਰਾ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੇ ਸਹਿਯੋਗ ਨਾਲ ਤਿੰਨ ਦਿਨਾਂ ਫਿਲਮ ਐਪ੍ਰੀਸਿਏਸ਼ਨ ਵਰਕਸ਼ੌਪ ਦਾ ਆਯੋਜਨ

ਚੰਡੀਗੜ੍ਹ, 25 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ): ਫਿਲਮ ਐਂਡ ਟੈਲੀਵਿਜ਼ਨ ਇੰਸਟੀਟਿਊਟ ਆਫ ਇੰਡੀਆ (ਐੱਫਟੀਆਈਆਈ), ਪੁਣੇ ਦੇ ਸੈਂਟਰ ਫੋਰ ਓਪਨ ਲਰਨਿੰਗ (ਸੀਐੱਫਓਐੱਲ) ਦੁਆਰਾ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੇ ਸੈਂਟਰ ਫੋਰ ਮੀਡੀਆ ਸਟਡੀਜ਼ ਦੇ ਸਹਿਯੋਗ ਨਾਲ 7 ਤੋਂ 9 ਅਕਤੂਬਰ, 2026 ਤੱਕ ਤਿੰਨ ਦਿਨਾਂ ਫਿਲਮ ਐਪ੍ਰੀਸਿਏਸ਼ਨ ਵਰਕਸ਼ੌਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਵਰਕਸ਼ੌਪ ਵਿਦਿਆਰਥੀਆਂ, ਫਿਲਮ ਪ੍ਰੇਮੀਆਂ ਅਤੇ ਆਮ ਜਨਤਾ ਦੇ ਉਨ੍ਹਾਂ ਮੈਂਬਰਾਂ ਲਈ ਆਯੋਜਿਤ ਕੀਤਾ ਜਾ ਰਹੀ ਹੈ, ਜੋ ਸਿਨੇਮਾ ਨੂੰ ਇੱਕ ਕਲਾ ਦੇ ਰੂਪ ਵਿੱਚ ਬਿਹਤਰ ਢੰਗ ਨਾਲ ਸਮਝਣਾ ਚਾਹੁੰਦੇ ਹਨ। ਇਹ ਵਰਕਸ਼ੌਪ ਭਾਗੀਦਾਰਾਂ ਨੂੰ ਸਿਨੇਮਾ ਦੇ ਪਿੱਛੇ ਦੀਆਂ ਰਚਨਾਤਮਕ ਪ੍ਰਕਿਰਿਆਵਾਂ ਤੋਂ ਜਾਣੂ ਕਰਵਾਏਗੀ ਅਤੇ ਉਨ੍ਹਾਂ ਨੂੰ ਸਟੋਰੀ ਟੈਲਿੰਗ ਅਤੇ ਮਨੋਰੰਜਨ ਦੇ ਤਤਕਾਲੀ ਤਜ਼ਰਬੇ ਤੋਂ ਅੱਗੇ ਵਧ ਕੇ ਫਿਲਮਾਂ ਨੂੰ ਵਧੇਰੇ ਵਿਚਾਰਸ਼ੀਲ ਢੰਗ ਨਾਲ ਦੇਖਣ ਲਈ ਪ੍ਰੋਤਸਾਹਿਤ ਕਰੇਗੀ। ਸੈਸ਼ਨਾਂ ਦਾ ਸੰਚਾਲਨ ਐੱਫਟੀਆਈਆਈ ਦੇ ਐਸੋਸੀਏਟ ਪ੍ਰੋਫੈਸਰ ਡਾ. ਮਿਲੰਦ ਦਾਮਲੇ ਦੁਆਰਾ ਕੀਤਾ ਜਾਵੇਗਾ। ਉਹ ਸਾਲ 2012 ਤੋਂ ਸੰਸਥਾਨ ਵਿੱਚ ਪੂਰਨ ਸਮੇਂ ਤੋਂ ਫੈਕਲਟੀ ਮੈਂਬਰ ਹਨ। ਡਾ. ਦਾਮਲੇ ਨੇ ਫਿਲਮ, ਟੈਲੀਵਿਜ਼ਨ, ਰੇਡੀਓ ਅਤੇ ਪ੍ਰਿੰਟ

ਸੰਪਾਦਕੀ

ਪਿੱਛੇ ਹਟਣ ਦਾ ਇੱਕ ਮੌਕਾ

ਆਪਣੇ ਕਾਰਜਕਾਲ ਦੌਰਾਨ, ਰਾਸ਼ਟਰਪਤੀ ਡੋਨਾਲਡ ਟਰੰਪ ਨੇ ਸਭ ਤੋਂ ਪਹਿਲਾਂ ਡੈਨਮਾਰਕ ਦੇ ਖੇਤਰ, ਗ੍ਰੀਨਲੈਂਡ ਨੂੰ ਖਰੀਦਣ ਦਾ ਵਿਚਾਰ ਪੇਸ਼ ਕੀਤਾ ਸੀ। ਜਨਵਰੀ 2025 ਵਿੱਚ ਵ੍ਹਾਈਟ ਹਾਊਸ ਵਾਪਸੀ 'ਤੇ, ਉਨ੍ਹਾਂ ਨੇ ਆਪਣੇ ਇਰਾਦੇ ਨੂੰ ਦੁਹਰਾਇਆ ਅਤੇ ਦਾਅਵਾ ਕੀਤਾ ਕਿ ਉਹ ਕਿਸੇ ਨਾ ਕਿਸੇ ਤਰ੍ਹਾਂ ਇਸ ਟਾਪੂ ਨੂੰ ਅਮਰੀਕਾ ਦਾ ਹਿੱਸਾ ਬਣਾ ਲੈਣਗੇ। ਇਸ ਰੁਖ਼ ਨੇ ਡੈਨਮਾਰਕ—ਜੋ ਨਾਟੋ ਦਾ ਇੱਕ ਸੰਸਥਾਪਕ ਮੈਂਬਰ ਹੈ—ਅਤੇ ਯੂਰਪ ਵਿੱਚ ਅਮਰੀਕਾ ਦੇ ਹੋਰ ਸਹਿਯੋਗੀਆਂ ਨੂੰ ਨਾਰਾਜ਼ ਕਰ ਦਿੱਤਾ। ਹਾਲਾਂਕਿ ਡੈਨਮਾਰਕ ਨੇ ਟਾਪੂ 'ਤੇ ਆਪਣੀ ਪ੍ਰਭੂਸੱਤਾ ਦੀ ਪੁਸ਼ਟੀ ਕੀਤੀ, ਪਰ ਉਹ ਉੱਥੇ ਅਮਰੀਕਾ ਨੂੰ ਆਪਣੀ ਫੌਜੀ ਮੌਜੂਦਗੀ ਵਧਾਉਣ ਦੀ ਇਜਾਜ਼ਤ ਦੇਣ ਲਈ ਸਹਿਮਤ ਹੋ ਗਿਆ। 22 ਸਤੰਬਰ ਨੂੰ, ਅਮਰੀਕਾ, ਡੈਨਮਾਰਕ ਅਤੇ ਗ੍ਰੀਨਲੈਂਡ ਦੇ ਨੇਤਾਵਾਂ ਨੇ ਇੱਕ ਨਵੇਂ ਸੁਰੱਖਿਆ ਸਮਝੌਤੇ 'ਤੇ ਦਸਤਖਤ ਕੀਤੇ। ਟਰੰਪ ਦੇ ਅਨੁਸਾਰ, ਇਹ ਸਮਝੌਤਾ ਅਮਰੀਕਾ ਨੂੰ ਗ੍ਰੀਨਲੈਂਡ ਵਿੱਚ ÷ਲੋੜੀਂਦੇ ਕਦਮ÷ ਚੁੱਕਣ ਦੀ ਇਜਾਜ਼ਤ ਦੇਵੇਗਾ। ਟਰੰਪ ਲਈ, ਜਿਨ੍ਹਾਂ ਨੇ ਪਹਿਲਾਂ ਇਸ ਖੇਤਰ ਨੂੰ ਹਾਸਲ ਕਰਨ ਲਈ ਤਾਕਤ ਦੀ ਵਰਤੋਂ ਕਰਨ ਦਾ ਸੰਕੇਤ ਦਿੱਤਾ ਸੀ, ਇਹ ਸਮਝੌਤਾ ਜ਼ਮੀਨ ਨੂੰ ਖੁਦ ਹਾਸਲ ਕਰਨ ਦੀ ਮੰਗ ਤੋਂ ਪਿੱਛੇ ਹਟਣ ਦਾ ਇੱਕ ਕਦਮ ਹੈ। ਹਾਲਾਂਕਿ, ਇਸ ਦੇ ਨਾਲ ਹੀ, ਇਹ ਇੱਕ ਪ੍ਰਮੁੱਖ ਸੁਰੱਖਿਆ ਪ੍ਰਦਾਤਾ ਵਜੋਂ ਅਮਰੀਕਾ ਦੀ ਭੂਮਿਕਾ ਦੀ ਪੁਸ਼ਟੀ ਕਰਦਾ ਹੈ; ਅਮਰੀਕਾ ਪਹਿਲਾਂ ਹੀ ਗ੍ਰੀਨਲੈਂਡ ਵਿੱਚ ਆਪਣੇ ਪਿਟੁਫਿਕ ਸਪੇਸ ਬੇਸ 'ਤੇ ਲਗਭਗ 150 ਜਵਾਨਾਂ ਦੀ ਮੌਜੂਦਗੀ ਬਣਾਈ ਰੱਖਦਾ ਹੈ। ਇਸ ਸਮਝੌਤੇ ਦੇ ਤਹਿਤ, ਵਾਸ਼ਿੰਗਟਨ ਦੱਖਣ ਵਿੱਚ ਨਾਰਸਾਰਸੁਆਕ—ਜਿੱਥੇ ਦੂਜੇ ਵਿਸ਼ਵ ਯੁੱਧ ਦੌਰਾਨ ਅਮਰੀਕੀ ਹਵਾਈ ਅੱਡਾ ਸੀ—ਅਤੇ ਪੂਰਬ ਵਿੱਚ ਨਾਰਵੇਜਿਅਨ ਸਾਗਰ ਦੇ ਨਾਲ ਲੱਗਦੇ ਮੇਸਟਰਸਵਿਗ ਵਿਖੇ ਫੌਜੀ ਅੱਡੇ ਸਥਾਪਤ ਕਰੇਗਾ। ਅਮਰੀਕਾ ਅਤੇ ਡੈਨਮਾਰਕ ਵਿਚਕਾਰ 1951 ਦੇ ਇੱਕ ਸੁਰੱਖਿਆ ਸਮਝੌਤੇ ਨੇ ਪਹਿਲਾਂ ਹੀ ਵਾਸ਼ਿੰਗਟਨ ਨੂੰ ਬਰਫ਼ ਨਾਲ ਢੱਕੇ ਇਸ ਟਾਪੂ 'ਤੇ ਫੌਜੀ ਅੱਡੇ ਸਥਾਪਤ ਕਰਨ ਦੇ ਵਿਆਪਕ ਅਧਿਕਾਰ ਦਿੱਤੇ ਹੋਏ ਸਨ। ਦੂਜੇ ਵਿਸ਼ਵ ਯੁੱਧ ਅਤੇ ਸ਼ੀਤ ਯੁੱਧ ਦੌਰਾਨ, ਅਮਰੀਕਾ ਨੇ ਉੱਥੇ 30 ਤੋਂ ਵੱਧ ਅੱਡੇ ਅਤੇ ਚੌਕੀਆਂ ਚਲਾਈਆਂ ਸਨ। ਇਨ੍ਹਾਂ ਵਿੱਚੋਂ ਜ਼ਿਆਦਾਤਰ ਸਮੇਂ ਦੇ ਨਾਲ ਬੰਦ ਕਰ ਦਿੱਤੇ ਗਏ ਸਨ, ਖਾਸ ਕਰਕੇ ਸ਼ੀਤ ਯੁੱਧ ਦੀ ਸਮਾਪਤੀ ਤੋਂ ਬਾਅਦ। ਹਾਲ ਹੀ ਦੇ ਸਾਲਾਂ ਵਿੱਚ, ਟਰੰਪ ਪ੍ਰਸ਼ਾਸਨ ਦੇ ਅਧਿਕਾਰੀਆਂ ਨੇ ਆਰਕਟਿਕ ਖੇਤਰ ਵਿੱਚ ਚੀਨ ਅਤੇ ਰੂਸ ਦੀਆਂ ਵਧਦੀਆਂ ਗਤੀਵਿਧੀਆਂ, ਜਿਸ ਵਿੱਚ ਕਥਿਤ ਜਾਸੂਸੀ ਵੀ ਸ਼ਾਮਲ ਹੈ, 'ਤੇ ਚਿੰਤਾ ਪ੍ਰਗਟਾਈ ਹੈ। ਆਰਕਟਿਕ ਖੇਤਰ ਦੀ ਰਣਨੀਤਕ ਮਹੱਤਤਾ ਵਧਣ ਦੇ ਨਾਲ—ਕੁਝ ਹੱਦ ਤੱਕ ਇਸ ਲਈ ਕਿਉਂਕਿ ਪਿਘਲਦੀ ਬਰਫ਼ ਸਮਝੌਤੇ ਵਿੱਚ ਇਹ ਸ਼ਰਤ ਰੱਖੀ ਗਈ ਹੈ ਕਿ ਭਾਵੇਂ ਗ੍ਰੀਨਲੈਂਡ – ਲਗਭਗ 50,000 ਦੀ ਆਬਾਦੀ ਵਾਲਾ – ਆਜ਼ਾਦੀ ਪ੍ਰਾਪਤ ਕਰ ਲੈਂਦਾ ਹੈ, ਇਹ ਅਮਰੀਕਾ ਨਾਲ ਇਸ ਸਮਝੌਤੇ ਦਾ ਸਨਮਾਨ ਕਰੇਗਾ ਅਤੇ ਨਾਟੋ ਦੇ ਅੰਦਰ ਰਹੇਗਾ। ਦੂਜੇ ਸ਼ਬਦਾਂ ਵਿੱਚ, ਇਹ ਯਕੀਨੀ ਬਣਾਉਂਦਾ ਹੈ ਕਿ ਅਮਰੀਕਾ ਅਣਮਿੱਥੇ ਸਮੇਂ ਲਈ ਟਾਪੂ ਦੀਆਂ ਫੌਜੀ ਸਹੂਲਤਾਂ ਤੱਕ ਪਹੁੰਚ ਜਾਰੀ ਰੱਖੇ। ਸਮਝੌਤਾ ਇਹ ਵੀ ਹੁਕਮ ਦਿੰਦਾ ਹੈ ਕਿ ਕੋਈ ਵੀ ਵਿਰੋਧੀ ਸ਼ਕਤੀ (ਇੱਕ ਗੈਰ-ਨਾਟੋ ਰਾਸ਼ਟਰ) ਗ੍ਰੀਨਲੈਂਡ ਵਿੱਚ ਫੌਜੀ ਅੱਡੇ ਸਥਾਪਤ ਨਹੀਂ ਕਰ ਸਕਦੀ ਜਾਂ ਸੰਵੇਦਨਸ਼ੀਲ ਖੇਤਰਾਂ ਵਿੱਚ ਨਿਵੇਸ਼ ਨਹੀਂ ਕਰ ਸਕਦੀ, ਖਾਸ ਕਰਕੇ ਦੁਰਲੱਭ ਖਣਿਜਾਂ ਨਾਲ ਭਰਪੂਰ ਖੇਤਰਾਂ ਵਿੱਚ। ਡੈਨਮਾਰਕ ਨੇ ਪਹਿਲਾਂ ਹੀ ਖੇਤਰ ਵਿੱਚ ਚੀਨੀ ਨਿਵੇਸ਼ ਨੂੰ ਰੋਕ ਦਿੱਤਾ ਹੈ, ਅਤੇ ਇਹ ਸਮਝੌਤਾ ਪ੍ਰਭਾਵਸ਼ਾਲੀ ਢੰਗ ਨਾਲ ਉਸ ਪਾਬੰਦੀ ਨੂੰ ਰਸਮੀ ਰੂਪ ਦਿੰਦਾ ਹੈ। ਇਸ ਤਰ੍ਹਾਂ, ਜਦੋਂ ਕਿ ਗ੍ਰੀਨਲੈਂਡ ਕਾਗਜ਼ 'ਤੇ ਡੈਨਮਾਰਕ ਦੇ ਰਾਜ ਦੇ ਅੰਦਰ ਇੱਕ ਸਵੈ-ਸ਼ਾਸਨ ਅਤੇ ਖੁਦਮੁਖਤਿਆਰ ਖੇਤਰ ਬਣਿਆ ਰਹਿ ਸਕਦਾ ਹੈ, ਅਮਰੀਕਾ ਮੁਕਾਬਲਤਨ ਵਧੇਰੇ ਨਿਯੰਤਰਣ ਦੇ ਨਾਲ ਆਪਣੇ ਰਣਨੀਤਕ ਸਰਪ੍ਰਸਤ ਵਜੋਂ ਉਭਰ ਸਕਦਾ ਹੈ – ਇਸਨੂੰ ਵਾਸ਼ਿੰਗਟਨ, ਨਾਟੋ ਅਤੇ ਡੈਨਮਾਰਕ ਦੋਵਾਂ ਲਈ ਸਵੀਕਾਰਯੋਗ ਇੱਕ ਕੂਟਨੀਤਕ ਪ੍ਰਬੰਧ ਬਣਾਉਂਦਾ ਹੈ।

ਭਲੇ ਅਮਰਦਾਸ ਗੁਣ ਤੇਰੇ, ਤੇਰੀ ਉਪਮਾ ਤੋਹਿ ਬਨਿ ਆਵੈ ।।

ਧੰਨ ਗੁਰੂ ਅਮਰਦਾਸ ਜੀ ਗੁਣਾਂ ਦੇ ਖਜ਼ਾਨੇ ਹਨ। ਪੂਰਨ ਗੁਰੂ ਜਾਂ ਸਤਿਗੁਰੂ ਦਾ ਦੂਜਾ ਵੱਡਾ ਗੁਣ ਇਹ ਹੁੰਦਾ ਹੈ ਕਿ ਉਹ ਆਪ ਅੰਦਰੋਂ ਬਾਹਰੋਂ ਸੱਚਾ ਤੇ ਸੁੱਚੇ ਆਚਰਨ ਵਾਲਾ ਹੋਵੇ ਅਤੇ ਇਹ ਸੱਚ ਉਹ ਆਪਣੇ ਸਿੱਖ ਭਗਤਾਂ ਨੂੰ ਦ੍ਰਿੜ ਕਰਾਵੇ, ਤਾਂ ਜੋ ਉਸ ਗੁਰੂ ਦੇ ਦਰਸ਼ਨਾਂ ਨਾਲ ਤਨ ਤੇ ਮਨ ਸੀਤਲ ਹੋ ਜਾਵੇ।ਗੁਰੂ ਅਮਰਦਾਸ ਜੀ ਦੀ ਵਡਿਆਈ ਵਿੱਚ ਭਾਈ ਗੁਰਦਾਸ ਜੀ ਲਿੱਖਦੇ ਹਨ ਕਿ:

ਦੇਵੀ ਦੇਵ ਦ੍ਰਡਾਇਅਨੁ ਜਿਉ ਮਿਰਗਾਵਲਿ ਦੇਖਿ ਬਘੇਲਾ।
ਹੁਕਮਿ ਰਜਾਈ ਚਲਣਾ ਪਿਛੇ ਲਗੇ ਨਕਿ ਨਕੇਲਾ।
ਗੁਰਮੁਖਿ ਸਚਾ ਅਮਰ ਸੁਹੇਲਾ।

ਭਾਵ ਕਿ ਗੁਰੂ ਅਮਰਦਾਸ ਜੀ ਸੱਚੇ ਗੁਰੂ ਸਦਾ ਅਨੰਦ ਗੁਰਮੁਖ ਰੂਪ ਵਿੱਚ ਪ੍ਰਕਾਸ਼ ਰਹੇ ਹਨ।ਧੰਨ ਗੁਰੂ ਅਮਰਦਾਸ ਜੀ ਦੀ ਵਡਿਆਈ ਵਿੱਚ ਇੱਕ ਸ਼ਬਦ ਵਿੱਚ 'ਭੱਟ ਭਲ' ਜੀ ਵੀ ਇਹ ਕਹਿ ਕੇ ਸਤਿਕਾਰ ਦੇਂਦੇ ਹਨ ਕਿ:

'ਭਲੇ ਅਮਰਦਾਸ ਗੁਣ ਤੇਰੇ, ਤੇਰੀ ਉਪਮਾ ਤੋਹਿ ਬਨਿ ਆਵੈ' ਅੰਗ- 1396

ਇਸ ਸ਼ਬਦ ਦਾ ਭਾਵ ਹੈ ਕਿ ਗੁਰੂ ਅਮਰਦਾਸ ਜੀ ਦੇ ਗੁਣ ਕੋਈ ਗਿਣ ਨਹੀਂ ਸਕਦਾ, ਕਿਉਂਕਿ ਉਹ ਆਪਣੇ ਵਰਗੇ ਆਪ ਹੀ ਹਨ ਸ੍ਰੀ ਗੁਰੂ ਅਮਰਦਾਸ ਜੀ ਬੜੇ ਹੀ ਸਾਦੇ ਸੁਭਾਅ, ਸਾਦੇ ਪਹਿਰਾਵੇ, ਸੁਹਿੱਰਦ ਅਤੇ ਭਗਤੀ ਭਾਵਨਾ ਵਾਲੇ ਸਨ। ਆਪ ਦਾ ਜਨਮ (ਮ.ਕੋ) 5 ਮਈ 1479 ਈ: ਨੂੰ ਪਿਤਾ ਭਾਈ ਤੇਜ ਭਾਨ ਜੀ ਭੱਲੇ ਖੱਤਰੀ ਤੇ ਮਾਤਾ ਸੁਲੱਖਣੀ ਜੀ ਦੇ ਉੱਦਰ ਤੋਂ ਪਿੰਡ ਬਾਸਰਕੇ ਗਿੱਲਾਂ ਛੇਹਰਟਾ ਜਿਲ੍ਹਾ ਅੰਮ੍ਰਿਤਸਰ ਵਿੱਚ ਹੋਇਆ। ਗੁਰੂ ਅਮਰਦਾਸ ਜੀ ਗੁਰੂ ਨਾਨਕ ਦੇਵ ਜੀ ਤੋਂ ਉਮਰ ਵਿੱਚ ਦਸ ਸਾਲ ਛੋਟੇ ਸਨ ਤੇ ਗੁਰੂ ਅੰਗਦ ਦੇਵ ਜੀ ਤੋਂ 25 ਸਾਲ ਵੱਡੇ ਸਨ।ਆਪ ਭਾਈ ਅਮਰਦਾਸ ਜੀ, ਭਾਈ ਈਸ਼ਰਦਾਸ ਜੀ, ਭਾਈ ਬਾਬਾ ਖੇਮ ਰਾਇ ਜੀ ਤੇ ਭਾਈ ਮਾਣਕ ਚੰਦ ਜੀ ਚਾਰ ਭਾਈ ਸਨ। ਆਪ ਸਭ ਤੋਂ ਵੱਡੇ ਸਨ। ਆਪ ਦੇ ਸਭ ਤੋਂ ਛੋਟੇ ਭਾਈ ਮਾਣਕ ਚੰਦ ਦੇ ਸਪੁੱਤਰ ਜਸੂ ਜੀ ਨਾਲ ਸ੍ਰੀ ਗੁਰੂ ਅੰਗਦ ਦੇਵ ਜੀ ਦੀ ਸਪੁੱਤਰੀ ਬੀਬੀ ਅਮਰੋ ਜੀ ਵਿਆਹੇ ਹੋਏ ਸਨ।23 ਸਾਲ ਦੀ ਉਮਰ ਵਿੱਚ 1502 ਈ: ਵਿੱਚ ਆਪ ਦਾ ਵਿਆਹ ਸਿਆਲਕੋਟ ਦੇ ਪਿੰਡ ਸਨਖਤ੍ਰਾ ਦੇ ਦੇਵੀ ਚੰਦ ਜੀ ਦੀ ਸਪੁੱਤਰੀ ਬੀਬੀ ਮਨਸਾ ਦੇਵੀ ਜੀ ਨਾਲ ਹੋਇਆ। ਮਾਤਾ ਮਨਸਾ ਦੇਵੀ ਜੀ ਬੜੀ ਹੀ ਨੇਕ ਤੇ ਧਾਰਮਿਕ ਵਿਚਾਰਾਂ ਵਾਲੇ ਸਨ।

ਆਪ ਜੀ ਦੇ ਗ੍ਰਿਹ ਦੋ ਪੁੱਤਰੀਆਂ ਬੀਬੀ ਦਾਨੀ ਜੀ, ਬੀਬੀ ਭਾਨੀ ਜੀ ਅਤੇ ਦੋ ਸਪੁੱਤਰ ਬਾਬਾ ਮੋਹਨ ਜੀ ਅਤੇ ਬਾਬਾ ਮੋਹਰੀ ਜੀ ਨੇ ਜਨਮ ਲਿਆ। ਬੀਬੀ ਭਾਨੀ ਜੀ ਦਾ ਵਿਆਹ ਚੌਥੇ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਨਾਲ ਹੋਇਆ ਸੀ।ਗੁਰੂ ਅਮਰਦਾਸ ਨੂੰ ਧਰਮ ਦੀ ਕਿਰਤ ਕਰਦਿਆਂ 1521 ਨੂੰ 42 ਵਰਿਆਂ ਦੇ ਹੋ ਗਏ ਸਨ, ਜਦ ਪਹਿਲੀ ਵਾਰ ਦੇਵੀ ਦਰਸਨਾਂ ਲਈ ਗਏ। ਲਗਾਤਾਰ ਵੀਹ ਸਾਲ 1541 ਤੱਕ ਹਰ ਛੇ ਮਹੀਨੇ ਬਾਅਦ ਤੀਰਥ ਅਸਥਾਨਾਂ ਤੇ ਦੇਵੀ ਦੇ ਦਰਸ਼ਨਾਂ ਨੂੰ ਜਾਇਆ ਕਰਦੇ ਸਨ।ਇੱਕ ਦਿਨ ਦੇਵੀ ਦਰਸ਼ਨਾਂ ਤੋਂ ਵਾਪਸ ਆਉਂਦਿਆਂ ਇੱਕ ਬ੍ਰਹਮਚਾਰੀ ਦੇ ਮੇਲ ਨੇ ਸਾਰੀ ਜ਼ਿੰਦਗੀ ਬਦਲ ਕੇ ਰੱਖ ਦਿੱਤੀ।ਇਸ ਘਟਨਾ ਦਾ ਆਪ ਜੀ ਦੇ ਜੀਵਨ ਤੇ ਬੜਾ ਗਹਿਰਾ ਪ੍ਰਭਾਵ ਪਿਆ, ਜਿਸ ਨਾਲ ਗੁਰੂ ਧਾਰਨ ਦੀ ਚਾਹ ਪ੍ਰਬਲ ਹੋਈ। ਉਹ ਰਾਤ ਬੜੀ ਬੇਚੈਨੀ ਵਿੱਚ ਲੰਘੀ। ਅੰਮ੍ਰਿਤ ਵੇਲੇ ਆਪ ਜੀ ਦੀ ਨੂੰਹ ਬੀਬੀ ਅਮਰੋ ਜੀ ਦੇ ਕੋਲੋਂ ਇਹ ਸ਼ਬਦ

ਮਾਰੂ ਮਹਲਾ 1 ਘਰੁ1 ।।
ਕਰਣੀ ਕਾਗਦੁ ਮਨੁ ਮਸਵਾਣੀ ਬੁਰਾ ਭਲਾ ਦੁਇ ਲੇਖ ਪਏ ।।
ਜਿਉ ਜਿਉ ਕਿਰਤੁ ਚਲਾਏ ਤਿਉ ਚਲੀਐ ਤਉ ਗੁਣ ਨਾਹੀ ਅੰਤੁ ਹਰੇ ।।1 ।।
ਚਿਤ ਚੇਤਸਿ ਕੀ ਨਹੀ ਬਾਵਰਿਆ ।।
ਹਰਿ ਬਿਸਰਤ ਤੇਰੇ ਗੁਣ ਗਲਿਆ ।।1 ।। ਰਹਾਉ ।। ਅੰਗ- 990

ਸੁਣ ਕੇ ਤਪਦੇ ਹਿਰਦੇ ਨੂੰ ਸ਼ਾਤੀ ਮਿਲੀ ਤੇ ਗੁਰੂ ਦਰਸ਼ਨਾਂ ਦੀ ਤਾਂਘ ਪੈਦਾ ਹੋਈ।ਜਦ ਆਪ ਨੇ ਬੀਬੀ ਅਮਰੋ ਜੀ ਦੇ ਨਾਲ ਆ ਕੇ ਖਡੂਰ ਸਾਹਿਬ ਸ੍ਰੀ ਗੁਰੂ ਅੰਗਦ ਦੇਵ ਜੀ ਦੇ ਦਰਸ਼ਨ ਕੀਤੇ ਤਾਂ ਸਦਾ ਲਈ ਗੁਰੂ ਘਰ ਦੇ ਹੋ ਕੇ ਰਹਿ ਗਏ।ਗੁਰੂ ਅੰਗਦ ਦੇਵ ਜੀ ਲਈ ਅੰਮ੍ਰਿਤ ਵੇਲੇ ਜਲ ਦੀ ਗਾਗਰ ਲਿਆ ਕੇ ਇਸ਼ਨਾਨ ਕਰਾਉਣਾ ਤੇ ਲੰਗਰ ਦੀ ਸੇਵਾ ਕਰਨੀ ਆਪ ਜੀ ਦਾ ਨਿਤਨੇਮ ਬਣ ਚੁੱਕਾ ਸੀ। ਜਦ ਆਪ ਜੀ ਦਾ ਮਿਲਾਪ ਗੁਰੂ ਜੀ ਨਾਲ ਹੋਇਆ ਤਾਂ ਆਪ ਜੀ ਦੀ ਉਮਰ 61 ਸਾਲਾਂ ਦੀ ਸੀ। ਆਪ ਨੇ ਲਗਾਤਾਰ 11 ਸਾਲ ਗੁਰੂ ਘਰ ਦੀ ਸੇਵਾ ਪੂਰਨ ਨਿਸ਼ਠਾ ਨਾਲ ਨਿਭਾਈ। ਜੁਲਾਹੀ ਦੇ ਅਮਰੂ ਨਿਥਾਵਾਂ ਕਹਿਣ ਤੇ ਆਪ ਨੂੰ ਗੁਰ ਅੰਗਦ ਦੇਵ ਜੀ ਨੇ ਬਾਰਾਂ ਵਰ ਦਿੱਤੇ ਕਿਹਾ ਨਿਥਾਵਿਆਂ ਦਾ ਥਾਂਵ, ਨਿਮਾਣਿਆਂ ਦਾ ਮਾਣ, ਨਿਤਾਣਿਆ ਦਾ ਤਾਣ, ਨਿਓਟਿਆਂ ਦੀ ਓਟ, ਨਿਆਸਰਿਆਂ ਦਾ ਆਸਰਾ, ਨਿੱਤਿਆਂ ਦੀ ਪੱਤ, ਨਿਗੱਤਿਆਂ ਦੀ ਗੱਤ, ਨਿਧਿਰਿਆਂ ਦੀ ਧਿਰ, ਨਿਲੱਜਿਆਂ ਦੀ ਲੱਜ, ਗਈ ਬਹੋੜ ਬੰਦੀ ਛੋੜ, ਭੰਨਣ ਘੜਣ ਸਮਰੱਥ, ਜਗ ਜੀਵਕਾ ਸਭ ਹੱਥ ਕਹਿ ਆਪ ਦੀ ਵਡਿਆਈ ਕੀਤੀ ਤੇ 1552 ਨੂੰ ਆਪ ਨੂੰ ਗੁਰਗੱਦੀ ਦੀ ਬਖਸ਼ਿਸ਼ ਕੀਤੀ। ਉਸ ਸਮੇਂ ਆਪ ਜੀ ਦੀ ਉਮਰ 73 ਵਰ੍ਹੇ ਦੀ ਹੋ ਚੁੱਕੀ ਸੀ। ਭਾਈ ਗੁਰਦਾਸ ਜੀ ਦੂਜੇ ਲਿੱਖਦੇ ਹਨ ਕਿ:

ਤੀਸਰ ਮਹਲ ਅਮਰ ਪਰਧਾਨਾ।
ਜਿਨ ਘਟ ਮਹਿ ਨਿਰਖੇ ਹਰਿ ਭਗਵਾਨਾ।
ਜਲ ਭਰਿਉ ਸਤਿਗੁਰੂ ਕੇ ਦੁਆਰੇ।
ਤਬ ਇਹ ਪਾਇਉ ਮਹਲ ਅਪਾਰੇ।

ਆਪ ਜੀ ਨੇ ਗੋਇੰਦਵਾਲ ਨਗਰ ਵਸਾ ਕੇ ਇਸ ਨੂੰ ਸਿੱਖੀ ਦਾ ਧੁਰਾ ਆਖਿਆ ਤੇ ਗੋਇੰਦਵਾਲ ਸਿੱਖੀ ਪ੍ਰਚਾਰ ਦਾ ਮੁੱਖ ਕੇਂਦਰ ਬਣਿਆ। ਆਪ ਨੇ ਸਿੱਖੀ ਦੇ ਪ੍ਰਚਾਰ ਲਈ 22 ਕੇਂਦਰ ਨਿਯੁਕਤ ਕੀਤੇ, ਜਿੰਨ੍ਹਾਂ ਨੂੰ ਮੰਜੀਆਂ ਆਖਿਆ ਜਾਂਦਾ ਹੈ। ਅੱਗੇ ਸਬ ਕੇਂਦਰ ਬਣਾਏ ਜਿੰਨ੍ਹਾਂ ਨੂੰ ਪੀੜੀ ?ਹਆਂ ਦਾ ਨਾਂ ਦਿੱਤਾ ਗਿਆ। ਉੱਚੇ ਸੁੱਚੇ ਤੇ ਸੱਚੇ ਕਿਰਦਾਰ ਵਾਲੇ ਸਿੱਖਾਂ ਨੂੰ ਸੇਵਾਦਾਰ ਥਾਪਿਆ ਗਿਆ। ਆਪ ਨੇ ਗਰੀਬ, ਮਜ਼ਲੂਮ ਤੇ ਦੱਬੇ ਕੁਚਲੇ ਲੋਕਾਂ ਨੂੰ ਮਾਨ-ਸਨਮਾਨ ਬਖਸ਼ਿਆ ਤੇ ਸੀਨੇ ਨਾਲ ਲਾਇਆ। ਲੰਗਰ ਦੀ ਮਰਿਆਦਾ ਵੱਲ ਆਪ ਨੇ ਵਿਸ਼ੇਸ਼ ਧਿਆਨ ਦਿੱਤਾ। ਗੁਰੂ ਦਰਸ਼ਨਾਂ ਲਈ ਆਈਆਂ ਸੰਗਤਾਂ ਲਈ ਪਹਿਲਾਂ ਲੰਗਰ ਛੱਕਣਾ ਆਪ ਨੇ ਜਰੂਰੀ ਬਣਾ ਦਿੱਤਾ ।ਪਹਿਲੇ ਪੰਗਤ ਪਾਛੈ ਸੰਗਤ' ਅਕਬਰ ਬਾਦਸ਼ਾਹ ਨੇ ਵੀ ਪੰਗਤ ਵਿੱਚ ਬੈਠ ਕੇ ਲੰਗਰ ਛ?ੱਕਆ ਸੀ। ਗੁਰੂ ਸਾਹਬ ਨੇ ਉਚ-ਨੀਚ, ਜਾਤ-ਪਾਤ ਨੂੰ ਖਤਮ ਕੀਤਾ ਉਸ ਸਮੇਂ ਦੌਰਾਨ ਔਰਤ ਦੀ ਬਹੁਤ ਦੁਰਦਸ਼ਾ ਹੋ ਰਹੀ ਸੀ। ਔਰਤ ਨੂੰ ਮਰਦ ਪ੍ਰਧਾਨ ਸਮਾਜ ਆਪਣੇ ਬਰਾਬਰ ਦਾ ਹੱਕ ਦੇਣ ਲਈ ਤਿਆਰ ਨਹੀ ਸੀ। ਗੁਰੂ ਸਾਹਬ ਨੇ ਸਦੀਆਂ ਤੋਂ ਚਲੀ ਆ ਰਹੀ ਸਤੀ ਪ੍ਰਥਾ ਦਾ ਅੰਤ ਕੀਤਾ।ਜਿਸ ਵਿੱਚ ਹਰ ਪਤਨੀ ਨੂੰ ਆਪਣੇ ਪਤੀ ਦੀ ਮੌਤ ਤੇ ਚਿਤਾ ਵਿੱਚ ਜਿੰਦਾ ਸਾੜ ਦਿੱਤਾ ਜਾਦਾ ਸੀ। ਜਿਹੜੀਆਂ ਇਸਤਰੀਆਂ ਨਾਂਹ ਕਰਦੀਆਂ ਸਨ। ਉਹਨਾਂ ਨੂੰ ਜਬਰਦਸਤੀ ਚਿਤਾ ਵਿੱਚ ਸੜਨ ਲਈ ਮਜ਼ਬੂਰ ਕੀਤਾ ਜਾਂਦਾ ਸੀ।

ਆਪ ਨੇ ਸਦੀਆਂ ਤੋਂ ਲਿਤਾੜੇ ਹੋਏ ਮਜ਼ਲੂਮ, ਅਨਪੜ੍ਹ ਤੇ ਗਰੀਬ ਲੋਕਾਂ ਨੂੰ ਭਰਮ-ਭੁਲੇਖੇ ਤੇ ਵਹਿਮਾਂ ਭਰਮਾਂ ਵਿੱਚੋਂ ਬਾਹਰ ਕੱਢਿਆ ਤੇ ਉਸ ਮਾਲਕ, ਉਸ ਅਕਾਲ ਪੁਰਖ ਦੇ ਚਰਨਾਂ ਨਾਲ ਜੁੜਨ ਦਾ ਰਾਹ ਦੱਸਿਆ। ਆਪ ਨੇ ਸਮਾਜ ਵਿੱਚੋਂ ਮਨੁੱਖੀ ਸਮਾਨਤਾ ਨੂੰ ਪਹਿਲ ਦਿੱਤੀ, ਇਸਤਰੀ ਨੂੰ ਮਰਦ ਦੇ ਬਰਾਬਰ ਸਮਾਨਤਾ ਦਿੱਤੀ, ਪਰਦੇ ਦਾ ਰਿਵਾਜ ਹਟਾਇਆ (ਘੁੰਡ ਕੱਢਣਾ), ਸਤੀ ਦੀ ਰਸਮ ਨੂੰ ਰੋਕਿਆ, ਕੁੜੀ ਮਾਰਾਂ ਦਾ ਵਿਰੋਧ ਕੀਤਾ, ਵਿਧਵਾ ਵਿਆਹ ਤੇ ਅੰਤਰ ਸ਼ਰੇਣੀ ਵਿਆਹ ਨੂੰ ਇਜ਼ਾਜਤ ਦਿੱਤੀ, ਵਿਆਹ ਤੇ ਦਾਨ ਦਾ ਵਿਰੋਧ ਕੀਤਾ, ਨਸ਼ਿਆ ਦਾ ਵਿਰੋਧ ਕੀਤਾ, ਭਰਮ ਨਵਿਰਤੀ ਲੋਕਾਈ ਨੂੰ ਭਰਮ-ਭੁਲੇਖਿਆ 'ਚੋਂ ਕੱਢਿਆ, ਮਿਰਤਕ ਕੁਰੀਤੀਆਂ ਰੋਣ ਪਿੱਟਣ ਤੋਂ ਵਰਜਿਆ, ਮਰਨ ਸਮੇਂ ਦੀਵਾ ਜਗਾਣਾ, ਪਿੰਡ ਪੱਤਲ, ਬਥਾਣ ਕੱਢਣਾ (ਮਰੇ ਨੂੰ ਸਜਾਉਣਾ ਤੇ ਮਖਾਣੇ ਛੁਆਰੇ ਵੰਡਣੇ), ਘੜਾ ਭੰਨਣਾ, ਅਸਥੀਆਂ ਪ੍ਰਵਾਹ ਕਰਨੀਆਂ, ਭੂਤਾਂ ਪ੍ਰੇਤਾਂ ਤੇ ਕਿਰਿਆਂ ਕਰਨ ਵਰਗੇ ਹੋਰ ਵੀ ਅਨੇਕਾਂ ਵਹਿਮਾਂ ਭਰਮਾਂ ਤੋਂ ਵਰਜਿਆ। ਗੁਰੂ ਜੀ ਨੇ ਇੰਨ੍ਹਾਂ ਸਾਰੀਆਂ ਕੁਰੀਤੀਆਂ ਦਾ ਅੰਤ ਕੀਤਾ ਤੇ ਮਨੁੱਖ ਦੇ ਅੰਤ ਵੇਲੇ ਸਿਰਫ ਕੀਰਤਨ ਕਰਨ ਨੂੰ ਪਹਿਲ ਦਿੱਤੀ। ਉਸ ਪ੍ਰਭੂ ਪ੍ਰਮਾਤਮਾ ਨਾਲ ਮੇਲ ਮਿਲਾਪ ਦਾ ਰਾਹ ਸੱਚੀ ਬਾਣੀ ਪੜ੍ਹਨੀ ਦੱਸਿਆ। ਨਾਮ ਜੱਪਣਾ ਦੱਸਿਆ। ਦਸਾਂ ਨਹੁੰਆਂ ਦੀ ਹੱਥੀਂ ਕਿਰਤ ਕਰਨਾ ਦੱਸਿਆ। ਲੋੜਵੰਦਾਂ ਦੀ ਮਦਦ ਕਰਨਾਂ ਦੱਸਿਆ ਜੋ ਸਾਰੀ ਸੰਗਤ ਨੇ ਪ੍ਰਵਾਨ ਕੀਤਾ ਭਾਈ ਗੁਰਦਾਸ ਜੀ ਆਪ ਦੇ ਭਤੀਜੇ ਸਨ ਜੋ

ਸਮਾਜ ਸੇਵਾ ਅਤੇ ਸਿਆਸਤ ਦੀ ਗੁੜਤੀ ਪਰਿਵਾਰ ਵਿਚੋਂ ਨਹੀਂ ਪ੍ਰਮਾਤਮਾ ਦੇ ਅਸੀਰਵਾਦ ਤੋਂ ਮਿਲੀ: ਚੇਤ ਰਾਮ ਰਤਨ

ਬੰਗਾ 25 ਸਤੰਬਰ (ਮਨਜਿੰਦਰ ਸਿੰਘ) ਦੇਸ ਦਾ ਭੱਵਿਖ ਨੌਜਵਾਨ ਵਰਗ ਨੂੰ ਨਸਿਆ ਬਚਾਉਣ ਲਈ ਸਮੁਚੇ ਪਰਿਵਾਰਾਂ ਅਤੇ ਖਾਸਕਰ ਗਰੀਬ ਲੋਕਾਂ ਨੂੰ ਖੁੱਦ ਅਗੇ ਆਕੇ ਭੂਮਿਕਾ ਨਿਭਾਉਣ ਦੀ ਲੋੜ ਹੈ।ਇਸ ਗੱਲ ਦਾ ਪ੍ਰਗਟਾਵਾ ਚੇਤ ਰਾਮ ਰਤਨ ਜਿਲ੍ਹਾ ਪ੍ਰਧਾਨ ਐਸ ਸੀ ਮੋਰਚਾ ਸਹੀਦ ਭਗਤ ਸਿੰਘ ਨਗਰ ਨੇ ਭਾਰਤੀ ਜਨਤਾ ਪਾਰਟੀ ਵਲੋਂ ਨਸਾ ਮੁਕਤ ਯਾਤਰਾ ਪੰਜਾਬ ਯਾਤਰਾ ਵਿੱਚ ਅਹਿਮ ਭੂਮਿਕਾ ਨਿਭਾਉਣ ਲਈ ਆਹੁਦੇਦਾਰਾਂ ਨਾਲ ਮੀਟਿੰਗ ਦੌਰਾਨ ਆਖੇ। ਉਨ੍ਹਾਂ ਕਿਹਾ ਕਿ ਕੇਦਰ ਸਰਕਾਰ ਦੀ ਅਗਵਾਈ ਕਰ ਰਹੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸਰਕਾਰ ਨੇ ਪੰਜਾਬ ਵਿਚੋ ਨਸਿਆ ਨੂੰ ਖਤਮ ਕਰਨ ਦਾ ਬੀੜਾ ਚੁੱਕਿਆ ਉਸ ਵਿੱਚ ਸਭ ਵਰਗਾ ਦੇ ਲੋਕਾਂ ਨੂੰ ਯਾਤਰਾ ਸਹਿਯੋਗ ਕਰਨ ਲਈ ਪੰਜਾਬ ਪ੍ਰਧਾਨ ਸੀਤਲ ਅੰਗੁਰਾਲ ਐਸ ਸੀ ਮੋਰਚਾ ਪੰਜਾਬ ਵਲੋਂ ਭਰਵ੍ਹੀ ਸਮੂਲੀਅਤ ਕਰਨ ਸੰਦੇਸ਼ ਜਾਰੀ ਕੀਤਾ ਗਿਆ ਇਹ ਨਸ਼ਾ ਮੁਕਤ ਪੰਜਾਬ ਯਾਤਰਾ ਵੱਖ ਵੱਖ ਸਹਿਰਾਂ ਤੋ ਹੁੰਦੀ ਹੋਈ 28 ਸਤੰਬਰ ਨੂੰ ਬਲਾਚੌਰ ਦੇ ਪਿੰਡ ਓਧਣੋਂਵਾਲ ਤੋਂ ਸ਼ੁਰੂ ਹੋ ਕੇ ਲੰਗੜੋਆ ਬਾਈਪਾਸ ਅਤੇ ਨਵਾਂਸ਼ਹਿਰ ਅੰਬੇਡਕਰ ਚੌਕ ਵਿੱਚ ਡਾ. ਭੀਮ ਰਾਓ ਅੰਬੇਡਕਰ ਜੀ ਨੂੰ ਫੁੱਲ ਮਾਲਾ ਭੇਂਟ ਕਰਕੇ ਯਾਤਰਾ ਖਟਕੜ ਕਲਾਂ ਸ਼ਹੀਦ ਏ ਆਜ਼ਮ ਸਰਦਾਰ ਭਗਤ ਸਿੰਘ ਜੀ ਦੀ ਸਮਾਰਕ ਤੇ ਨਤਮਸਤਕ ਹੋਵੇਗੀ।ਜਿਲ੍ਹਾ ਪ੍ਰਧਾਨ ਰਤਨ ਨੇ ਆਹੁਦੇਦਾਰਾਂ ਉਤਸਾਹਿਤ ਕਰਨ ਲਈ ਕਿਹਾ ਸਮਾਜ ਸੇਵਾ ਅਤੇ ਸਿਆਸਤ ਦੀ ਗੁੜਤੀ ਪਰਿਵਾਰ ਵਿਚੋ ਨਹੀਂ ਪ੍ਰਮਾਤਮਾ ਦੇ ਅਸੀਰਵਾਦ ਅਤੇ ਲੋਕਾਂ ਦੇ ਪਿਆਰ ਸਤਿਕਾਰ ਅਤੇ ਸਹਿਯੋਗ ਨਾਲ ਮਿਲੀ ਹੈ। ਪੰਜਾਬ ਦਾ ਨੌਜਵਾਨ ਵਰਗ ਨਸਿਆਂ ਦੇ ਜਾਲ ਵਿੱਚ ਬੁਰੀ ਤਰ੍ਹਾ ਫਸਣ ਕਰਕੇ ਨਿੱਤ ਦਿਨ ਨੌਜਵਾਨ ਵਰਗ ਦੀਆਂ ਮੌਤਾਂ ਨਾਲ ਘਰਾਂ ਦੇ ਘਰ ਖਾਲੀ ਹੋ ਚੁੱਕੇ ਹਨ।ਜਿਸ ਦੀ ਚਿੰਤਾ ਪੰਜਾਬ ਭਾਜਪਾ ਵਲੋਂ ਨਸਿਆ ਵਿਰੁੱਧ ਯਾਤਰਾ ਵਿੱਚ ਲੋਕਾਂ ਜਾਗਰੂਕ ਕਰਨ ਅਤੇ ਨੌਜਵਾਨਾਂ ਨੂੰ ਬਚਾਉਣਾ ਲਈ ਮਾਪਿਆਂ ਨੂੰ ਅੱਗੇ ਆਉਣਾ ਜ਼ਰੂਰੀ ਹੋ ਗਿਆ ਹੈ। ਇਸ ਮੌਕੇ ਰਾਮ ਜੀ ਲਾਲ ਖੜਕੂਵਾਲ ਜਿਲ੍ਹਾ ਸੈਕਟਰੀ ਭਾਜਪਾ, ਗੁਰਦੇਵ ਸਿੰਘ ਮਲਾਂਬੇਦੀਆ ਮੰਡਲ ਪ੍ਰਧਾਨ ਐਸ ਸੀ ਮੋਰਚਾ ਅੌੜ, ਸੋਮ ਲਾਲ ਸਲ੍ਹਣ ਜਿਲ੍ਹਾ ਪ੍ਰਚਾਰ ਸਕੱਤਰ, ਦਿਨੇਸ ਮਿੱਤਲ ਅਤੇ ਡਾ ਅਵਤਾਰ ਵਾਈਸ ਪ੍ਰਧਾਨ ਮੋਰਚਾ ਸਹਿਰੀ, ਅਤੇ ਪ੍ਰਚਾਰ ਸਕੱਤਰ ਪਵਨ ਕੁਮਾਰ ਰੱਤੂ ਨਵਾਂਸ਼ਹਿਰ, ਰਾਮ ਲੁਭਾਇਆ, ਬਲਵੀਰ ਕੁਮਾਰ ਬਾਲੂ ਕਰੀਹਾ ਆਦਿ ਹਾਜ਼ਿਰ ਸਨ.।

ਸਵੱਛਤਾ ਹੀ ਸੇਵਾ ਪੰਦਰਵਾੜੇ ਦੀ ਕਾਲਜ ਵਿੱਚ ਸ਼ਾਨਦਾਰ ਸ਼ੁਰੂਆਤ

ਗੁਰਦਾਸਪੁਰ, 25 ਸਤੰਬਰ (ਗੁਲਸ਼ਨ ਕੁਮਾਰ ਰਣੀਆਂ) ਸ਼ਹੀਦ ਲੈਫਟੀਨੈਂਟ ਨਵਦੀਪ ਸਿੰਘ (ਅਸ਼ੋਕ ਚੱਕਰ) ਸਰਕਾਰੀ ਕਾਲਜ, ਗੁਰਦਾਸਪੁਰ ਵਿਖੇ 'ਸਵੱਛਤਾ ਹੀ ਸੇਵਾ ਪੰਦਰਵਾੜੇ' ਦੀ ਸ਼ਾਨਦਾਰ ਸ਼ੁਰੂਆਤ ਕੀਤੀ ਗਈ। ਕਾਲਜ ਦੇ ਫਿਜ਼ੀਕਲ ਐਜੂਕੇਸ਼ਨ ਵਿਭਾਗ, ਐਨ.ਐਸ.ਐਸ. ਅਤੇ ਇੰਸਟੀਚਿਊਸ਼ਨਲ ਇਨੋਵੇਸ਼ਨ ਕੌਂਸਲ ਦੇ ਸਹਿਯੋਗ ਨਾਲ ਸ਼ੁਰੂ ਕੀਤਾ ਗਿਆ ਇਹ ਸਵੱਛਤਾ ਅਭਿਆਨ 2 ਅਕਤੂਬਰ 2026 ਤੱਕ ਜਾਰੀ ਰਹੇਗਾ।ਪੰਦਰਵਾੜੇ ਦੀ ਸ਼ੁਰੂਆਤ ਮੌਕੇ ਫਿਜ਼ੀਕਲ ਐਜੂਕੇਸ਼ਨ ਵਿਭਾਗ ਦੀ ਮੁਖੀ ਪ੍ਰੋਫੈਸਰ ਰਾਜ ਕੌਰ ਅਤੇ ਪ੍ਰੋਫੈਸਰ ਬਲਜੀਤ ਸਿੰਘ ਵੱਲੋਂ ਵਿਦਿਆਰਥੀਆਂ ਨੂੰ ਸਵੱਛਤਾ ਦੀ ਸਹੁੰ ਚੁਕਾਈ ਗਈ। ਵਿਦਿਆਰਥੀਆਂ ਨੂੰ ਸਵੱਛਤਾ ਦੀ ਮਹੱਤਤਾ ਬਾਰੇ ਜਾਣੂ ਕਰਵਾਉਂਦਿਆਂ ਕਿਹਾ ਗਿਆ ਕਿ ਸਾਫ਼-ਸੁਥਰਾ ਕੈਂਪਸ ਨਾ ਸਿਰਫ਼ ਸਿਹਤਮੰਦ ਵਾਤਾਵਰਨ ਦੀ ਨਿਸ਼ਾਨੀ ਹੈ, ਸਗੋਂ ਇਹ ਸਾਡੀ ਜ਼ਿੰਮੇਵਾਰੀ, ਅਨੁਸ਼ਾਸਨ ਅਤੇ ਚੰਗੀ ਨਾਗਰਿਕ ਸੋਚ ਦਾ ਪ੍ਰਤੀਕ ਵੀ ਹੈ।ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਪ੍ਰੋਫੈਸਰ ਅਸ਼ਵਨੀ ਕੁਮਾਰ ਭੱਲਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕਾਲਜ ਕੈਂਪਸ ਨੂੰ ਸਾਫ਼-ਸੁਥਰਾ ਰੱਖਣਾ ਹਰ ਵਿਦਿਆਰਥੀ ਅਤੇ ਕਰਮਚਾਰੀ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਕੈਂਪਸ ਵਿੱਚ ਕਿਸੇ ਵੀ ਤਰ੍ਹਾਂ ਦਾ ਕੂੜਾ-ਕਰਕਟ ਇਕੱਠਾ ਨਾ ਹੋਣ ਦਿੱਤਾ ਜਾਵੇ ਅਤੇ ਜਿੱਥੇ ਵੀ ਪਲਾਸਟਿਕ ਦੇ ਗਲਾਸ, ਪਲਾਸਟਿਕ ਦੀਆਂ ਥੈਲੀਆਂ, ਲਿਫ਼ਾਫ਼ੇ ਜਾਂ ਹੋਰ ਸਿੰਗਲ-ਯੂਜ਼ ਪਲਾਸਟਿਕ ਨਜ਼ਰ ਆਵੇ, ਉਸ ਨੂੰ ਤੁਰੰਤ ਡਸਟਬਿਨ ਵਿੱਚ ਪਾਇਆ ਜਾਵੇ।ਉਨ੍ਹਾਂ ਕਿਹਾ ਕਿ ਕਾਲਜ ਵੱਲੋਂ ਸਿੰਗਲ-ਯੂਜ਼ ਪਲਾਸਟਿਕ ਦੀ ਵਰਤੋਂ ਨੂੰ ਘੱਟ ਤੋਂ ਘੱਟ ਕਰਨ ਲਈ ਵਿਦਿਆਰਥੀਆਂ ਅਤੇ ਸਮੂਹ ਕਾਲਜ ਭਾਈਚਾਰੇ ਨੂੰ ਲਗਾਤਾਰ ਜਾਗਰੂਕ ਕੀਤਾ ਜਾਵੇਗਾ। ਵਿਦਿਆਰਥੀਆਂ ਨੂੰ ਆਪਣੇ ਕਲਾਸਰੂਮਾਂ ਦੇ ਨਾਲ-ਨਾਲ ਖੇਡ ਮੈਦਾਨਾਂ ਅਤੇ ਕੈਂਪਸ ਦੇ ਹਰ ਕੋਨੇ ਨੂੰ ਸਾਫ਼ ਰੱਖਣ ਲਈ ਵੀ ਪ੍ਰੇਰਿਤ ਕੀਤਾ ਗਿਆ।ਇਸ ਉਪਰੰਤ ਲਗਭਗ 400 ਵਿਦਿਆਰਥੀਆਂ ਵੱਲੋਂ ਪੂਰੇ ਉਤਸ਼ਾਹ ਨਾਲ ਸਵੱਛਤਾ ਰੈਲੀ ਕੱਢੀ ਗਈ। ਰੈਲੀ ਕਾਲਜ ਕੈਂਪਸ ਤੋਂ ਸ਼ੁਰੂ ਹੋ ਕੇ ਅੰਦਰੂਨੀ ਬਾਜ਼ਾਰ ਵਿੱਚੋਂ ਹੁੰਦੀ ਹੋਈ ਮੁੜ ਕਾਲਜ ਕੈਂਪਸ ਵਿੱਚ ਆ ਕੇ ਸਮਾਪਤ ਹੋਈ। ਵਿਦਿਆਰਥੀਆਂ ਨੇ ਸਵੱਛਤਾ ਹੀ ਸੇਵਾ, ਸਾਡਾ ਕਾਲਜ—ਸਾਫ਼ ਕਾਲਜ ਅਤੇ ਸਾਫ਼-ਸੁਥਰੇ ਵਾਤਾਵਰਨ ਸਬੰਧੀ ਵੱਖ-ਵੱਖ ਨਾਅਰੇ ਲਗਾ ਕੇ ਲੋਕਾਂ ਨੂੰ ਸਵੱਛਤਾ ਪ੍ਰਤੀ ਜਾਗਰੂਕ ਕੀਤਾ।ਸਵੱਛਤਾ ਰੈਲੀ ਦੀ ਅਗਵਾਈ ਪ੍ਰੋਫੈਸਰ ਰਾਜ ਕੌਰ ਅਤੇ ਪ੍ਰੋਫੈਸਰ ਬਲਜੀਤ ਸਿੰਘ ਨੇ ਕੀਤੀ। ਰੈਲੀ ਵਿੱਚ ਵਿਦਿਆਰਥੀਆਂ ਦੀ ਭਰਵੀਂ ਸ਼ਮੂਲੀਅਤ ਨੇ ਕੈਂਪਸ ਨੂੰ ਸਾਫ਼ ਅਤੇ ਵਾਤਾਵਰਨ-ਪੱਖੀ ਬਣਾਉਣ ਪ੍ਰਤੀ ਉਨ੍ਹਾਂ ਦੀ ਵਚਨਬੱਧਤਾ ਨੂੰ ਦਰਸਾਇਆ।ਰੈਲੀ ਦੀ ਸਮਾਪਤੀ ਉਪਰੰਤ ਵਿਦਿਆਰਥੀਆਂ ਲਈ 'ਸਵੱਛਤਾ ਖੇਡਾਂ' ਦਾ ਵੀ ਆਯੋਜਨ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਅਤੇ ਜੋਸ਼ ਨਾਲ ਭਾਗ ਲਿਆ।

ਸਕੂਲ ਆਫਤ ਪ੍ਰਬੰਧਕ ਯੋਜਨਾ ਵਿਸ਼ੇ 'ਤੇ ਲਗਾਇਆ 2-ਰੋਜ਼ਾ ਕੈਂਪ

ਬਟਾਲਾ, 25 ਸਤੰਬਰ (ਸੰਜੀਵ ਨਈਅਰ) ਸਥਾਨਿਕ ਪੀਐਮ ਸ਼੍ਰੀ ਸਰਕਾਰੀ ਗਰਲਜ ਸੀਨੀ. ਸੈਕੰ. ਸਕੂਲ ਗਾਂਧੀ ਕੈਂਪ ਵਿਖੇ ਪ੍ਰਿੰਸੀਪਲ ਤੇਜਿੰਦਰ ਕੌਰ ਦੀ ਅਗਵਾਈ 'ਚ 2-ਰੋਜ਼ਾ ਕੈਂਪ ਸਕੂਲ ਆਫਤ ਪ੍ਰਬੰਧਕ ਯੋਜਨਾ ਵਿਸ਼ੇ 'ਤੇ ਕੈਂਪ ਲਗਾਇਆ। ਜਿਸ ਵਿਚ ਰਿਸੋਰਸ ਪਰਸਨ ਵਜੋਂ ਸਿਵਲ ਡਿਫੈਂਸ ਦੇ ਹਰਬਖਸ਼ ਸਿੰਘ ਤੇ ਮਨਿੰਦਰ ਕੌਰ ਸਮੇਤ ਅਧਿਆਪਕ ਤੇ ਵਿਦਿਆਰਥਣਾਂ ਨੇ ਹਿੱਸਾ ਲਿਆ। ਵਿਸ਼ਵ ਮੁਢੱਲੀ ਸਹਾਇਤਾ ਦੇ ਬਾਨੀ ਭਾਈ ਘਨੱਈਆ ਜੀ ਦੇ 308ਵੇਂ ਪ੍ਰਲੋਕ ਗਮਨ ਦਿਵਸ (ਮਲ੍ਹਮ ਪੱਟੀ ਦਿਵਸ) ਮੌਕੇ ਤੇ ਸੇਵਾ ਦੇ ਪੁੰਜ ਭਗਤ ਪੂਰਨ ਸਿੰਘ ਜੀ ਤੇ ਬੀਬੀ ਜੋਗਿੰਦਰ ਕੌਰ ਕੋਹਲੀ ਮੁੰਬਈ ਦੇ ਜੀਵਨ ਤੇ ਸੇਵਾਵਾ ਬਾਰੇ ਦਸਿਆ ਤੇ ਦੇਸ਼ ਦੀ ਸੇਵਾ ਕਰਨ ਲਈ ਸਿਵਲ ਡਿਫੈਂਸ ਵਲੰਟੀਅਰ ਬਨਣ ਲਈ ਪ੍ਰੇਰਤ ਕੀਤਾ। ਇਸ ਬਾਅਦ ਵਿਚ ਸਕੂਲ ਆਫਤ ਪ੍ਰਬੰਧਕ ਯੋਜਨਾ ਵਿਸ਼ੇ 'ਤੇ ਜਾਣਕਾਰੀ ਦਿੱਤੀ ਗਈ ਕਿ ਕੋਈ ਵੀ ਘਟਨਾ ਜਾਂ ਦੁਰਘਟਨਾ ਕਦੇ ਵੀ ਦਸ ਕੇ ਨਹੀ ਆਉਂਦੀ ਪਰ ਪਹਿਲਾਂ ਸਿੱਖਿਅਤ ਹੋ ਕੇ ਹੀ ਜਾਨ ਮਾਲ ਦੇ ਨੁਕਸਾਨ ਨੂੰ ਘੱਟ ਜਰੂਰ ਕੀਤਾ ਜਾ ਸਕਦਾ ਹੈ ।ਜਿਸ ਵਿਚ ਸਿਵਲ ਡਿਫੈਂਸ ਦੇ ਉਦੇਸ਼, ਕੁਦਰਤੀ ਤੇ ਗੈਰ ਕੁਦਰਤੀ ਆਫਤਾਂ, ਡੀ.ਆਰ.ਐਸ, ਭੁਚਾਲ, ਲਿਫਟਿੰਗ-ਸ਼ਿਫਟਿੰਗ, ਮੁਢੱਲੀ ਅੱਗ ਸੁਰੱਖਿਆ ਬਾਰੇ, ਅੱਗ ਬੁਝਾਊ ਯੰਤਰ ਏਬੀਸੀ-ਪਾਸ, ਆਰਏਸੀਈ, ਫਸਟ ਏਡਰ/ਬਾਕਸ, ਐਲਪੀਜੀ, ਜਾਨਵਰ ਦੇ ਕੱਟਣਾ, ਸਹਾਇਤਾ ਨੰਬਰ 112, ਵਿਸ਼ਿਆਂ 'ਤੇ ਜਾਗਰੂਕ ਕਰਦੇ ਹੋਏ ਅਭਿਆਸ ਕਰਵਾਇਆ। ਇਸੇ ਦੌਰਾਨ ਸਵਾਲ ਜਵਾਬ ਦਾ ਵੀ ਸ਼ੈਸ਼ਨ ਹੋਇਆ। ਪ੍ਰਿੰਸੀਪਲ ਤੇ ਸਮੂਹ ਸਟਾਫ ਵਲੋਂ ਸਨਮਾਨ ਚਿੰਨ੍ਹ ਦੇਂਦੇ ਹੋਏ ਟੀਮ ਸਿਵਲ ਡਿਫੈਂਸ ਦਾ ਧੰਨਵਾਦ ਕੀਤਾ। ਅਧਿਆਪਕਾ ਪਰਦੀਪ ਕੌਰ, ਡਾ. ਸਤਿੰਦਰਜੀਤ ਕੌਰ, ਪ੍ਰੋਮਿਲਾ, ਨੀਟਾ ਭਾਟੀਆ, ਇੰਦੂ ਬਾਲਾ, ਜਤਿੰਦਰ ਕੌਰ, ਨਵਨੀਤ ਕੌਰ, ਚੰਦਨਪ੍ਰੀਤ, ਸਰਬਜੀਤ ਕੌਰ, ਗੁਰਜੀਤ ਕੌਰ, ਸ਼ਿਵਾਨੀ ਪੁਰੀ, ਜਗਮਨਜੀਤ ਕੌਰ, ਆਦਿ ਵੀ ਹਾਜ਼ਰ ਸਨ।

ਚੇਅਰਮੈਨ ਰਾਜੀਵ ਸ਼ਰਮਾ ਵਲੋਂ ਗੁਰਦਾਸਪੁਰ ਸ਼ਹਿਰ ਦੇ ਵਿਕਾਸ ਅਤੇ ਧਾਰਮਿਕ-ਸਮਾਜਿਕ ਸਾਂਝ ਨੂੰ ਮਜ਼ਬੂਤ ਕਰਨ ਵੱਲ ਇੱਕ ਹੋਰ ਸ਼ਾਨਦਾਰ ਉਪਰਾਲਾ

ਗੁਰਦਾਸਪੁਰ, 25 ਸਤੰਬਰ (ਗੁਲਸ਼ਨ ਕੁਮਾਰ ਰਣੀਆਂ) ਗੁਰਦਾਸਪੁਰ ਸ਼ਹਿਰ ਦੇ ਵਿਕਾਸ ਅਤੇ ਧਾਰਮਿਕ-ਸਮਾਜਿਕ ਸਾਂਝ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇੰਪਰੂਵਮੈਂਟ ਟਰੱਸਟ ਵੱਲੋਂ ਇੱਕ ਹੋਰ ਕਦਮ ਚੁੱਕਿਆ ਗਿਆ ਹੈ।ਇੰਪਰੂਵਮੈਂਟ ਟਰੱਸਟ ਗੁਰਦਾਸਪੁਰ ਦੇ ਚੇਅਰਮੈਨ ਰਾਜੀਵ ਸ਼ਰਮਾ ਵੱਲੋਂ ਬੱਸ ਅੱਡੇ ਦੇ ਪਿਛਲੇ ਪਾਸੇ ਸਥਿਤ ਪਾਰਕ ਨੂੰ ਸ੍ਰੀ ਗੁਰੂ ਨਾਭਾ ਦਾਸ ਜੀ ਦੇ ਨਾਮ 'ਤੇ ਵਿਕਸਤ ਕਰਨ ਲਈ 14.50 ਲੱਖ ਰੁਪਏ ਦੀ ਲਾਗਤ ਵਾਲਾ ਟੈਂਡਰ ਜਾਰੀ ਕੀਤਾ ਗਿਆ ਹੈ।ਚੇਅਰਮੈਨ ਰਾਜੀਵ ਸ਼ਰਮਾ ਨੇ ਦੱਸਿਆ ਕਿ ਕੁਝ ਦਿਨ ਪਹਿਲਾਂ ਸ੍ਰੀ ਗੁਰੂ ਨਾਭਾ ਦਾਸ ਜੀ ਸੇਵਾ ਕਲੱਬ ਵੱਲੋਂ ਮੰਗ ਰੱਖੀ ਗਈ ਸੀ ਕਿ ਗੁਰਦਾਸਪੁਰ ਵਿੱਚ ਸ੍ਰੀ ਗੁਰੂ ਨਾਭਾ ਦਾਸ ਜੀ ਦੇ ਨਾਮ 'ਤੇ ਚੌਕ ਜਾਂ ਪਾਰਕ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਉਸ ਸਮੇਂ ਸੰਸਥਾ ਦੇ ਮੈਂਬਰਾਂ ਨਾਲ ਵਾਅਦਾ ਕੀਤਾ ਸੀ ਕਿ ਉਨ੍ਹਾਂ ਦੀ ਮੰਗ ਨੂੰ ਜਲਦ ਪੂਰਾ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਇਸ ਮੰਗ ਨੂੰ ਧਿਆਨ ਵਿੱਚ ਰੱਖਦਿਆਂ ਬੱਸ ਅੱਡੇ ਦੇ ਪਿਛਲੇ ਪਾਸੇ ਸਥਿਤ ਪਾਰਕ ਨੂੰ ਸ੍ਰੀ ਗੁਰੂ ਨਾਭਾ ਦਾਸ ਜੀ ਦੇ ਨਾਮ 'ਤੇ ਵਿਕਸਤ ਕਰਨ ਦਾ ਫ਼ੈਸਲਾ ਕੀਤਾ ਗਿਆ ਹੈ ਅਤੇ ਇਸ ਲਈ ਹੁਣ ਟੈਂਡਰ ਵੀ ਜਾਰੀ ਕਰ ਦਿੱਤਾ ਗਿਆ ਹੈ। ਪਾਰਕ ਵਿੱਚ ਸ੍ਰੀ ਗੁਰੂ ਨਾਭਾ ਦਾਸ ਜੀ ਦੀ ਮੂਰਤੀ ਵੀ ਸਥਾਪਿਤ ਕੀਤੀ ਜਾਵੇਗੀ ਅਤੇ ਵਿਕਾਸ ਕਾਰਜ ਪੂਰੇ ਹੋਣ ਉਪਰੰਤ ਪਾਰਕ ਸੰਸਥਾ ਦੇ ਹਵਾਲੇ ਕੀਤਾ ਜਾਵੇਗਾ।ਇਸ ਮੌਕੇ ਸ੍ਰੀ ਗੁਰੂ ਨਾਭਾ ਦਾਸ ਸੇਵਾ ਸੰਸਥਾ ਦੇ ਪੰਜਾਬ ਪ੍ਰਧਾਨ ਬਬਲੂ ਸ਼ੇਰੀਆ ਨੇ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਰਾਜੀਵ ਸ਼ਰਮਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਕੁਝ ਹੀ ਦਿਨਾਂ ਵਿੱਚ ਸੰਸਥਾ ਦੀ ਮੰਗ ਨੂੰ ਪੂਰਾ ਕਰਨ ਲਈ ਕਾਰਵਾਈ ਸ਼ੁਰੂ ਕਰਨਾ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਭਾ ਦਾਸ ਜੀ ਦੇ ਨਾਮ 'ਤੇ ਬਣਨ ਵਾਲਾ ਇਹ ਪਾਰਕ ਸ਼ਹਿਰ ਵਾਸੀਆਂ ਲਈ ਇੱਕ ਸੁੰਦਰ ਸਥਾਨ ਵਜੋਂ ਵਿਕਸਤ ਹੋਵੇਗਾ।

ਨਸ਼ਾ ਮੁਕਤ ਪੰਜਾਬ ਯਾਤਰਾ' ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਨ ਲਈ ਪ੍ਰੇਰਣਾ ਸਾਧਨ

ਬਲਾਚੌਰ 25ਸਤੰਬਰ (ਤਜਿੰਦਰ ਜੋਤ ਜਸਵਿੰਦਰ ਕੌਰ) ਭਾਰਤੀ ਜਨਤਾ ਪਾਰਟੀ ਵੱਲੋਂ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦੇ ਮਹੱਤਵਪੂਰਨ ਉਦੇਸ਼ ਨਾਲ ਕੱਢੀ ਜਾ ਰਹੀ 'ਨਸ਼ਾ ਮੁਕਤ ਪੰਜਾਬ ਯਾਤਰਾ' ਦੀ ਸ਼ਲਾਘਾ ਕਰਦਿਆਂ ਭਾਜਪਾ ਯੁਵਾ ਮੋਰਚਾ ਦੇ ਪ੍ਰਧਾਨ ਐਡਵੋਕੇਟ ਪੰਕਜ ਕੁਮਾਰ ਨੇ ਕਿਹਾ ਕਿ ਸੂਬੇ ਵਿੱਚੋਂ ਨਸ਼ਿਆਂ ਦੀ ਬੁਰਾਈ ਨੂੰ ਜੜ੍ਹੋਂ ਖ਼ਤਮ ਕਰਨ ਲਈ ਅਜਿਹੇ ਵਿਆਪਕ ਲੋਕ-ਜਾਗਰੂਕਤਾ ਅਭਿਆਨਾਂ ਦੀ ਸਖ਼ਤ ਲੋੜ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਸ ਯਾਤਰਾ ਦਾ ਮੁੱਖ ਮਕਸਦ ਨੌਜਵਾਨ ਸ਼ਕਤੀ ਨੂੰ ਨਸ਼ਿਆਂ ਦੇ ਮਾਰੂ ਪ੍ਰਭਾਵਾਂ ਤੋਂ ਜਾਣੂ ਕਰਵਾਉਣਾ ਅਤੇ ਉਨ੍ਹਾਂ ਨੂੰ ਸਿਹਤਮੰਦ, ਨਰੋਏ ਤੇ ਰਚਨਾਤਮਕ ਜੀਵਨ ਵੱਲ ਪ੍ਰੇਰਿਤ ਕਰਨਾ ਹੈ। ਐਡਵੋਕੇਟ ਪੰਕਜ ਕੁਮਾਰ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਪੰਜਾਬ ਦੀ ਨੌਜਵਾਨੀ ਹੀ ਸੂਬੇ ਦੀ ਸਭ ਤੋਂ ਵੱਡੀ ਤਾਕਤ ਹੈ। ਜੇਕਰ ਸਾਡੇ ਨੌਜਵਾਨ ਨਸ਼ਿਆਂ ਵਰਗੀਆਂ ਭੈੜੀਆਂ ਅਲਾਮਤਾਂ ਤੋਂ ਦੂਰ ਰਹਿ ਕੇ ਖੇਡਾਂ, ਉੱਚ ਸਿੱਖਿਆ, ਰੁਜ਼ਗਾਰ ਅਤੇ ਸਮਾਜ ਸੇਵਾ ਦੇ ਖੇਤਰਾਂ ਨਾਲ ਜੁੜਨ, ਤਾਂ ਪੰਜਾਬ ਦੀ ਤਰੱਕੀ ਅਤੇ ਖ਼ੁਸ਼ਹਾਲੀ ਨੂੰ ਇੱਕ ਨਵੀਂ ਤੇ ਹਾਂ-ਪੱਖੀ ਦਿਸ਼ਾ ਮਿਲ ਸਕਦੀ ਹੈ। ਉਨ੍ਹਾਂ ਨੌਜਵਾਨ ਵਰਗ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਉਹ ਨਾ ਸਿਰਫ਼ ਆਪ ਨਸ਼ਿਆਂ ਤੋਂ ਦੂਰ ਰਹਿਣ, ਸਗੋਂ ਆਪਣੇ ਸਾਥੀਆਂ, ਦੋਸਤਾਂ ਅਤੇ ਆਸ-ਪਾਸ ਦੇ ਲੋਕਾਂ ਨੂੰ ਵੀ ਇਸ ਸਮਾਜਿਕ ਕੋਹੜ ਖ਼ਿਲਾਫ਼ ਜਾਗਰੂਕ ਕਰਨ ਲਈ ਅੱਗੇ ਆਉਣ। ਸਾਂਝੇ ਯਤਨਾਂ ਦੀ ਲੋੜ ਉਨ੍ਹਾਂ ਅੱਗੇ ਕਿਹਾ ਕਿ ਨਸ਼ਿਆਂ ਦੀ ਗੰਭੀਰ ਸਮੱਸਿਆ ਕਿਸੇ ਇੱਕ ਪਰਿਵਾਰ, ਵਿਅਕਤੀ ਜਾਂ ਵਰਗ ਤੱਕ ਸੀਮਤ ਨਹੀਂ ਹੈ, ਸਗੋਂ ਇਹ ਪੂਰੇ ਸਮਾਜ ਨਾਲ ਜੁੜਿਆ ਇੱਕ ਬਹੁਤ ਹੀ ਚਿੰਤਾਜਨਕ ਮੁੱਦਾ ਹੈ। ਇਸ ਬੁਰਾਈ ਤੇ ਕਾਬੂ ਪਾਉਣ ਲਈ ਸਰਕਾਰ, ਸਮਾਜਿਕ ਸੰਸਥਾਵਾਂ, ਧਾਰਮਿਕ ਜਥੇਬੰਦੀਆਂ, ਮਾਪਿਆਂ ਅਤੇ ਨੌਜਵਾਨਾਂ ਨੂੰ ਆਪਸੀ ਤਾਲਮੇਲ ਨਾਲ ਇੱਕਜੁੱਟ ਹੋ ਕੇ ਸਾਂਝੀ ਲੜਾਈ ਲੜਨ ਦ

ਬਲਵਿੰਦਰ ਸਿੰਘ ਲਾਡੀ ਨੇ ਪਿੰਡ ਫੁਲਕੇ ਵਿਖੇ ਮੇਰੀ ਰਸੋਈ ਯੋਜਨਾ ਤਹਿਤ ਜਰੂਰਤਮੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ

ਸ੍ਰੀ ਹਰਗੋਬਿੰਦਪੁਰ ਸਾਹਿਬ/ਬਟਾਲਾ, 25 ਸਤੰਬਰ (ਸੰਜੀਵ ਨਈਅਰ) ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਸਾਬਕਾ ਵਿਧਾਇਕ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਬਲਵਿੰਦਰ ਸਿੰਘ ਲਾਡੀ ਨੇ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਪਿੰਡ ਫੁਲਕੇ ਵਿਖੇ ਮੁੱਖ ਮੰਤਰੀ ਮੇਰੀ ਰਸੋਈ ਯੋਜਨਾਂ ਤਹਿਤ ਰਾਸ਼ਨ ਦੀਆ ਕਿੱਟਾਂ ਵੰਡੀਆਂ। ਇਸ ਮੌਕੇ ਹਰਜੀਤ ਸਿੰਘ ਸੋਨੂ, ਡਾਕਟਰ ਬੱਲਾ, ਕੁਲਵਿੰਦਰ ਸਿੰਘ ਬਿੱਟੂ ਸਤਨਾਮ ਸਿੰਘ, ਕੇਵਲ ਸਿੰਘ, ਹਰਜੀਤ ਸਿੰਘ ਜੀਤਾ, ਸਰਪੰਚ, ਏ.ਐਸ. ਆਈ ਸਤਨਾਮ ਸਿੰਘ, ਸੰਨੀ, ਰਿੰਕੂ, ਮੰਨਾ, ਬਾਜਵਾ ਅਤੇ ਸਮੂਹ ਪੰਚਾਇਤ ਪਿੰਡ ਫੁਲਕੇ ਆਦਿ ਹਾਜ਼ਰ ਸਨ। ਇਸ ਮੌਕੇ ਗੱਲਬਾਤ ਕਰਦਿਆਂ ਬਲਵਿੰਦਰ ਸਿੰਘ ਲਾਡੀ ਨੇ ਕਿਹਾ ਕਿ ਮਾਨ ਸਰਕਾਰ ਨੇ ਪੰਜਾਬ ਦੇ ਲੋਕਾਂ ਨਾਲ ਜੋ ਵਾਅਦੇ ਕੀਤੇ ਸਨ ਉਹ ਸਾਰੇ ਪੂਰੇ ਕੀਤੇ ਹਨ ਤੇ ਉਸ ਤੋਂ ਵੱਧ ਕੇ ਕੰਮ ਕੀਤੇ ਹਨ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਭੇਜੀ ਗਈ ਇਸ ਵਿਸ਼ੇਸ਼ ਰਾਸ਼ਨ ਕਿੱਟ ਵਿੱਚ ਗਰੀਬ ਪਰਿਵਾਰਾਂ ਦੀ ਰੋਜ਼ਾਨਾ ਰਸੋਈ ਦੀ ਵਰਤੋਂ ਵਾਲੀਆਂ ਮਿਆਰੀ ਵਸਤੂਆਂ ਸ਼ਾਮਲ ਹਨ, ਜੋ ਸਿੱਧੇ ਤੌਰ ਤੇ ਉਨ੍ਹਾਂ ਤੱਕ ਪਹੁੰਚਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ ਅਤੇ ਕੋਈ ਵੀ ਲੋੜਵੰਦ ਪਰਿਵਾਰ ਰਾਸ਼ਨ ਤੋਂ ਵਾਂਝਾ ਨਹੀਂ ਰਹਿਣ ਦਿੱਤਾ ਜਾਵੇਗਾ। ਇਸ ਮੌਕੇ ਰਾਸ਼ਨ ਕਿੱਟਾਂ ਹਾਸਲ ਕਰਨ ਵਾਲੇ ਲਾਭਪਾਤਰੀਆਂ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਅਤੇ ਬਲਵਿੰਦਰ ਸਿੰਘ ਲਾਡੀ ਦਾ ਧੰਨਵਾਦ ਕੀਤਾ। ਉਨ੍ਹਾਂ ਖੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਮਿਲਣ ਵਾਲੀਆਂ ਇਹ ਸਹੂਲਤਾਂ ਬਿਨਾਂ ਕਿਸੇ ਪੱਖਪਾਤ ਦੇ ਬਿਲਕੁਲ ਸਹੀ ਸਮੇਂ ਤੇ ਸਿੱਧੇ ਲੋੜਵੰਦਾਂ ਤੱਕ ਪਹੁੰਚ ਰਹੀਆਂ ਹਨ, ਜਿਸ ਨਾਲ ਆਮ ਲੋਕਾਂ ਨੂੰ ਵੱਡੀ ਆਰਥਿਕ ਰਾਹਤ ਮਿਲੀ ਹੈ।

ਜਰਨੈਲ ਸਿੰਘ ਢੋਟ ਵੱਲੋਂ ਐਡਵੋਕੇਟ ਗੁਰਪ੍ਰੀਤ ਸਿੰਘ ਪਨੇਸਰ ਨੂੰ ਦੂਜੀ ਵਾਰ ਬਾਰ ਐਸੋਸੀਏਸ਼ਨ ਅੰਮ੍ਰਿਤਸਰ ਦਾ ਪ੍ਰਧਾਨ ਬਣਨ 'ਤੇ ਵਧਾਈ

ਅੰਮ੍ਰਿਤਸਰ, 25 ਸਤੰਬਰ (ਰਾਜੇਸ਼ ਡੈਨੀ) ਆਮ ਆਦਮੀ ਪਾਰਟੀ ਦੇ ਲੋਕ ਸਭਾ ਹਲਕਾ ਅੰਮ੍ਰਿਤਸਰ ਦੇ ਇੰਚਾਰਜ ਜਰਨੈਲ ਸਿੰਘ ਢੋਟ ਨੇ ਐਡਵੋਕੇਟ ਗੁਰਪ੍ਰੀਤ ਸਿੰਘ ਪਨੇਸਰ ਨੂੰ ਦੂਜੀ ਵਾਰ ਬਾਰ ਐਸੋਸੀਏਸ਼ਨ ਅੰਮ੍ਰਿਤਸਰ ਦਾ ਪ੍ਰਧਾਨ ਚੁਣੇ ਜਾਣ 'ਤੇ ਵਧਾਈ ਦਿੱਤੀ।ਇਸ ਮੌਕੇ ਜਰਨੈਲ ਸਿੰਘ ਢੋਟ ਨੇ ਐਡਵੋਕੇਟ ਗੁਰਪ੍ਰੀਤ ਸਿੰਘ ਪਨੇਸਰ ਦਾ ਮੂੰਹ ਮਿੱਠਾ ਕਰਵਾਉਂਦਿਆਂ ਉਨ੍ਹਾਂ ਦੀ ਜਿੱਤ 'ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਕਿਹਾ ਕਿ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਵਜੋਂ ਦੂਜੀ ਵਾਰ ਸੇਵਾ ਕਰਨ ਦਾ ਮੌਕਾ ਮਿਲਣਾ ਉਨ੍ਹਾਂ ਦੀ ਵਕਾਲਤ ਦੇ ਖੇਤਰ ਵਿੱਚ ਕੀਤੀ ਜਾ ਰਹੀ ਮਿਹਨਤ ਅਤੇ ਵਕੀਲ ਭਾਈਚਾਰੇ ਦੇ ਵਿਸ਼ਵਾਸ ਨੂੰ ਦਰਸਾਉਂਦਾ ਹੈ।ਇਸ ਦੌਰਾਨ ਗੁਰੂ ਨਗਰੀ ਅੰਮ੍ਰਿਤਸਰ ਦੇ ਲੋੜਵੰਦ ਲੋਕਾਂ ਨੂੰ ਕਾਨੂੰਨੀ ਸਹੂਲਤਾਂ ਮੁਹੱਈਆ ਕਰਵਾਉਣ ਅਤੇ ਉਨ੍ਹਾਂ ਨੂੰ ਨਿਆਂ ਪ੍ਰਾਪਤੀ ਵਿੱਚ ਸਹਿਯੋਗ ਦੇਣ ਸਬੰਧੀ ਵਿਚਾਰ-ਵਟਾਂਦਰਾ ਵੀ ਕੀਤਾ ਗਿਆ। ਉਨ੍ਹਾਂ ਕਿਹਾ ਕਿ ਲੋੜਵੰਦ ਲੋਕਾਂ ਨੂੰ ਕਾਨੂੰਨੀ ਸਹਾਇਤਾ ਪ੍ਰਦਾਨ ਕਰਨ ਲਈ ਸਾਂਝੇ ਯਤਨ ਕੀਤੇ ਜਾਣੇ ਚਾਹੀਦੇ ਹਨ, ਤਾਂ ਜੋ ਹਰ ਵਿਅਕਤੀ ਨੂੰ ਨਿਆਂ ਪ੍ਰਾਪਤ ਕਰਨ ਦੇ ਬਰਾਬਰ ਮੌਕੇ ਮਿਲ ਸਕਣ।ਇਸ ਮੌਕੇ ਸਰਬਜੀਤ ਸਿੰਘ ਬੱਲ, ਰਾਕੇਸ਼ ਬੀਰ ਅਤੇ ਬਲਰਾਜ ਸਿੰਘ ਵੀ ਹਾਜ਼ਰ ਸਨ।

ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸ੍ਰੀ ਗੁਰੂ ਸਿੰਘ ਸਭਾ ਗੁਰਦੁਆਰਾ ਐਸੋਸੀਏਸ਼ਨ ਬੀ.ਸੀ. ਕੈਨੇਡਾ ਨੂੰ ਲਿਖਤੀ ਸਪੱਸ਼ਟੀਕਰਨ ਦੇਣ ਦੇ ਆਦੇਸ਼

ਸ੍ਰੀ ਅੰਮ੍ਰਿਤਸਰ 25 ਸਤੰਬਰ (ਮੋਹਕਮ ਸਿੰਘ) ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਜਾਣਕਾਰੀ ਪੁੱਜੀ ਹੈ ਕਿ ਬੀਤੇ ਦਿਨੀਂ ਟੋਰਾਂਟੋ ਕੈਨੇਡਾ ਤੋਂ ਕੁਝ ਸਿੰਘ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਪਾਵਨ ਬੀੜਾਂ ਪ੍ਰਾਪਤ ਕਰਨ ਲਈ ਸ੍ਰੀ ਗੁਰੂ ਸਿੰਘ ਸਭਾ ਗੁਰਦੁਆਰਾ ਐਸੋਸੀਏਸ਼ਨ, ਸਰੀ, ਬੀ.ਸੀ., ਕੈਨੇਡਾ ਵਿਖੇ ਪਹੁੰਚੇ ਸਨ। ਇਸ ਮੌਕੇ ਪਾਵਨ ਬੀੜਾਂ ਲੈ ਕੇ ਜਾਣ ਵਾਲੀ ਗੱਡੀਆਂ ਦੀ ਮਰਯਾਦਾ ਤੇ ਗੁਰੂ ਸਾਹਿਬ ਜੀ ਦੇ ਸਤਿਕਾਰ ਪੱਖੋਂ ਜਾਂਚ ਕੀਤੇ ਬਿਨਾਂ ਹੀ ਗੁਰਦੁਆਰਾ ਪ੍ਰਬੰਧਕਾਂ ਵੱਲੋਂ ਪਾਵਨ ਬੀੜਾਂ ਦੇਣ ਦੀ ਆਗਿਆ ਕੀਤੇ ਜਾਣ ਸਬੰਧੀ ਘਟਨਾ ਸਾਹਮਣੇ ਆਈ ਹੈ। ਸਥਾਨਕ ਸੰਗਤ ਵੱਲੋਂ ਇਸ ਦਾ ਵਿਰੋਧ ਕੀਤੇ ਜਾਣ ਉਪਰੰਤ ਪ੍ਰਬੰਧਕਾਂ ਵੱਲੋਂ ਪਾਵਨ ਸਰੂਪ ਗੁਰਦੁਆਰਾ ਸਾਹਿਬ ਵਿਖੇ ਮੁੜ ਬਿਰਾਜਮਾਨ ਕਰਵਾਏ ਗਏ। ਇਸ ਘਟਨਾ ਕਾਰਨ ਸਿੱਖ ਸੰਗਤਾਂ ਦੇ ਮਨਾਂ ਵਿੱਚ ਰੋਸ ਪੈਦਾ ਹੋਇਆ ਹੈ। ਭਾਵੇਂ ਗੁਰਦੁਆਰਾ ਸਾਹਿਬ ਵੱਲੋਂ ਸੋਸ਼ਲ ਮੀਡੀਆ ਰਾਹੀਂ ਇਸ ਸਬੰਧੀ ਸਪੱਸ਼ਟੀਕਰਨ ਅਤੇ ਸੰਗਤ ਪਾਸੋਂ ਖਿਮਾ ਜਾਚਨਾ ਜਨਤਕ ਕੀਤੀ ਗਈ ਹੈ, ਪਰੰਤੂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਹੋਏ ਆਦੇਸ਼ ਅਨੁਸਾਰ ਸ੍ਰੀ ਗੁਰੂ ਸਿੰਘ ਸਭਾ ਗੁਰਦੁਆਰਾ ਐਸੋਸੀਏਸ਼ਨ ਬੀ.ਸੀ. ਕੈਨੇਡਾ ਨੂੰ ਹਦਾਇਤ ਕੀਤੀ ਗਈ ਹੈ ਕਿ ਇਸ ਹੋਈ ਅਣਗਹਿਲੀ ਸਬੰਧੀ ਉਹ ਆਪਣਾ ਲਿਖਤੀ ਸਪੱਸ਼ਟੀਕਰਨ 15 ਦਿਨਾਂ ਦੇ ਅੰਦਰ-ਅੰਦਰ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਭੇਜਣਗੇ। ਕੀਤੇ ਗਏ ਆਦੇਸ਼ ਵਿੱਚ ਕਿਹਾ ਗਿਆ ਹੈ ਕਿ ਬੀਤੇ ਸਮੇਂ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਰਾਹੀਂ ਸ੍ਰੀ ਗੁਰੂ ਸਿੰਘ ਸਭਾ ਗੁਰਦੁਆਰਾ ਐਸੋਸੀਏਸ਼ਨ ਬੀ.ਸੀ. ਕੈਨੇਡਾ ਵਿਖੇ ਜੋ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਪਹੁੰਚੇ ਹਨ, ਉਨ੍ਹਾਂ ਦੀ ਮੁਕੰਮਲ ਵੇਰਵੇ ਸਹਿਤ ਜਾਣਕਾਰੀ ਵੀ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਭੇਜੀ ਜਾਵੇ। ਗੁਰਦੁਆਰਾ ਪ੍ਰਬੰਧਕਾਂ ਨੂੰ ਇਹ ਸਪੱਸ਼ਟ ਕਰਨ ਦੇ ਆਦੇਸ਼ ਕੀਤੇ ਗਏ ਹਨ ਕਿ ਉਨ੍ਹਾਂ ਨੂੰ ਪ੍ਰਾਪਤ ਹੋਈਆਂ ਪਾਵਨ ਬੀੜਾਂ ਵਿੱਚੋਂ ਕਿੰਨੀਆਂ ਸੰਗਤਾਂ ਨੂੰ ਮੁਹੱਈਆ ਕਰਵਾਈਆਂ ਗਈਆਂ ਹਨ, ਕਿੰਨੀਆਂ ਗੁਰਦੁਆਰਾ ਸਾਹਿਬ ਕੋਲ ਮੌਜੂਦ ਹਨ ਅਤੇ ਸੰਗਤ ਵੱਲੋਂ ਹੋਰ ਕਿੰਨੇ ਪਾਵਨ ਸਰੂਪਾਂ ਦੀ ਮੰਗ ਕੀਤੀ ਜਾ ਰਹੀ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਬੀ.ਸੀ. ਕੈਨੇਡਾ ਦੀ ਸਮੂਹ ਸੰਗਤ ਨੂੰ ਵੀ ਹਦਾਇਤ ਕੀਤੀ ਗਈ ਹੈ ਕਿ ਗੁਰੂ ਸਾਹਿਬ ਜੀ ਦੀ ਭੈਅ-ਭਾਵਨੀ ਵਿੱਚ ਰਹਿੰਦਿਆਂ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨਾਲ ਆਪਸੀ ਪ੍ਰੇਮ, ਸਦਭਾਵਨਾ ਅਤੇ ਇਤਫਾਕ ਵਾਲਾ ਮਾਹੌਲ ਬਣਾਉਣ ਲਈ ਸਹਿਯੋਗ ਬਣਨ।

ਪਾਸਪੋਰਟ ਜਲਦ ਜਾਰੀ ਕਰਵਾਉਣ ਦੇ ਨਾਂ 'ਤੇ 20 ਹਜ਼ਾਰ ਰੁਪਏ ਰਿਸ਼ਵਤ ਲੈਂਦੀ ਨਿੱਜੀ ਪਾਸਪੋਰਟ ਏਜੰਟ ਕਾਬੂ, ਦੂਜੇ ਮੁਲਜ਼ਮ ਐੱਨ.ਪੀ. ਸਿੰਘ ਦੀ ਗ੍ਰਿਫ਼ਤਾਰੀ ਬਾਕੀ

ਜਲੰਧਰ, 25 ਸਤੰਬਰ (ਜੇ ਐਸ ਸੰਧੂ ਤੇ ਕੰਵਲਜੀਤ ਸਿੰਘ ਮੱਕੜ) ਰਾਜ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਤਹਿਤ ਪੰਜਾਬ ਵਿਜੀਲੈਂਸ ਬਿਊਰੋ ਨੇ ਜਲੰਧਰ ਵਿੱਚ ਕਾਰਵਾਈ ਕਰਦਿਆਂ ਇੱਕ ਨਿੱਜੀ ਪਾਸਪੋਰਟ ਏਜੰਟ ਹਰਦੀਪ ਕੌਰ ਨੂੰ 20 ਹਜ਼ਾਰ ਰੁਪਏ ਦੀ ਕਥਿਤ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਮੁਲਜ਼ਮ ਮਹਿਲਾ ਨੇ ਪਾਸਪੋਰਟ ਦਫ਼ਤਰ ਦੇ ਅਧਿਕਾਰੀਆਂ ਨਾਲ ਕਥਿਤ ਜਾਣ-ਪਛਾਣ ਹੋਣ ਦਾ ਹਵਾਲਾ ਦਿੰਦਿਆਂ ਪਾਸਪੋਰਟ ਜਲਦ ਜਾਰੀ ਕਰਵਾਉਣ ਲਈ ਰਿਸ਼ਵਤ ਦੀ ਮੰਗ ਕੀਤੀ ਸੀ। ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਅਨੁਸਾਰ ਇਹ ਕਾਰਵਾਈ ਜ਼ਿਲ੍ਹਾ ਜਲੰਧਰ ਦੀ ਫਿਲੌਰ ਤਹਿਸੀਲ ਅਧੀਨ ਪਿੰਡ ਕੰਦੋਲਾ ਖੁਰਦ ਦੇ ਵਸਨੀਕ ਵੱਲੋਂ ਕੀਤੀ ਗਈ ਸ਼ਿਕਾਇਤ ਦੇ ਆਧਾਰ 'ਤੇ ਕੀਤੀ ਗਈ। ਸ਼ਿਕਾਇਤਕਰਤਾ ਨੇ ਪਾਸਪੋਰਟ ਲਈ ਅਰਜ਼ੀ ਦਿੱਤੀ ਸੀ ਅਤੇ ਉਸ ਦਾ ਪੁਲਿਸ ਵੈਰੀਫਿਕੇਸ਼ਨ ਵੀ ਮੁਕੰਮਲ ਹੋ ਚੁੱਕਾ ਸੀ।ਜਦੋਂ ਸ਼ਿਕਾਇਤਕਰਤਾ ਆਪਣੇ ਅਸਲ ਦਸਤਾਵੇਜ਼ਾਂ ਸਮੇਤ ਜਲੰਧਰ ਸਥਿਤ ਪਾਸਪੋਰਟ ਦਫ਼ਤਰ ਪਹੁੰਚੀ ਤਾਂ ਉੱਥੇ ਸਬੰਧਤ ਕਰਮਚਾਰੀ ਵੱਲੋਂ ਉਸ ਨੂੰ ਦੱਸਿਆ ਗਿਆ ਕਿ ਉਸ ਦਾ ਪੁਲਿਸ ਵੈਰੀਫਿਕੇਸ਼ਨ ਹਾਲੇ ਪੂਰਾ ਨਹੀਂ ਹੋਇਆ। ਜਦੋਂ ਉਹ ਪਾਸਪੋਰਟ ਦਫ਼ਤਰ ਤੋਂ ਬਾਹਰ ਆਈ ਤਾਂ ਦੋ ਨਿੱਜੀ ਪਾਸਪੋਰਟ ਏਜੰਟ ਐੱਨ.ਪੀ. ਸਿੰਘ ਅਤੇ ਹਰਦੀਪ ਕੌਰ ਕਥਿਤ ਤੌਰ 'ਤੇ ਉਸ ਦੇ ਸੰਪਰਕ ਵਿੱਚ ਆਏ।ਦੋਵਾਂ ਨੇ ਕਥਿਤ ਤੌਰ 'ਤੇ ਬਿਨਾਂ ਪੁਲਿਸ ਵੈਰੀਫਿਕੇਸ਼ਨ ਦੇ ਪਾਸਪੋਰਟ ਜਾਰੀ ਕਰਵਾਉਣ ਲਈ 35 ਹਜ਼ਾਰ ਰੁਪਏ ਦੀ ਮੰਗ ਕੀਤੀ। ਸ਼ਿਕਾਇਤਕਰਤਾ ਨੇ ਰਿਸ਼ਵਤ ਦੀ ਮੰਗ ਸਬੰਧੀ ਹੋਈ ਗੱਲਬਾਤ ਨੂੰ ਰਿਕਾਰਡ ਕਰ ਲਿਆ ਅਤੇ ਇਸ ਤੋਂ ਬਾਅਦ ਇਸ ਮਾਮਲੇ ਦੀ ਸ਼ਿਕਾਇਤ ਵਿਜੀਲੈਂਸ ਬਿਊਰੋ ਦੀ ਜਲੰਧਰ ਰੇਂਜ ਨੂੰ ਦਿੱਤੀ। ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਕੀਤੀ ਗਈ ਕਾਰਵਾਈ ਦੌਰਾਨ ਨਿੱਜੀ ਪਾਸਪੋਰਟ ਏਜੰਟ ਹਰਦੀਪ ਕੌਰ ਨੂੰ ਸ਼ਿਕਾਇਤਕਰਤਾ ਤੋਂ 20 ਹਜ਼ਾਰ ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ।ਇਸ ਮਾਮਲੇ ਵਿੱਚ ਦੂਜੇ ਮੁਲਜ਼ਮ ਨਰਿੰਦਰ ਪਾਲ ਸਿੰਘ ਉਰਫ਼ ਐੱਨ. ਪੀ. ਸਿੰਘ ਦੀ ਗ੍ਰਿਫ਼ਤਾਰੀ ਹਾਲੇ ਬਾਕੀ ਹੈ। ਮਾਮਲੇ ਦੀ ਅਗਲੀ ਜਾਂਚ ਦੌਰਾਨ ਪਾਸਪੋਰਟ ਦਫ਼ਤਰ ਦੇ ਸਬੰਧਤ ਅਧਿਕਾਰੀਆਂ ਜਾਂ ਕਰਮਚਾਰੀਆਂ ਦੀ ਭੂਮਿਕਾ ਦੀ ਵੀ ਜਾਂਚ ਕੀਤੀ ਜਾਵੇਗੀ, ਵਿਜੀਲੈਂਸ ਬਿਊਰੋ ਨੇ ਮੁਲਜ਼ਮ ਹਰਦੀਪ ਕੌਰ ਵਿਰੁੱਧ ਜਲੰਧਰ ਸਥਿਤ ਵਿਜੀਲੈਂਸ ਬਿਊਰੋ ਥਾਣੇ ਵਿੱਚ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਸਬੰਧਤ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਹੈ। ਮਾਮਲੇ ਦੀ ਅਗਲੀ ਜਾਂਚ ਜਾਰੀ ਹੈ।

ਅਰਨੀ ਸਕੂਲ ਆਫ ਫਾਰਮੇਸੀ ਵਿੱਚ ਵਿਸ਼ਵ ਫਾਰਮਾਸਿਸਟ ਦਿਵਸ ਮਨਾਇਆ ਗਿਆ



ਕਾਠਗੜ੍ਹ, ਇੰਦੌਰਾ 25 ਸਤੰਬਰ (ਤਰੁਣ ਸਣਹੋਤਰਾ) ਅਰਨੀ ਯੂਨੀਵਰਸਿਟੀ ਦੇ ਅਰਨੀ ਸਕੂਲ ਆਫ ਫਾਰਮੇਸੀ ਵਿੱਚ ਵਿਸ਼ਵ ਫਾਰਮਾਸਿਸਟ ਦਿਵਸ ਦੇ ਮੌਕੇ 'ਤੇ ਵੱਖ-ਵੱਖ ਜਾਗਰੂਕਤਾ ਪ੍ਰੋਗਰਾਮਾਂ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਫਾਰਮੇਸੀ ਦੇ ਵਿਦਿਆਰਥੀਆਂ ਵੱਲੋਂ ਸਮਾਜਿਕ ਜਾਗਰੂਕਤਾ ਦੇ ਉਦੇਸ਼ ਨਾਲ ਜਾਗਰੂਕਤਾ ਰੈਲੀ ਕੱਢੀ ਗਈ। ਇਸ ਦੇ ਨਾਲ ਹੀ ਰੰਗੋਲੀ ਮੁਕਾਬਲਾ, ਪੋਸਟਰ ਪ੍ਰਸਤੁਤੀ, ਨੁੱਕੜ ਨਾਟਕ ਅਤੇ ਭਾਸ਼ਣ ਮੁਕਾਬਲੇ ਵੀ ਕਰਵਾਏ ਗਏ।ਪ੍ਰੋਗਰਾਮ ਦੌਰਾਨ ਯੂਨੀਵਰਸਿਟੀ ਦੇ ਕੁਲਾਧਿਪਤੀ ਡਾ. ਵਿਵੇਕ ਸਿੰਘ ਨੇ ਕਿਹਾ ਕਿ ਫਾਰਮੇਸੀ ਮੈਡੀਕਲ ਖੇਤਰ ਦੀ ਰੀੜ੍ਹ ਦੀ ਹੱਡੀ ਹੈ।' ਉਨ੍ਹਾਂ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਫਾਰਮੇਸੀ ਦੇ ਵਿਦਿਆਰਥੀ ਸਮਾਜ ਵਿੱਚ ਸਿਹਤ ਸਬੰਧੀ ਜਾਗਰੂਕਤਾ ਫੈਲਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦੇ ਹਨ। ਲੋਕਾਂ ਨੂੰ ਵੱਖ-ਵੱਖ ਬਿਮਾਰੀਆਂ ਦੇ ਕਾਰਨਾਂ, ਬਚਾਅ ਅਤੇ ਸਾਵਧਾਨੀਆਂ ਪ੍ਰਤੀ ਜਾਗਰੂਕ ਕਰਕੇ ਕਈ ਬਿਮਾਰੀਆਂ ਨੂੰ ਗੰਭੀਰ ਰੂਪ ਧਾਰਨ ਕਰਨ ਤੋਂ ਪਹਿਲਾਂ ਹੀ ਰੋਕਿਆ ਜਾ ਸਕਦਾ ਹੈ। ਇਸ ਮੌਕੇ ਅਰਨੀ ਯੂਨੀਵਰਸਿਟੀ ਦੇ ਕੁਲਪਤੀ ਡਾ. ਆਰ. ਕੇ. ਪਾਂਡੇ ਨੇ ਹਰੀ ਝੰਡੀ ਦਿਖਾ ਕੇ ਜਾਗਰੂਕਤਾ ਰੈਲੀ ਨੂੰ ਰਵਾਨਾ ਕੀਤਾ। ਰੈਲੀ ਰਾਹੀਂ ਵਿਦਿਆਰਥੀਆਂ ਨੇ ਆਮ ਲੋਕਾਂ ਨੂੰ ਸਿਹਤ ਅਤੇ ਵੱਖ-ਵੱਖ ਬਿਮਾਰੀਆਂ ਤੋਂ ਬਚਾਅ ਪ੍ਰਤੀ ਜਾਗਰੂਕ ਕੀਤਾ। ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਗਏ ਨੁੱਕੜ ਨਾਟਕ ਰਾਹੀਂ ਵੀ ਲੋਕਾਂ ਨੂੰ ਸਿਹਤ ਸਬੰਧੀ ਮਹੱਤਵਪੂਰਨ ਸੰਦੇਸ਼ ਦਿੱਤੇ ਗਏ। ਪ੍ਰੋਗਰਾਮ ਦੇ ਅੰਤ ਵਿੱਚ ਰੰਗੋਲੀ ਮੁਕਾਬਲੇ, ਪੋਸਟਰ ਪ੍ਰਸਤੁਤੀ, ਨੁੱਕੜ ਨਾਟਕ ਅਤੇ ਭਾਸ਼ਣ ਮੁਕਾਬਲੇ ਵਿੱਚ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਪ੍ਰਦਾਨ ਕਰਕੇ ਸਨਮਾਨਿਤ ਕੀਤਾ ਗਿਆ। ਕੁਲਸਚਿਵ ਡਾ. ਸੰਜੀਵ ਕੁਮਾਰ ਨੇ ਜੇਤੂ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਐਚ. ਓ. ਡੀ. ਸ਼ੈਰਿਆ ਪ੍ਰਤਾਪ, ਡਾ. ਅਭਿਸ਼ੇਕ, ਕਪਿਲ ਮੌਰਿਆ, ਕਿਸਲੇ ਮਇਤੀ, ਅੰਕੁਸ਼ ਉੱਪਲ, ਵਿਵੇਕ ਕਰੇਲ, ਕਿੰਮੀ, ਸ਼ਾਲਿਨੀ, ਸ਼ਵੇਤਾ, ਪ੍ਰਿਯੰਕਾ, ਅਮੀਸ਼ਾ, ਸਚਿਨ ਅਤੇ ਵਿਪਿਨ ਸਮੇਤ ਅਰਨੀ ਸਕੂਲ ਆਫ ਫਾਰਮੇਸੀ ਦੇ ਅਧਿਆਪਕਗਣ ਅਤੇ ਵਿਦਿਆਰਥੀ ਹਾਜ਼ਰ ਰਹੇ।

ਜੈ ਕ੍ਰਿਸ਼ਨ ਮੰਦਰ ਵਿਖੇ ਸ਼੍ਰੀ ਗੋਵਿੰਦ ਪ੍ਰਭੂ ਜਯੰਤੀ ਸ਼ਰਧਾ ਨਾਲ ਮਨਾਈ ਗਈ

ਅੰਮ੍ਰਿਤਸਰ, 25 ਸਤੰਬਰ (ਗੌਰਵ ਮਲਹੋਤਰਾ) ਭਾਰਤ ਨੂੰ ਅਵਤਾਰਾਂ ਦੀ ਧਰਤੀ ਵਜੋਂ ਜਾਣਿਆ ਜਾਂਦਾ ਹੈ। ਇੱਥੇ, ਭਗਵਾਨ ਦੇ ਅਵਤਾਰਾਂ ਨੇ ਸਮੇਂ-ਸਮੇਂ ਤੇ ਅਵਤਾਰ ਧਾਰਨ ਕੀਤਾ ਹੈ ਅਤੇ ਜੀਵਾਂ ਦੀਆਂ ਜਾਨਾਂ ਬ

ਸਾਂਸਦ ਅੰਮ੍ਰਿਤਪਾਲ ਦੋ ਸੀਟਾਂ ਤੋਂ ਚੋਣ ਲੜਨਗੇ

ਅਯਾਲੀ ਨੇ ਕਿਹਾ ਕਿ ਇੱਕ ਸੀਟ ਮਾਲਵਾ ਤੇ ਦੂਜੀ ਮਾਝਾ ਖੇਤਰ ਵਿੱਚ ਹੋਵੇਗੀ

ਅੰਮ੍ਰਿਤਸਰ, 25 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ) : ਫਿਲਹਾਲ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਸਾਂਸਦ ਅੰਮ੍ਰਿਤਪਾਲ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੋ ਸੀਟਾਂ ਤੋਂ ਲੜਨਗੇ। ਉਨ੍ਹਾਂ ਦੀ ਪਾਰਟੀ, 'ਅਕਾਲੀ ਦਲ-ਵਾਰਿਸ ਪੰਜਾਬ ਦੇ', ਨੇ ਇਸ ਫੈਸਲੇ 'ਤੇ ਮੋਹਰ ਲਗਾ ਦਿੱਤੀ ਹੈ। ਇਸ ਦੀ ਪੁਸ਼ਟੀ ਕਰਦਿਆਂ ਪਾਰਟੀ ਦੇ ਸੀਨੀਅਰ ਆਗੂ ਮਨਪ੍ਰੀਤ ਅਯਾਲੀ ਨੇ ਕਿਹਾ ਕਿ ਪਾਰਟੀ ਦਾ ਸੰਸਦੀ ਬੋਰਡ ਇਹ ਤੈਅ ਕਰੇਗਾ ਕਿ ਅੰਮ੍ਰਿਤਪਾਲ ਕਿਹੜੀਆਂ ਦੋ ਸੀਟਾਂ ਤੋਂ ਚੋਣ ਲੜਨਗੇ। ਹਾਲਾਂਕਿ, ਇਹ ਤੈਅ ਹੈ ਕਿ ਉਹ ਦੋ ਸੀਟਾਂ ਤੋਂ ਚੋਣ ਲੜਨਗੇ। ਅਯਾਲੀ ਨੇ ਦੱਸਿਆ ਕਿ ਅੰਮ੍ਰਿਤਪਾਲ ਧੂਰੀ ਹਲਕੇ ਤੋਂ ਮੁੱਖ ਮੰਤਰੀ ਭਗਵੰਤ ਮਾਨ ਵਿਰੁੱਧ ਵੀ ਚੋਣ ਲੜ ਸਕਦੇ ਹਨ, ਹਾਲਾਂਕਿ ਅਜੇ ਕੁਝ ਵੀ ਅੰਤਿਮ ਨਹੀਂ ਹੋਇਆ ਹੈ। ਅੰਮ੍ਰਿਤਪਾਲ ਇਸ ਸਮੇਂ ਮਾਝਾ ਖੇਤਰ ਦੀ ਖਡੂਰ ਸਾਹਿਬ ਸੰਸਦੀ ਸੀਟ ਤੋਂ ਸਾਂਸਦ ਹਨ; ਉਨ੍ਹਾਂ ਨੇ ਜੇਲ੍ਹ ਵਿੱਚ ਰਹਿੰਦਿਆਂ ਹੀ ਰਿਕਾਰਡ ਫਰਕ ਨਾਲ ਉਹ ਚੋਣ ਜਿੱਤੀ ਸੀ। ਪਾਰਟੀ ਪਹਿਲਾਂ ਹੀ ਉਨ੍ਹਾਂ ਨੂੰ ਮੁੱਖ ਮੰਤਰੀ ਦੇ ਅਹੁਦੇ ਲਈ ਆਪਣਾ ਉਮੀਦਵਾਰ ਐਲਾਨ ਚੁੱਕੀ ਹੈ। ਪਾਰਟੀ ਸੂਤਰਾਂ ਅਨੁਸਾਰ, ਅੰਮ੍ਰਿਤਪਾਲ ਸਿੰਘ ਵੱਲੋਂ ਵਿਧਾਨ ਸਭਾ ਚੋਣ ਲੜਨ ਲਈ ਵਿਚਾਰੇ ਜਾ ਰਹੇ ਹਲਕਿਆਂ ਵਿੱਚ ਧੂਰੀ, ਖਡੂਰ ਸਾਹਿਬ, ਤਲਵੰਡੀ ਸਾਬੋ ਅਤੇ ਰਾਮਪੁਰਾ ਫੂਲ ਸ਼ਾਮਲ ਹਨ। ਅੰਮ੍ਰਿਤਪਾਲ ਖੁਦ ਧੂਰੀ ਤੋਂ ਚੋਣ ਲੜਨ ਦੇ

ਚਾਹਵਾਨ ਹਨ। ਧੂਰੀ ਮੁੱਖ ਮੰਤਰੀ ਭਗਵੰਤ ਮਾਨ ਦਾ ਵਿਧਾਨ ਸਭਾ ਹਲਕਾ ਹੈ, ਜੋ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਅਗਵਾਈ ਕਰ ਰਹੇ ਹਨ। ਇਸ ਦਾ ਇੱਕ ਵੱਡਾ ਕਾਰਨ ਇਹ ਹੈ ਕਿ ਮਾਲਵਾ ਖੇਤਰ ਵਿੱਚ ਪੰਜਾਬ ਦੀਆਂ 117 ਵਿੱਚੋਂ 69 ਵਿਧਾਨ ਸਭਾ ਸੀਟਾਂ ਹਨ; ਪੰਜਾਬ ਵਿੱਚ ਸਰਕਾਰਾਂ ਮਾਲਵਾ ਦੇ ਜਨਤਕ ਫਤਵੇ ਦੇ ਆਧਾਰ 'ਤੇ ਬਣਦੀਆਂ ਹਨ। ਫਿਲਹਾਲ, ਅੰਮ੍ਰਿਤਪਾਲ ਦਾ ਸਮਰਥਨ ਆਧਾਰ ਮਾਝਾ ਖੇਤਰ ਵਿੱਚ ਸਭ ਤੋਂ ਮਜ਼ਬੂਤ ਹੈ। ਜੇਕਰ ਉਹ ਮਾਲਵਾ ਤੋਂ ਚੋਣ ਲੜਦੇ ਹਨ, ਤਾਂ ਉੱਥੇ ਵੀ ਉਨ੍ਹਾਂ ਦੀ ਚੋਣ ਮੁਹਿੰਮ ਨੂੰ ਗਤੀ ਮਿਲੇਗੀ। ਮੁੱਖ ਮੰਤਰੀ ਵਰਗੀ ਪ੍ਰਮੁੱਖ ਸ਼ਖਸੀਅਤ ਨੂੰ ਚੁਣੌਤੀ ਦੇਣ ਨਾਲ ਕਾਫ਼ੀ ਧਿਆਨ ਖਿੱਚਿਆ ਜਾਵੇਗਾ ਅਤੇ ਉਸ ਖੇਤਰ ਵਿੱਚ ਪਾਰਟੀ ਦੇ ਸਮਰਥਨ ਆਧਾਰ ਨੂੰ ਵਧਾਉਣ ਵਿੱਚ ਮਦਦ ਮਿਲੇਗੀ। ਪੰਜਾਬ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਅਕਾਲੀ ਦਲ (ਵਾਰਿਸ ਪੰਜਾਬ ਦੇ)' ਲਈ ਬਹੁਤ ਅਹਿਮ ਹਨ। ਅੰਮ੍ਰਿਤਪਾਲ ਦੀ ਪਾਰਟੀ ਪੰਜਾਬ ਵਿੱਚ ਅਕਾਲੀ ਦਲ ਦੇ ਬਦਲ ਵਜੋਂ ਉੱਭਰਨ ਲਈ ਪੂਰੀ ਕੋਸ਼ਿਸ਼ ਕਰ ਰਹੀ ਹੈ ਅਤੇ ਇਸ ਦਾ ਟੀਚਾ 'ਪੰਥਕ' ਵੋਟ ਬੈਂਕ ਨੂੰ ਇੱਕਜੁੱਟ ਕਰਨਾ ਹੈ। ਅਕਾਲੀ ਦਲ ਦੇ ਪਿਛਲੇ ਕਾਰਜਕਾਲ ਦੌਰਾਨ ਵਾਪਰੀਆਂ ਬੇਅਦਬੀ ਦੀਆਂ ਘਟਨਾਵਾਂ ਅਤੇ ਉਸ ਤੋਂ ਬਾਅਦ ਹੋਈ ਪੁਲਿਸ ਗੋਲੀਬਾਰੀ ਕਾਰਨ 'ਪੰਥਕ' ਵੋਟਾਂ ਪਾਰਟੀ ਤੋਂ ਦੂਰ ਹੋ ਗਈਆਂ ਸਨ। ਇਸੇ ਤਬਦੀਲੀ ਕਾਰਨ ਹੀ ਜੇਲ੍ਹ ਵਿੱਚ ਬੰਦ ਹੋਣ ਦੇ ਬਾਵਜੂਦ ਅੰਮ੍ਰਿਤਪਾਲ 2024 ਦੀਆਂ ਚੋਣਾਂ ਜਿੱਤਣ ਵਿੱਚ ਕਾਮਯਾਬ ਰਹੇ—ਜਿਸ ਦਾ ਮੁੱਖ ਆਧਾਰ 'ਪੰਥਕ' ਵੋਟਾਂ ਦੀ ਤਾਕਤ ਸੀ।

ਭਾਰਤ ਵਿੱਚ ਮੋਮੈਂਟਮ 5 ਸੀਰੀਜ਼ ਦੀ ਪੇਸ਼ਕਸ਼

ਲੁਧਿਆਣਾ, 25 ਸਤੰਬਰ (ਬਿਊਰੋ) : ਭਾਰਤ ਵਿੱਚ ਸੇਨਹਾਈਜ਼ਰ ਬ੍ਰਾਂਡ ਨੇ ਅੱਜ ਮੋਮੈਂਟਮ 5 ਵਾਇਰਲੈੱਸ ਹੈੱਡਫੋਨ ਅਤੇ ਮੋਮੈਂਟਮ ਟਰੂ ਵਾਇਰਲੈੱਸ 5 ਨੂੰ ਲਾਂਚ ਕਰਨ ਦਾ ਐਲਾਨ ਕੀਤਾ ਹੈ। ਇਹ ਹੁਣ ਤੱਕ ਦੀ ਇਸ ਮਸ਼ਹੂਰ ਆਡੀਓ ਸੀਰੀਜ਼ ਦਾ ਸਭ ਤੋਂ ਵੱਧ ਸੁਵਿਧਾਵਾਂ ਵਾਲਾ ਅਤੇ ਵਰਤੋਂਕਾਰਾਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤਾ ਗਿਆ ਨਵਾਂ ਰੂਪ ਹੈ। ਨਵੀਂ ਮੋਮੈਂਟਮ ਸੀਰੀਜ਼ ਇਸ ਪਲੈਟਿਨਮ-ਸੋਲਿੰਗ ਸੀਰੀਜ਼ ਦੀ ਸ਼ਾਨਦਾਰ ਆਵਾਜ਼ ਅਤੇ ਬੈਟਰੀ ਪ੍ਰਦਰਸ਼ਨ ਨੂੰ ਬਰਕਰਾਰ ਰੱਖਦੀ ਹੈ। ਇਸ ਦੇ ਨਾਲ ਹੀ, ਇਸ ਵਿੱਚ ਕਈ ਮਹੱਤਵਪੂਰਨ ਸੁਧਾਰ ਕੀਤੇ ਗਏ ਹਨ, ਜੋ ਅੱਜ ਦੇ ਆਡੀਓ ਪ੍ਰੇਮੀਆਂ ਲਈ ਰੋਜ਼ਾਨਾ ਸੁਣਨ ਦੇ ਅਨੁਭਵ ਨੂੰ ਹੋਰ ਵੀ ਬਿਹਤਰ ਬਣਾਉਂਦੇ ਹਨ ਸੇਨਹਾਈਜ਼ਰ ਬ੍ਰਾਂਡ ਦਾ ਨਵਾਂ ਪੋਰਟੇਬਲ ਪਾਵਰਹਾਊਸ ਉੱਚ ਗੁਣਵੱਤਾ ਵਾਲੀ ਆਵਾਜ਼ ਦਾ ਸ਼ਾਨਦਾਰ ਅਨੁਭਵ ਦਿੰਦਾ ਹੈ। ਇਸ ਵਿੱਚ ਆਲੇ-ਦੁਆਲੇ ਦੀ ਆਵਾਜ਼ ਦਾ ਅਨੁਭਵ ਅਤੇ ਕਈ ਉੱਨਤ ਸੁਵਿਧਾਵਾਂ ਸ਼ਾਮਲ ਹਨ। ਸੇਨਹਾਈਜ਼ਰ ਦੇ ਇਹ ਓਵਰ-ਦੀਅਰ ਹੈੱਡਫੋਨ 42 ਮਿਮੀ ਦੇ ਡਰਾਈਵਰਾਂ ਨਾਲ ਲੈਸ ਹਨ, ਜੋ ਔਚਡ 600 ਸੀਰੀਜ਼ ਤੋਂ ਪ੍ਰੇਰਿਤ ਹਨ। ਇਹ ਡੌਲਬੀ ਐਟਮੌਸ ਸਪੇਸ਼ਲ ਟ੍ਰੈਕਿੰਗ ਅਤੇ ਲੌਸਲੈੱਸ ਕੇਡੈਂਕ ਸਹਾਇਤਾ ਦੇ ਨਾਲ ਬਹੁਤ ਹੀ ਸਾਫ਼ ਅਤੇ ਬਾਰੀਕ ਆਵਾਜ਼ ਪ੍ਰਦਾਨ ਕਰਦੇ ਹਨ।"ਮੋਮੈਂਟਮ 5 ਵਾਇਰਲੈੱਸ ਦੇ ਨਾਲ, ਸਾਡਾ ਧਿਆਨ ਪੂਰੇ ਅਨੁਭਵ ਨੂੰ ਹੋਰ ਬਿਹਤਰ ਬਣਾਉਣ 'ਤੇ ਰਿਹਾ, ਪਰ ਅਸੀਂ ਉਸ ਫਾਰਮੂਲੇ ਤੋਂ ਦੂਰ ਨਹੀਂ ਗਏ ਜਿਸ ਨੇ ਇਸ ਦੇ ਪਿਛਲੇ ਮਾਡਲ ਨੂੰ ਇੰਨਾ ਸਫਲ ਬਣਾਇਆ ਸੀ। ਸੇਨਹਾਈਜ਼ਰ (ਕੰਜ਼ਿਊਮਰ), ਭਾਰਤ ਦੇ ਕੰਟਰੀ ਹੈਡ, ਸ਼੍ਰੀ ਸਾਹਿਲ ਕੁਮਾਰ ਨੇ ਕਿਹਾ। ਇਹ ਸੁਧਾਰ ਉਤਪਾਦ ਦੀਆਂ ਕੁੱਲ ਸੁਵਿਧਾਵਾਂ ਨੂੰ ਹੋਰ ਬਿਹਤਰ ਬਣਾਉਂਦੇ ਹਨ ਅਤੇ ਹਰ ਵਾਰ ਪਲੇ ਬਟਨ ਦਬਾਉਣ 'ਤੇ ਮਿਲਣ ਵਾਲੇ ਸ਼ਾਨਦਾਰ ਅਨੁਭਵ ਨੂੰ ਵੀ ਬਰਕਰਾਰ ਰੱਖਦੇ ਹਨ।

ਵੇਦਾਂਤਾ ਪਾਵਰ ਵੱਲੋਂ ਨੌਜਵਾਨ ਪ੍ਰਤਿਭਾਵਾਂ ਨੂੰ ਪਾਵਰ ਲੀਡਰ ਬਣਨ ਲਈ ਉਤਸ਼ਾਹਿਤ ਕਰਨ 'ਤੇ ਜ਼ੋਰ

ਚੰਡੀਗੜ੍ਹ, 25 ਸਤੰਬਰ (ਬਿਊਰੋ) : ਦੇਸ਼ ਦੀ ਉਦਯੋਗਿਕ ਤਰੱਕੀ ਵਿੱਚ ਨੌਜਵਾਨਾਂ ਦੀ ਅਹਿਮ ਭੂਮਿਕਾ ਨੂੰ ਦੇਖਦਿਆਂ ਵੇਦਾਂਤਾ ਪਾਵਰ ਵੱਲੋਂ ਨੌਜਵਾਨ ਅਤੇ ਹੋਣਹਾਰ ਪ੍ਰਤਿਭਾਵਾਂ ਨੂੰ ਸਿੱਖਣ, ਅਗਵਾਈ ਕਰਨ ਅਤੇ ਭਵਿੱਖ ਦੇ 'ਪਾਵਰ ਲੀਡਰ' ਵਜੋਂ ਵਿਕਸਤ ਹੋਣ ਦੇ ਮੌਕੇ ਪ੍ਰਦਾਨ ਕੀਤੇ ਜਾ ਰਹੇ ਹਨ। ਇਸ ਦੇ ਮੱਦੇਨਜ਼ਰ ਕੰਪਨੀ ਦੇ 56 ਫੀਸਦੀ ਕਰਮਚਾਰੀਆਂ ਦੀ ਉਮਰ 35 ਸਾਲ ਤੋਂ ਘੱਟ ਹੈ। ਤੇਜ਼ੀ ਨਾਲ ਬਦਲ ਰਹੇ ਊਰਜਾ ਖੇਤਰ ਦੀਆਂ ਲੋੜਾਂ ਮੁਤਾਬਕ ਲੋੜੀਂਦੇ ਹੁਨਰ ਅਤੇ ਸਮਰੱਥਾਵਾਂ ਵਿਕਸਤ ਕਰਨ ਲਈ ਵੇਦਾਂਤਾ ਪਾਵਰ ਵੱਲੋਂ ਨੌਜਵਾਨ ਪੇਸ਼ੇਵਰਾਂ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਕੰਪਨੀ ਵੱਲੋਂ ਕੈਂਪਸਾਂ ਤੋਂ ਨੌਜਵਾਨ ਪ੍ਰਤਿਭਾਵਾਂ ਦੀ ਭਰਤੀ, ਸਿੱਖਣ ਦੀ ਵਿਵਸਥਿਤ ਪ੍ਰਕਿਰਿਆ, ਸੀਨੀਅਰ ਆਗੂਆਂ ਦੀ ਰਹਿਨੁਮਾਈ, ਵੱਖ-ਵੱਖ ਵਿਭਾਗਾਂ ਨਾਲ ਮਿਲ ਕੇ ਕੰਮ ਕਰਨ ਅਤੇ ਨੌਜਵਾਨਾਂ ਵਿੱਚ ਜ਼ਿੰਮੇਵਾਰੀ ਤੇ ਮੋਢੀ ਦੀ ਭਾਵਨਾ ਪੈਦਾ ਕਰਨ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਇਸ ਰਾਹੀਂ ਨੌਜਵਾਨਾਂ ਨੂੰ ਭਾਰਤ ਦੀ ਵਿਕਾਸ ਯਾਤਰਾ ਵਿੱਚ ਸਾਰਥਕ ਯੋਗਦਾਨ ਪਾਉਣ ਲਈ ਲੋੜੀਂਦੀ ਸਮਰੱਥਾ ਵਿਕਸਤ ਕਰਨ ਦਾ ਮੌਕਾ ਮਿਲ ਰਿਹਾ ਹੈ। ਵੇਦਾਂਤਾ ਪਾਵਰ ਵੱਲੋਂ ਹਾਲ ਹੀ ਵਿੱਚ ਕੈਂਪਸ ਤੋਂ 54 ਨੌਜਵਾਨ ਪੇਸ਼ੇਵਰਾਂ ਦੀ ਭਰਤੀ ਕੀਤੀ ਗਈ ਹੈ, ਜਿਨ੍ਹਾਂ ਵਿੱਚ 57 ਫੀਸਦੀ ਮਹਿਲਾਵਾਂ ਹਨ। ਇਹ ਨੌਜਵਾਨ ਪ੍ਰਤਿਭਾਵਾਂ ਊਰਜਾ ਖੇਤਰ ਵਿੱਚ ਨਵੇਂ ਵਿਚਾਰਾਂ ਅਤੇ ਰਚਨਾਤਮਕਤਾ ਨਾਲ ਆਪਣਾ ਯੋਗਦਾਨ ਪਾ ਰਹੀਆਂ ਹਨ। ਦੇਸ਼ ਭਰ ਦੇ ਪ੍ਰਮੁੱਖ ਸਿੱਖਿਆ ਸੰਸਥਾਨਾਂ ਤੋਂ ਆਏ ਇਹ ਨੌਜਵਾਨ ਪੇਸ਼ੇਵਰ ਇੰਜੀਨੀਅਰਿੰਗ, ਮਨੁੱਖੀ ਸਰੋਤ, ਸੰਚਾਰ, ਈਐੱਸਜੀ ਅਤੇ ਸੀਐੱਸਆਰ ਸਮੇਤ ਵੱਖ-ਵੱਖ ਖੇਤਰਾਂ ਦੀ ਨੁਮਾਇੰਦਗੀ ਕਰਦੇ ਹਨ। ਕੈਂਪਸ ਭਰਤੀ ਕੰਪਨੀ ਵਿੱਚ ਨਵੇਂ ਹੁਨਰਾਂ, ਵਿਚਾਰਾਂ ਅਤੇ ਦ੍ਰਿਸ਼ਟੀਕੋਣਾਂ ਨੂੰ ਸ਼ਾਮਲ ਕਰਨ ਦਾ ਇੱਕ ਮਹੱਤਵਪੂਰਨ ਸਾਧਨ ਹੈ। ਨੌਜਵਾਨ ਪ੍ਰਤਿਭਾਵਾਂ ਦੀ ਭਰਤੀ ਸਬੰਧੀ ਵੇਦਾਂਤਾ ਪਾਵਰ ਦੇ ਮੁੱਖ ਕਾਰਜਕਾਰੀ ਅਧਿਕਾਰੀ ਅਤੇ ਸਥਾਈ ਡਾਇਰੈਕਟਰ ਸ੍ਰੀ ਰਾਜਿੰਦਰ ਸਿੰਘ ਆਹੂਜਾ ਨੇ ਕਿਹਾ ਕਿ ਭਾਰਤ ਵਿੱਚ ਊਰਜਾ ਖੇਤਰ ਦੇ ਵਿਕਾਸ ਦੀ ਕਹਾਣੀ ਹੁਣ ਇੱਕ ਨਵੇਂ ਪੜਾਅ ਵਿੱਚ ਦਾਖ਼ਲ ਹੋ ਰਹੀ ਹੈ। ਸ੍ਰੀ ਆਹੂਜਾ ਨੇ ਕਿਹਾ ਕਿ ਸਾਨੂੰ ਸਿਰਫ਼ ਵੱਧ ਬਿਜਲੀ ਦੀ ਹੀ ਨਹੀਂ, ਸਗੋਂ ਅਜਿਹੇ ਲੋਕਾਂ ਦੀ ਵੀ ਲੋੜ ਹੈ ਜੋ ਜਟਿਲ ਸੰਪਤੀਆਂ ਦਾ ਸੰਚਾਲਨ ਕਰ ਸਕਣ, ਨਵੀਆਂ ਤਕਨੀਕਾਂ ਨੂੰ ਅਪਣਾ ਸਕਣ, ਕਾਰਜਕੁਸ਼ਲਤਾ ਵਿੱਚ ਸੁਧਾਰ ਲਿਆ ਸਕਣ ਅਤੇ ਤੇਜ਼ੀ ਨਾਲ ਬਦਲ ਰਹੇ ਊਰਜਾ ਮਾਹੌਲ ਦੇ ਅਨੁਕੂਲ ਆਪਣੇ ਆਪ ਨੂੰ ਢਾਲ ਸਕਣ। ਵੇਦਾਂਤਾ ਵਿੱਚ ਸਮਰੱਥਾ ਅਤੇ ਹੁਨਰ ਦਾ ਵਿਕਾਸ ਨਾਲ-ਨਾਲ ਚੱਲਦਾ ਹੈ। ਸਾਡੇ ਨੌਜਵਾਨ ਪੇਸ਼ੇਵਰ ਇਸ ਯਾਤਰਾ ਦਾ ਅਹਿਮ ਹਿੱਸਾ ਹਨ। ਅਸੀਂ ਉਨ੍ਹਾਂ ਨੂੰ ਕਾਰੋਬਾਰੀ ਤਜਰਬਾ, ਤਮਰਥੇਕਾਰ ਆਗੂਆਂ ਨਾਲ ਸਿੱਧੇ ਸੰਵਾਦ ਅਤੇ ਜ਼ਿੰਮੇਵਾਰੀ ਸੰਭਾਲਣ ਦੇ ਮੌਕੇ ਦੇਣਾ ਚਾਹੁੰਦੇ ਹਾਂ, ਤਾਂ ਜੋ ਉਹ ਭਾਰਤ ਦੇ ਬਿਜਲੀ ਖੇਤਰ ਦੇ ਅਗਲੇ ਅਧਿਆਇ ਨੂੰ ਆਕਾਰ ਦੇਣ ਵਾਲੇ 'ਪਾਵਰ ਲੀਡਰ' ਵਜੋਂ ਵਿਕਸਤ ਹੋ ਸਕਣ।

ਸਫ਼ਾ ਇੱਕ ਦੀਆਂ ਬਾਕੀ...

ਐਸਆਈਆਰ ਵਿਵਾਦ : ਗਿਆਨੇਸ਼ ਕੁਮਾਰ.....

ਨੇੜੇ ਕੀਤਾ ਗਿਆ, ਜਿੱਥੇ ਕਾਂਗਰਸੀ ਵਰਕਰਾਂ ਨੇ ਚੋਣ ਕਮਿਸ਼ਨ ਵਿਰੁੱਧ ਨਾਅਰੇਬਾਜ਼ੀ ਕੀਤੀ। ਇਹ ਪ੍ਰਦਰਸ਼ਨ ਐਸਆਈਆਰ ਨੂੰ ਲੈ ਕੇ ਚੋਣ ਕਮਿਸ਼ਨ ਦੇ ਅੰਦਰ ਕਥਿਤ ਅੰਦਰੂਨੀ ਮਤਭੇਦਾਂ ਦੀਆਂ ਖਬਰਾਂ ਤੋਂ ਬਾਅਦ ਹੋਏ ਹਨ। 'ਦਿ ਇੰਡੀਅਨ ਐਕਸਪ੍ਰੈਸ' ਦੀ ਇੱਕ ਰਿਪੋਰਟ ਅਨੁਸਾਰ, ਚੋਣ ਕਮਿਸ਼ਨਰ ਸੁਖਬੀਰ ਸਿੰਘ ਸੰਧੂ ਅਤੇ ਵਿਵੇਕ ਜੋਸ਼ੀ ਨੇ ਪਿਛਲੇ 10 ਮਹੀਨਿਆਂ ਦੌਰਾਨ ਘੱਟੋ-ਘੱਟ 14 ਵਾਰ ਐਸਆਈਆਰ ਨਾਲ ਸਬੰਧਤ ਕੁਝ ਫੈਸਲਿਆਂ ਅਤੇ ਹੁਕਮਾਂ 'ਤੇ ਇਤਰਾਜ਼ ਜਤਾਏ ਸਨ। ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਇਨ੍ਹਾਂ ਇਤਰਾਜ਼ਾਂ ਵਿੱਚ ਕਾਨੂੰਨੀ ਵੋਟਰ ਰਜਿਸਟ੍ਰੇਸ਼ਨ ਫਾਰਮ-6 ਵਿੱਚ ਬਦਲਾਅ, ਵੋਟਰ ਸੂਚੀ ਵਿੱਚ ਨਾਮ ਜੋੜਨ ਅਤੇ ਹਟਾਉਣ ਦੀ ਪ੍ਰਕਿਰਿਆ, ਅਤੇ ਵੋਟਰ ਸੂਚੀ ਡਾਟਾਬੇਸ 'ਤੇ ਕੇਂਦਰੀਕ੍ਰਿਤ ਨਿਯੰਤਰਣ ਵਰਗੇ ਮੁੱਦੇ ਸ਼ਾਮਲ ਸਨ। ਲਖਨਊ ਵਿੱਚ, ਸ਼ੁੱਕਰਵਾਰ ਨੂੰ ਭਾਰੀ ਮੀਂਹ ਦੇ ਬਾਵਜੂਦ ਕਾਂਗਰਸੀ ਵਰਕਰਾਂ ਨੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਵਿਰੁੱਧ ਪ੍ਰਦਰਸ਼ਨ ਕੀਤਾ। ਉਨ੍ਹਾਂ ਨੇ ਕੁਮਾਰ ਦੇ ਅਸਤੀਫੇ ਦੀ ਮੰਗ ਕੀਤੀ ਅਤੇ ਪੁਲਿਸ ਨੇ ਕੁਝ ਪ੍ਰਦਰਸ਼ਨਕਾਰੀ ਵਰਕਰਾਂ ਨੂੰ ਹਿਰਾਸਤ ਵਿੱਚ ਲੈ ਲਿਆ। ਕਾਂਗਰਸ ਨੇ ਦੇਸ਼ ਭਰ ਵਿੱਚ ਰਾਜ ਚੋਣ ਕਮਿਸ਼ਨਰ ਦੇ ਦਫ਼ਤਰਾਂ ਦੇ ਬਾਹਰ ਪ੍ਰਦਰਸ਼ਨ ਕਰਨ ਦਾ ਸੱਦਾ ਦਿੱਤਾ ਹੈ, ਅਤੇ ਕਿਹਾ ਹੈ ਕਿ ਇਹ ਅੰਦੋਲਨ ਐਸਆਈਆਰ ਅਤੇ ਵੋਟਰ ਸੂਚੀ ਨਾਲ ਸਬੰਧਤ ਮੁੱਦਿਆਂ 'ਤੇ ਕੀਤਾ ਜਾ ਰਿਹਾ ਹੈ। ਹਾਲਾਂਕਿ, ਚੋਣ ਕਮਿਸ਼ਨ ਨੇ ਪਹਿਲਾਂ ਇੱਕ ਬਿਆਨ ਜਾਰੀ ਕਰਕੇ ਕਿਹਾ ਸੀ ਕਿ ਕਿਸੇ ਸੰਸਥਾ ਦੇ ਅੰਦਰ ਵਿਚਾਰ-ਵਟਾਂਦਰੇ ਦੌਰਾਨ ਵੱਖੋ-ਵੱਖਰੀਆਂ ਰਾਵਾਂ ਅਤੇ ਟਿੱਪਣੀਆਂ ਹੋਣਾ ਪ੍ਰਕਿਰਿਆ ਦਾ ਇੱਕ ਆਮ ਹਿੱਸਾ ਹੈ। ਕਮਿਸ਼ਨ ਨੇ ਕਿਹਾ ਸੀ ਕਿ ਉਸਦੇ ਸਾਰੇ ਹੁਕਮਾਂ ਨੂੰ ਪੂਰੀ ਕਾਨੂੰਨੀ ਮਾਨਤਾ ਪ੍ਰਾਪਤ ਹੈ ਅਤੇ ਉਹ ਨਿਰਧਾਰਤ ਕਾਨੂੰਨੀ ਪ੍ਰਕਿਰਿਆਵਾਂ ਅਨੁਸਾਰ ਜਾਰੀ ਕੀਤੇ ਗਏ ਸਨ। ਚੋਣ ਕਮਿਸ਼ਨ ਨੇ ਇਹ ਵੀ ਕਿਹਾ ਸੀ ਕਿ ਨਾ ਸਿਰਫ਼ ਤਿੰਨ ਚੋਣ ਕਮਿਸ਼ਨਰ, ਸਗੋਂ ਕਮਿਸ਼ਨ ਦਾ ਹਰ ਅਧਿਕਾਰੀ ਚੋਣ ਸੁਧਾਰਾਂ ਲਈ ਸੁਝਾਅ ਦੇਣ ਦਾ ਅਧਿਕਾਰ ਰੱਖਦਾ ਹੈ।ਕਾਂਗਰਸ ਨੇ ਦੋ-ਪੜਾਵੀ ਵਿਰੋਧ ਪ੍ਰਦਰਸ਼ਨ ਪ੍ਰੋਗਰਾਮ ਦਾ ਐਲਾਨ ਕੀਤਾ ਹੈ। ਪਾਰਟੀ ਦੇ ਜਨਰਲ ਸਕੱਤਰ ਕੇ.ਸੀ. ਵੇਣੂਗੋਪਾਲ ਅਨੁਸਾਰ, ਰਾਜ ਕਾਂਗਰਸ ਕਮੇਟੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ 25 ਸਤੰਬਰ ਨੂੰ ਆਪਣੇ-ਆਪਣੇ ਰਾਜ ਚੋਣ ਕਮਿਸ਼ਨ ਦੇ ਦਫ਼ਤਰਾਂ ਤੱਕ ਮਾਰਚ ਕਰਨ। ਇਸ ਤੋਂ ਬਾਅਦ, 28 ਸਤੰਬਰ ਨੂੰ ਸਾਰੀਆਂ ਜ਼ਿਲ੍ਹਾ ਕਾਂਗਰਸ ਕਮੇਟੀਆਂ ਜ਼ਿਲ੍ਹਾ ਕਲੈਕਟਰ ਦਫ਼ਤਰਾਂ ਤੱਕ ਅਜਿਹੇ ਹੀ ਮਾਰਚ ਕੱਢਣਗੀਆਂ। ਕਾਂਗਰਸ ਨੇ ਗਿਆਨੇਸ਼ ਕੁਮਾਰ ਦੀ ਗ੍ਰਿਫ਼ਤਾਰੀ ਅਤੇ ਉਨ੍ਹਾਂ ਨੂੰ ਅਹੁਦੇ ਤੋਂ ਹਟਾਉਣ ਦੀ ਮੰਗ ਕੀਤੀ ਹੈ, ਨਾਲ ਹੀ ਉਨ੍ਹਾਂ ਦੇ ਕਾਰਜਕਾਲ ਦੌਰਾਨ ਲਏ ਗਏ ਫੈਸਲਿਆਂ ਅਤੇ ਵੋਟਰ ਸੂਚੀ ਵਿੱਚ ਕੀਤੀਆਂ ਗਈਆਂ ਤਬਦੀਲੀਆਂ ਦੀ ਸੁਤੰਤਰ ਸਮੀਖਿਆ ਦੀ ਮੰਗ ਵੀ ਕੀਤੀ ਹੈ। ਪਾਰਟੀ ਨੇ ਕਿਹਾ ਹੈ ਕਿ ਜਦੋਂ ਤੱਕ ਉਨ੍ਹਾਂ ਦੀਆਂ ਮੰਗਾਂ ਪੂਰੀਆਂ ਨਹੀਂ ਹੁੰਦੀਆਂ, ਉਦੋਂ ਤੱਕ ਵਿਰੋਧ ਪ੍ਰਦਰਸ਼ਨ ਜਾਰੀ ਰਹਿਣਗੇ। ਮੱਧ ਪ੍ਰਦੇਸ਼ ਵਿੱਚ ਵੀ, ਯੂਥ ਕਾਂਗਰਸ ਨੇ ਵੀਰਵਾਰ ਨੂੰ ਭੋਪਾਲ ਵਿੱਚ ਵਿਰੋਧ ਪ੍ਰਦਰਸ਼ਨ ਕੀਤਾ। ਵਰਕਰਾਂ ਨੇ ਰਾਜ ਦੇ ਮੁੱਖ ਚੋਣ ਅਧਿਕਾਰੀ ਦੇ ਦਫ਼ਤਰ ਦੇ ਬਾਹਰ ਨਾਅਰੇਬਾਜ਼ੀ ਕੀਤੀ ਅਤੇ ਚੋਣ ਕਮਿਸ਼ਨ ਦੇ ਕੰਮਕਾਜ 'ਤੇ ਸਵਾਲ ਚੁੱਕੇ। ਕਰਨਾਟਕ ਵਿੱਚ, ਰਾਜ ਕਾਂਗਰਸ ਕਮੇਟੀ ਨੇ ਬੈਂਗਲੁਰੂ ਦੇ ਹਾਈ ਗਰਾਊਂਡਜ਼ ਪੁਲਿਸ ਸਟੇਸ਼ਨ ਵਿੱਚ ਗਿਆਨੇਸ਼ ਕੁਮਾਰ ਅਤੇ ਭਾਜਪਾ ਵਿਧਾਇਕ ਅਭੈ ਪਾਟ

ਕਾਈਨੌਰ ਦੀ ਦਾਦਾ ਦੇਵ ਰੈਸਲਿੰਗ ਅਕੈਡਮੀ ਬਣ ਰਹੀ ਹੈ ਧੀਆਂ ਦੀ ਖੇਡ ਪ੍ਰਤਿਭਾ ਨੂੰ ਨਿਖਾਰਨ ਦਾ ਮੰਚ: ਡਿਪਟੀ ਕਮਿਸ਼ਨਰ ਅਦਿੱਤਿਆ ਡੇਚਲਵਾਲ

ਮੋਰਿੰਡਾ, 25 ਸਤੰਬਰ (ਬਲਵੀਰ ਸਿੰਘ ਚਲਾਕੀ) : ਪੰਜਾਬ ਸਰਕਾਰ ਦੇ ਖੇਡ ਵਿਭਾਗ ਵੱਲੋਂ ਮੋਰਿੰਡਾ ਦੇ ਪਿੰਡ ਕਾਈਨੌਰ ਵਿਖੇ ਸਥਿਤ ਦਾਦਾ ਦੇਵ ਰੈਸਲਿੰਗ ਅਕੈਡਮੀ ਵਿੱਚ ਕੁੜੀਆਂ ਲਈ ਵਿਸ਼ੇਸ਼ ਰੈਸਲਿੰਗ ਸੈਂਟਰ ਚਲਾਇਆ ਜਾ ਰਿਹਾ ਹੈ, ਜਿੱਥੇ ਰੋਜ਼ਾਨਾ ਸਵੇਰੇ ਅਤੇ ਸ਼ਾਮ 50 ਤੋਂ ਵੱਧ ਖਿਡਾਰਨਾਂ ਰੈਸਲਿੰਗ ਦੀ ਸਿਖਲਾਈ ਲੈ ਰਹੀਆਂ ਹਨ ਜਿਸ ਨਾਲ ਇਸ ਅਕੈਡਮੀ ਧੀਆਂ ਦੀ ਖੇਡ ਪ੍ਰਤਿਭਾ ਨੂੰ ਨਿਖਾਰਨ ਦਾ ਸਫਲ ਮੰਚ ਬਣ ਗਿਆ ਹੈ। ਇਸ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕਰਦਿਆਂ ਡਿਪਟੀ ਕਮਿਸ਼ਨਰ ਅਦਿੱਤਿਆ ਡੇਚਲਵਾਲ ਨੇ ਦੱਸਿਆ ਕਿ ਅਕੈਡਮੀ ਵਿੱਚ ਲੜਕੀਆਂ ਲਈ ਖੇਡ ਸਿਖਲਾਈ ਦੇ ਨਾਲ-ਨਾਲ ਰਹਿਣ ਦੀ ਸਹੂਲਤ ਵੀ ਉਪਲਬਧ ਹੈ। ਇਸ ਅਕੈਡਮੀ ਨਾਲ ਜੁੜੀਆਂ ਖਿਡਾਰਨਾਂ ਨੇ ਜ਼ਿਲ੍ਹਾ, ਰਾਜ ਅਤੇ ਰਾਸ਼ਟਰੀ ਪੱਧਰ ਦੇ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਈ ਰਾਸ਼ਟਰੀ ਪੱਧਰ ਦੇ ਮੈਡਲ ਹਾਸਲ ਕੀਤੇ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਖਿਡਾਰਨਾਂ ਨੇ ਰੂਪਨਗਰ ਜ਼ਿਲ੍ਹੇ ਦਾ ਨਾਮ ਰੌਸ਼ਨ ਕਰਦਿਆਂ ਕੁੜੀਆਂ ਦੀ ਕੈਟਾਗਰੀ ਵਿੱਚ ਜ਼ਿਲ੍ਹੇ ਨੂੰ ਸੂਬੇ ਵਿੱਚ ਪਹਿਲਾ ਸਥਾਨ ਦਿਵਾਉਣ ਵਿੱਚ ਵੀ ਅਹਿਮ ਯੋਗਦਾਨ ਪਾਇਆ ਹੈ। ਇਸ ਅਕੈਡਮੀ ਦੀ 23 ਸਾਲ ਦੀ ਸੋਨਲ ਦਹੀਆ ਨੇ ਸਤੰਬਰ 2026 ਵਿੱਚ ਹੋਈਆਂ ਰਾਸ਼ਟਰੀ ਖੇਡਾਂ ਦੌਰਾਨ ਭਾਰ ਵਰਗ 53 ਕਿਲੋ ਵਿੱਚ ਸਿਲਵਰ ਮੈਡਲ ਜਿੱਤ ਕੇ ਸੂਬੇ ਦਾ ਮਾਣ ਵੀ ਵਧਾਇਆ ਹੈ ਅਤੇ ਹੋਰ ਖਿਡਾਰਨਾਂ ਲਈ ਪ੍ਰੇਰਣਾ ਦਾ ਸਰੋਤ ਵੀ ਬਣੀ ਹੈ ਕਿ ਸਖ਼ਤ ਅਤੇ ਨਿਰੰਤਰ ਮਿਹਨਤ ਨਾਲ ਕੁਝ ਵੀ ਸੰਭਵ ਕੀਤਾ ਜਾ ਸਕਦਾ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਦਾਦਾ ਦੇਵ ਰੈਸਲਿੰਗ ਅਕੈਡਮੀ ਦੀਆਂ ਖਿਡਾਰਨਾਂ ਖੇਡਾਂ ਵਤਨ ਪੰਜਾਬ ਦੀਆਂ-2026 ਦੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਵੀ 1 ਤੋਂ 4 ਅਕਤੂਬਰ ਤੱਕ ਪਿੰਡ ਅਕਬਰਪੁਰ ਦੇ ਕੁਸ਼ਤੀ ਸੈਂਟਰ ਵਿੱਚ ਵੱਧ ਚੜ੍ਹ ਕੇ ਹਿੱਸਾ ਲੈ ਰਹੀਆਂ ਹਨ ਅਤੇ ਇਹ ਮੁਕਾਬਲੇ ਦਰਸ਼ਕਾਂ ਦੀ ਖਿੱਚ ਦਾ ਕੇਂਦਰ ਬਣਨਗੇ। ਡੇਚਲਵਾਲ ਨੇ ਦੱਸਿਆ ਕਿ ਅਕੈਡਮੀ ਦੇ ਕੋਚਿੰਗ ਸਟਾਫ ਵਿੱਚ ਯੋਗਿੰਦਰ ਸਿੰਘ ਅਤੇ ਗੀਤੂ ਬਾਲਾ ਹਨ, ਜੋ ਲੜਕੀਆਂ ਨੂੰ ਤਕਨੀਕੀ ਅਤੇ ਉੱਚ ਪੱਧਰੀ ਸਿਖਲਾਈ ਦੇ ਰਹੇ ਹਨ। ਇਸ ਅਕੈਡਮੀ ਦਾ ਉਦੇਸ਼ ਪੇਂਡੂ ਖੇਤਰ ਦੀਆਂ ਲੜਕੀਆਂ ਨੂੰ ਉੱਚ ਪੱਧਰੀ ਖੇਡ ਸਿਖਲਾਈ ਦੇ ਕੇ ਉਨ੍ਹਾਂ ਨੂੰ ਜ਼ਿਲ੍ਹਾ, ਰਾਜ ਅਤੇ ਰਾਸ਼ਟਰੀ ਪੱਧਰ 'ਤੇ ਆਪਣੀ ਪ੍ਰਤਿਭਾ ਦਿਖਾਉਣ ਲਈ ਮੰਚ ਪ੍ਰਦਾਨ ਕਰਨਾ ਹੈ।

70ਵੀਆਂ ਪੰਜਾਬ ਰਾਜ ਅੰਤਰ ਜ਼ਿਲ੍ਹਾ ਸਕੂਲ ਖੇਡਾਂ, ਸੰਗਰੂਰ ਦੇ ਮੁੰਡੇ ਮੋਗਾ ਨੂੰ ਹਰਾ ਕੇ ਜੇਤੂ ਬਣੇ, ਕਪੂਰਥਲਾ ਤੀਜੇ ਸਥਾਨ 'ਤੇ ਰਿਹਾ

ਬਰਨਾਲਾ, 25 ਸਤੰਬਰ (ਅਵਤਾਰ ਸਿੰਘ ਫਰਵਾਹੀ): ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ.) ਬਰਨਾਲਾ ਸੁਨੀਤਇੰਦਰ ਸਿੰਘ ਗਿੱਲ ਅਤੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ.) ਡਾ. ਬਰਜਿੰਦਰਪਾਲ ਸਿੰਘ ਦੀ ਅਗਵਾਈ ਹੇਠ ਇੱਥੇ ਬਾਬਾ ਕਾਲਾ ਮਹਿਰ ਸਟੇਡੀਅਮ ਵਿੱਚ ਚੱਲ ਰਹੀਆਂ 70ਵੀਆਂ ਪੰਜਾਬ ਰਾਜ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਦੌਰਾਨ ਰਗਬੀ ਅੰਡਰ 17 ਸਾਲ (ਲੜਕੇ) ਸੰਗਰੂਰ ਦੇ ਮੁੰਡੇ ਮੋਗਾ ਨੂੰ ਹਰਾ ਕੇ ਚੈਂਪੀਅਨ ਬਣੇ ਹਨ ਜਦਕਿ ਕਪੂਰਥਲਾ ਦੀ ਟੀਮ ਨੇ ਤੀਜਾ ਸਥਾਨ ਹਾਸਲ ਕੀਤਾ ਹੈ। ਜੇਤੂ ਖਿਡਾਰੀਆਂ ਦਾ ਮੈਡਲ ਅਤੇ ਟਰਾਫੀ ਦੇ ਕੇ ਸਨਮਾਨ ਕੀਤਾ ਗਿਆ। ਇਸ ਦੇ ਨਾਲ ਹੀ ਕੁੜੀਆਂ ਦੇ ਰਗਬੀ ਮੁਕਾਬਲਿਆਂ ਦਾ ਵੀ ਆਗਾਜ਼ ਹੋ ਗਿਆ ਹੈ। ਡੀ.ਐਮ. ਸਪੋਰਟਸ ਬਰਨਾਲਾ ਸਿਮਰਦੀਪ ਸਿੰਘ ਸਿੱਧੂ ਨੇ ਦੱਸਿਆ ਕਿ ਕੁੜੀਆਂ ਦੇ ਅੱਜ ਸ਼ੁਰੂ ਹੋਏ ਲੀਗ ਮੁਕਾਬਲਿਆਂ ਵਿੱਚ ਫਾਜ਼ਿਲਕਾ ਨੇ ਪਟਿਆਲਾ ਨੂੰ 10-5, ਬਰਨਾਲਾ ਨੇ ਬਠਿੰਡਾ ਨੂੰ 48-0, ਅੰਮ੍ਰਿਤਸਰ ਨੇ ਫਰੀਦਕੋਟ ਨੂੰ 15-14, ਮਾਨਸਾ ਨੇ ਲੁਧਿਆਣਾ ਨੂੰ 20-0, ਸ੍ਰੀ ਫਤਿਹਗੜ੍ਹ ਸਾਹਿਬ ਨੇ ਮਾਲੇਰਕੋਟਲਾ, ਫਰੀਦਕੋਟ ਨੇ ਲੁਧਿਆਣਾ ਨੂੰ ਹਰਾਇਆ। ਬਰਨਾਲਾ, ਸੰਗਰੂਰ, ਫਤਿਹਗੜ੍ਹ ਸਾਹਿਬ, ਅੰਮ੍ਰਿਤਸਰ, ਸ੍ਰੀ ਮੁਕਤਸਰ ਸਾਹਿਬ ਦੀਆਂ ਟੀਮਾਂ ਪ੍ਰੀ ਕੁਆਰਟਰ ਫਾਈਨਲ ਵਿੱਚ ਪਹੁੰਚ ਗਈਆਂ ਹਨ।

ਸੈਂਟਰ ਪੱਧਰੀ ਪ੍ਰਾਇਮਰੀ ਸਕੂਲ ਖੇਡਾਂ ਦੀ ਸਮਾਪਤੀ

ਜਲੰਧਰ,25 ਸਤੰਬਰ (ਜੇ ਐੱਸ ਸੰਧੂ): ਮਾਣਯੋਗ ਜ਼ਿਲ੍ਹਾ ਸਿੱਖਿਆ ਅਫ਼ਸਰ (ਸ ਸ/ ਐਲੀ. ਸਿੱ.) ਜਲੰਧਰ, ਸ਼੍ਰੀਮਤੀ ਡਾ.ਗੁਰਿੰਦਰਜੀਤ ਕੌਰ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ(ਐਲੀ. ਸਿੱ.) ਜਲੰਧਰ ਜੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਬੀ.ਪੀ.ਈ.ਓ. ਲੋਹੀਆਂ ਖ਼ਾਸ ਰਮੇਸ਼ਵਰ ਚੰਦਰ ਅਤੇ ਸੈਂਟਰ ਹੈਡ ਟੀਚਰ ਜਸਵੀਰ ਸਿੰਘ ਚੌਹਾਨ ਦੀ ਅਗਵਾਈ ਵਿੱਚਸੈਂਟਰ ਕੰਗ ਖੁਰਦ ਅਤੇ ਸੈਂਟਰ ਕਾਕੜ ਕਲਾਂ ਵਿਖੇ ਪ੍ਰਾਇਮਰੀ ਸਕੂਲਾਂ ਦੇ ਖਿਡਾਰੀਆਂ ਦੇ ਖੇਡ ਮੁਕਾਬਲੇ ਕਰਵਾਏ ਗਏ। ਏਨਾ ਮੁਕਾਬਲਿਆਂ ਦੇ ਜੇਤੂ ਖਿਡਾਰੀਆਂ ਨੂੰ ਬੀਬੀ ਰਣਜੀਤ ਕੌਰ ਕਾਕੜ ਕਲਾਂ ਡਾਇਰੈਕਟਰ ਇਨਫੋਟੈਕ ਪੰਜਾਬ,ਵਾਈਸ ਪ੍ਰੈਜ਼ੀਡੈਂਟ ਮਹਿਲਾ ਵਿੰਗ ਪੰਜਾਬ ਵਲੋਂ ਇਨਾਮਾਂ ਦੀ ਵੰਡ ਕੀਤੀ ਗਈ ਅਤੇ ਆਪਣੇ ਸੰਬੋਧਨ ਵਿੱਚ ਉਹਨਾਂ ਨੇ ਬੱਚਿਆਂ ਨੂੰ ਫ਼ੋਨ ਅਤੇ ਨਸ਼ਿਆਂ ਤੋਂ ਦੂਰ ਰਹਿ ਕੇ ਵਧ ਤੋਂ ਵੱਧ ਸਮਾਂ ਪੜ੍ਹਨ ਅਤੇ ਖੇਡ ਦੇ ਮੈਦਾਨ ਵਿੱਚ ਖੇਡ ਦਾ ਅਭਿਆਸ ਕਰਦੇ ਹੋਏ ਗੁਜ਼ਾਰਨ ਲਈ ਪ੍ਰੇਰਤ ਕੀਤਾ। ਇਨ੍ਹਾਂ ਮੁਕਾਬਲਿਆਂ ਵਿਚੋਂ ਜੇਤੂ ਖਿਡਾਰੀਆਂ ਦੀਆਂ ਟੀਮਾਂ ਬਣਾਈਆਂ ਗਈਆਂ। ਇਹ ਟੀਮਾਂ ਅੱਗੇ ਬਲਾਕ ਪੱਧਰੀ ਪ੍ਰਾਇਮਰੀ ਸਕੂਲ ਖੇਡਾਂ ਵਿੱਚ ਭਾਗ ਲੈਣਗੀਆਂ ਅਤੇ ਆਪਣੇ ਸੈਂਟਰ ਦੀ ਨੁਮਾਇੰਦਗੀ ਕਰਨ ਗੀਆਂ। ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਵਲੋਂ ਜਸਵੀਰ ਸਿੰਘ ਚੌਹਾਨ ਦੇ ਕੀਤੇ ਪ੍ਰਬੰਧਾਂ ਦੀ ਪ੍ਰਸ਼ੰਸਾ ਕੀਤੀ ਗਈ। ਇਸ ਮੌਕੇ ਤੇ ਕਬੱਡੀ, ਖੋ ਖੋ, ਜਿਮਨਾਸਟਿਕ, ਰੱਸਾਕਸੀ, ਚੈੱਸ,ਅਥਲੈਟਿਕਸ, ਦੌੜਾਂ,ਕਰਾਟੇ, ਆਦਿ ਮੁਕਾਬਲੇ ਕਰਵਾਏ ਗਏ। ਇਸ ਮੌਕੇ ਤੇ ਬਲਵਿੰਦਰ ਕੁਮਾਰ ਹੈੱਡ ਟੀਚਰ, ਰੋਹਿਤ ਕੰਬੋਜ਼, ਭਾਨੀ ਰਾਮ, ਸੁਰਿਦਰ ਸਿੰਘ, ਪ੍ਰਿੰਸ ਕੁਮਾਰ ਮੈਡਮ ਗੁਰਵਿੰਦਰ ਕੌਰ,ਅਮਨਦੀਪ ਕੌਰ, ,ਗਗਨਦੀਪ, ਮੈਡਮ ਪਰਮਜੀਤਕੌਰ, ਹਰਜੀਤ ਕੌਰ ਮੋਹਰੀਵਾਲ,ਮੁਸਕਾਨ ਰਾਣੀ, ਭੁਪਿੰਦਰ ਕੌਰ, ਮੈਡਮ ਹਰਜੀਤ ਕੌਰ ਕਾਕੜ ਕਲਾਂ, ਅਮਨਪ੍ਰੀਤ ਕੌਰ ਲੋਹੀਆਂ, ਅਮਨਦੀਪ ਕੌਰ ਫਾਜਿਲਕਾ, ਮੈਡਮ ਰਿਆ, ਸ਼ਿਲਪਾ ਰਾਣੀ, ਵੀਰਪਾਲ ਕੌਰ, ਜਿਤੇਂਦਰ, ਮਨੀਸ਼ ਚੰਦਰ, ਛਮਿੰਦਰ ਕੁਮਾਰ, ਖੁਸ਼ਹਾਲ ਚੰਦ, ਰਮਨਦੀਪ ਕੌਰ,ਜਸਵਿੰਦਰ ਕੌਰ, ਬੇਅੰਤ ਕੌਰ, ਸੁਰਿਦਰ ਕੌਰ ਨੇ ਹਾਜ਼ਰੀ ਭਰਦੇ ਹੋਏ ਆਪਣੀ ਡਿਊਟੀ ਬਾਖੂਬੀ ਨਿਭਾਈ ਅਤੇ ਖੇਡਾਂ ਨੂੰ ਸਫਲਤਾ ਪੂਰਵਕ ਮੁਕੰਮਲ ਕਰਨ ਲਈ ਸਹਿਯੋਗ ਕੀਤਾ।

ਜਿਮਨਾਸਟਿਕ ਦੇ ਟਰਾਇਲ 3 ਨੂੰ ਜਿਮਨੇਜੀਅਮ ਹਾਲ ਗੁਰਦਾਸਪੁਰ ਵਿੱਖੇ ਆਈ ਟੀ ਆਈ ਬਟਾਲਾ ਵਿੱਚ ਕਰਵਾਏ ਜਾਣਗੇ

ਗੁਰਦਾਸਪੁਰ, 25 ਸਤੰਬਰ (ਗੁਲਸ਼ਨ ਕੁਮਾਰ ਰਣੀਆਂ): ਜ਼ਿਲ੍ਹਾ ਖੇਡ ਅਫਸਰ ਗੁਰਦਾਸਪੁਰ ਸਿਮਰਨਜੀਤ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਪੱਧਰ ਟੂਰਨਾਮੈਂਟ 27 ਸਤੰਬਰ 2026 ਤੋਂ 05 ਅਕਤੂਬਰ 2026 ਤੱਕ ਕਰਵਾਏ ਜਾ ਰਹੇ ਹਨ। ਇਹ ਟੂਰਨਾਮੈਂਟ ਉਮਰ ਵਰਗ ਅੰਡਰ-14, ਅੰਡਰ-17, ਅੰਡਰ-21, ਅੰਡਰ-21-30, ਅੰਡਰ-31- 40, ਅੰਡਰ-41- 50, ਅੰਡਰ-51-60, ਅੰਡਰ-61-70, ਅੰਡਰ-70 ਤੋਂ ਉਮਰ ਵਰਗਾ ਵਿੱਚ ਕਰਵਾਏ ਜਾਣਗੇ ਉਨ੍ਹਾਂ ਦੱਸਿਆ ਕਿ ਗੇਮ ਜਿਮਨਾਸਟਿਕ, ਰਗਬੀ, ਕਰਾਟੇ, ਵੂਸ਼ੂ,ਰੋਇੰਗ, ਕੈਕਿੰਗ ਕਨੋਇੰਗ . ਸਾਇਕਲਿੰਗ . ਘੋੜਸਵਾਰੀ, ਤਾਇਕਵਾਡੋ, ਬੇਸਬਾਲ ਖੇਡਾਂ ਵਿੱਚ ਖਿਡਾਰੀਆਂ/ਟੀਮਾ ਦੀ ਚੋਣ ਸਟੇਟ ਪੱਧਰ ਲਈ ਟਰਾਇਲਾ ਦੇ ਅਧਾਰ ਤੇ ਕੀਤੀ ਜਾਵੇਗੀ ਜਿਸ ਵਿੱਚ ਜਿਮਨਾਸਟਿਕ ਦੇ ਟਰਾਇਲ ਮਿਤੀ 03-10-2026 (ਲੜਕੇ/ਲੜਕੀਆਂ) ਜਿਮਨੇਜੀਅਮ ਹਾਲ ਗੁਰਦਾਸਪੁਰ ਵਿੱਖੇ ਸਵੇਰੇ 9:00 ਕਰਵਾਏ ਕਰਵਾਏ ਜਾਣਗੇ, ਇਸ ਸਬੰਧੀ ਸ੍ਰੀਮਤੀ ਕੋਮਲ ਵਰਮਾ (ਜਿਮਨਾਸਟਿਕ ਕੋਚ) 8558013227 ਨਾਲ ਸਪੰਰਕ ਕਰ ਲਿਆ ਜਾਵੇ, ਰਗਬੀ (ਲੜਕੇ/ਲੜਕੀਆਂ) ਦੇ ਟਰਾਇਲ ਮਿਤੀ 04-10-2026 ਨੂੰ ਸਵੇਰੇ 9:00 ਫੁੱਟਬਾਲ ਗਰਾਊਂਡ ਆਈ ਟੀ ਆਈ ਬਟਾਲਾ ਵਿੱਚ ਕਰਵਾਏ ਜਾਣਗੇ ਇਸ ਸਬੰਧੀ ਸ੍ਰੀ ਰਾਜੀਵ (7307078607) ਨਾਲ ਸਪੰਰਕ ਕਰ

ਲਿਆ ਜਾਵੇ, ਕਰਾਟੇ (ਲੜਕੇ/ਲੜਕੀਆਂ) ਦੇ ਟਰਾਇਲ ਮਿਤੀ 01-10-2026 ਨੂੰ ਸਵੇਰੇ 8:00 ਡੀ. ਏ. ਵੀ. ਸੀਨੀਅਰ ਸੈਕੰਡਰੀ ਸਕੂਲ ਚੰਦਨ ਨਗਰ ਬਟਾਲਾ ਵਿਖੇ ਕਰਵਾਏ ਜਾਣਗੇ। ਇਸ ਸਬੰਧੀ ਐਸ.ਬੀ ਤਿਵਾਰੀ ਨਾਲ 9780009324 ਸਪੰਰਕ ਕਰ ਲਿਆ ਜਾਵੇ,ਵੂਸ਼ੂ (ਲੜਕੇ/ਲੜਕੀਆਂ) ਦੇ ਟਰਾਇਲ ਮਿਤੀ 26-09-2026 ਤੋਂ 27-09-2026 ਨੂੰ ਸਵੇਰੇ 8:00 ਵਜੇ ਸਿੱਧੂ ਜਿੰਮ ਮਾਰਸ਼ਲ ਆਰਟਸ ਅਕੈਡਮੀ ਅੱਡਾ ਸ਼ਾਹ ਬਾਦ ਕਾਦੀਆਂ ਰੋਡ, ਬਟਾਲਾ ਵਿਖੇ ਕਰਵਾਏ ਜਾਣਗੇ, ਇਸ ਸਬੰਧੀ ਜਾਣਕਾਰੀ ਲਈ ਸ੍ਰੀ ਗੁਰਪ੍ਰੀਤ ਸਿੰਘ 9814009379 ਨਾਲ ਸਪੰਰਕ ਕਰ ਲਿਆ ਜਾਵੇ। ਖਿਡਾਰੀ ਨੇ ਭਾਗ ਲੈਣਾ ਹੈ ਖਿਡਾਰੀ ਦੁਆਰਾ ਆਪਣਾ ਐਂਟਰੀ ਪ੍ਰੋਫਾਰਮਾ ਭਰਕੇ ਮਿਤੀ 29-09- 2026 ਤੱਕ ਜ਼ਿਲ੍ਹਾ ਖੇਡ ਦਫਤਰ ਗੁਰਦਾਸਪੁਰ ਵਿਖੇ ਜਮਾ ਕਰਵਾਇਆ ਜਾਵੇ।

70ਵੀਆਂ ਅੰਡਰ-ਜ਼ਿਲ੍ਹਾ ਖੇਡਾਂ ਵਿੱਚ ਜ਼ਿਲ੍ਹਾ ਗੁਰਦਾਸਪੁਰ ਵੱਲੋਂ ਸ਼ਾਨਦਾਰ ਪ੍ਰਾਪਤੀਆਂ- ਜ਼ਿਲ੍ਹਾ ਸਿੱਖਿਆ ਅਫਸਰ

ਗੁਰਦਾਸੁਪਰ, 25 ਸਤੰਬਰ (ਗੁਲਸ਼ਨ ਕੁਮਾਰ ਰਣੀਆ): 70ਵੀਆਂ ਅੰਡਰ-ਜ਼ਿਲ੍ਹਾ ਖੇਡਾਂ ਵਿੱਚ ਜ਼ਿਲ੍ਹਾ ਗੁਰਦਾਸਪੁਰ ਦਾ ਨਾਮ ਰੋਸ਼ਨ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆ ਦੱਸਿਆ ਕਿ ਜ਼ਿਲ੍ਹਾ ਸਿੱਖਿਆ ਅਫਸਰ(ਸ) ਰਾਜੇਸ ਕੁਮਾਰ ਸ਼ਰਮਾ ਨੇ ਦੱਸਿਆ ਕਿ ਜੂਡੋ ਵਿੱਚ ਅੰਡਰ-14 ਲੜਕੇ ਅਤੇ ਅੰਡਰ-14 ਲੜਕੀਆਂ ਦੇ ਮੁਕਾਬਲੇ ਵਿੱਚ ਸੋਨੇ ਦੇ ਤਗਮੇ ਜਿੱਤ ਕੇ ਓਵਰਅਲ ਚੈਂਪੀਅਨ ਬਣੇ ਹਨ ਉਨ੍ਹਾਂ ਅੱਗੇ ਦੱਸਿਆ ਬੈਡਮਿੰਟਨ ਦੇ ਅੰਡਰ-17 ਲੜਕੀਆਂ ਦੇ ਮੁਕਾਬਲੇ ਵਿੱਚ ਸੋਨੇ ਦੇ ਤਗਮੇ ਅਤੇ ਅੰਡਰ-17 ਲੜਕਿਆ ਨੇ ਕਾਂਸੀ ਦਾ ਤਗਮਾ ਜਿੱਤਿਆ, ਬਾਕਸਿੰਗ ਵਿੱਚ ਅੰਡਰ-17 ਲੜਕੀਆਂ ਵਲੋਂ ਸੋਨੇ ਦਾ ਤਗਮਾ, ਕਰਾਟੇ ਅੰਡਰ-19 ਵਰਗ ਦੇ ਮੁਕਾਬਲੇ ਵਿੱਚ ਲੜਕੀਆਂ ਨੇ ਕਾਂਸੀ ਦਾ ਤਗਮਾ, ਵੇਟਲਿਫਟਿੰਗ ਮੁਕਾਬਲੇ ਵਿੱਚ ਲੜਕੀਆਂ ਨੇ 3 ਸੋਨੇ ਦੇ ਤਗਮੇ ਅਤੇ ਲੜਕਿਆਂ ਨੇ 1 ਕਾਂਸੀ ਦਾ ਤਗਮਾ ਜਿੱਤਿਆ । ਫੈਂਸਿਗ ਦੇ ਅੰਡਰ-17 ਈਪੀ ਵਿੱਚ ਚਾਂਦੀ ਦਾ ਤਗਮਾ ਅਤੇ ਸੇਬਰ ਵਿੱਚ 1 ਕਾਂਸੀ ਦਾ ਤਗਮਾ ਜਿੱਤਿਆ ਉਨ੍ਹਾਂ ਅੱਗੇ ਦੱਸਿਆ ਕਿ ਗਤਕਾ ਦੇ ਅੰਡਰ-1 ਲੜਕਿਆਂ ਨੇ 1 ਕਾਂਸੀ ਦਾ ਤਗਮਾ ਜਿੱਤਿਆ ਅਤੇ ਬਾਕਸਿੰਗ ਵਿੱਚ ਅੰਡਰ-17 ਵਰਗ ਦੇ ਮੁਕਾਬਲੇ ਵਿੱਚ ਲੜਕੀਆਂ ਨੇ ਸੋਨੇ ਦਾ ਤਗਮਾ ਜਿੱਤਿਆ ਜ਼ਿਲ੍ਹਾ ਸਿੱਖਿਆ ਅਫਸਰ ਨੇ ਸਮੂਹ ਖਿਡਾਰੀਆਂ, ਕੋਚਾਂ, ਸਰੀਰਕ ਸਿੱਖਿਆ ਅਧਿਆਪਕਾਂ, ਟੀਮ ਇੰਚਾਰਜ ਦੀ ਸਮੁੱਚੀ ਟੀਮ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਮੁਬਾਰਕਬਾਦ ਦਿੰਦਿਆ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ।

ਡਾ. ਭੀਮ ਰਾਓ ਅੰਬੇਡਕਰ ਵੈਲਫੇਅਰ ਕਲੱਬ ਵੱਲੋਂ ਕਰਵਾਏ ਕ੍ਰਿਕਟ ਟੂਰਨਾਮੈਂਟ ਵਿੱਚ ਥੋਪੀਆ ਦੀ ਟੀਮ ਰਹੀ ਜੇਤੂ

ਬਲਾਚੌਰ, 25 ਸਤੰਬਰ (ਤਜਿੰਦਰ ਜੋਤ ਜਸਵਿੰਦਰ ਕੌਰ): ਨਗਰ ਕੌਂਸਲ ਬਲਾਚੌਰ ਦੇ ਅਧੀਨ ਆਉਂਦੇ ਪਿੰਡ ਸਿਆਣਾ ਵਿਖੇ ਡਾ. ਭੀਮ ਰਾਓ ਅੰਬੇਡਕਰ ਵੈਲਫੇਅਰ ਕਲੱਬ ਵੱਲੋਂ ਸਮੂਹ ਮੈਂਬਰਾਂ ਅਤੇ ਨਗਰ ਨਿਵਾਸੀਆਂ ਦੇ ਵਿਸ਼ੇਸ਼ ਸਹਿਯੋਗ ਨਾਲ ਇੱਕ ਸ਼ਾਨਦਾਰ ਕ੍ਰਿਕਟ ਟੂਰਨਾਮੈਂਟ ਦਾ ਆਯੋਜਨ ਕੀਤਾ ਗਿਆ। ਇਸ ਖੇਡ ਮੁਕਾਬਲੇ ਵਿੱਚ ਇਲਾਕੇ ਦੀਆਂ ਕੁੱਲ 18 ਟੀਮਾਂ ਨੇ ਉਤਸ਼ਾਹਪੂਰਵਕ ਭਾਗ ਲਿਆ। ਟੂਰਨਾਮੈਂਟ ਦਾ ਫਾਈਨਲ ਮੁਕਾਬਲਾ ਪਿੰਡ ਥੋਪੀਆ ਅਤੇ ਘੁੜਕਾ ਮੰਡ ਦੀਆਂ ਟੀਮਾਂ ਵਿਚਕਾਰ ਖੇਡਿਆ ਗਿਆ, ਜਿਸ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਿੰਡ ਥੋਪੀਆ ਦੀ ਟੀਮ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਜਦਕਿ ਘੁੜਕਾ ਮੰਡ ਦੀ ਟੀਮ ਦੂਜੇ ਸਥਾਨ 'ਤੇ ਰਹੀ। ਟੂਰਨਾਮੈਂਟ ਦੇ ਸਮਾਪਨ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਕੌਂਸਲਰ ਰਾਧੇ ਸ਼ਾਮ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਜਨਰਲ ਸਕੱਤਰ ਐਡਵੋਕੇਟ ਪਰਵੇਸ਼ ਖੋਸਲਾ ਵੱਲੋਂ ਜੇਤੂ ਅਤੇ ਉੱਪ-ਜੇਤੂ ਟੀਮਾਂ ਨੂੰ ਇਨਾਮਾਂ ਦੀ ਵੰਡ ਕੀਤੀ ਗਈ। ਇਸ ਮੌਕੇ ਕੌਂਸਲਰ ਰਾਧੇ ਸ਼ਾਮ ਨੇ ਸੰਬੋਧਨ ਕਰਦਿਆਂ ਆਖਿਆ ਕਿ ਅੱਜ ਦੇ ਸਮੇਂ ਵਿੱਚ ਨੌਜਵਾਨ ਪੀੜ੍ਹੀ ਦਾ ਖੇਡ ਮੈਦਾਨਾਂ ਨਾਲ ਜੁੜਨਾ ਬਹੁਤ ਜ਼ਰੂਰੀ ਹੈ। ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਲਈ ਵੱਡੇ ਉਪਰਾਲੇ ਕੀਤੇ ਗਏ ਹਨ, ਜਿਸ ਦੀ ਬਦੌਲਤ ਸੂਬੇ ਵਿੱਚ ਖੇਡ ਸਟੇਡੀਅਮਾਂ ਅਤੇ ਗਰਾਊਂਡਾਂ ਦਾ ਨਵੀਨੀਕਰਨ ਕੀਤਾ ਜਾ ਰਿਹਾ ਹੈ ਅਤੇ ਮੱਲਾਂ ਮਾਰਨ ਵਾਲੇ ਖਿਡਾਰ

ਦਾਣਾ ਮੰਡੀ ਸ੍ਰੀ ਮਾਛੀਵਾੜਾ ਸਾਹਿਬ ਵਿੱਚ ਝੋਨੇ ਦੀ ਖਰੀਦ ਸ਼ੁਰੂ ਨਾ ਹੋਣ ਕਾਰਨ ਕਿਸਾਨ ਕਈ ਦਿਨਾਂ ਤੋਂ ਹੋ ਰਹੇ ਹਨ ਪ੍ਰੇਸ਼ਾਨ ਆੜਤੀਆਂ ਵਲੋਂ ਸਰਕਾਰੀ ਖਰੀਦ ਤੁਰੰਤ ਸ਼ੁਰੂ ਕਰਨ ਦੀ ਮੰਗ ਕੀਤੀ

ਸ੍ਰੀ ਮਾਛੀਵਾੜਾ ਸਾਹਿਬ :- ਸ੍ਰੀ ਮਾਛੀਵਾੜਾ ਸਾਹਿਬ-ਦਰਸ਼ਨ ਚੌਪੜਾ, ਰਾਜੀਵ ਕੁਮਾਰ ਰੋਜ਼ੀ, ਨਰੇਸ਼ ਭਾਟੀਆ - ਸਥਾਨਕ ਦਾਣਾ ਮੰਡੀ ਵਿੱਚ ਝੋਨੇ ਦੀ ਨਵੀਂ ਫਸਲ ਦੀ ਆਮਦ ਵਿੱਚ ਤੇਜੀ ਆ ਗਈ ਹੈ। ਸਰਕਾਰ ਵੱਲੋਂ ਪਾਣੀ ਦੀ ਬੱਚਤ ਲਈ ਕਿਸਾਨਾਂ ਨੂੰ ਘੱਟ ਸਮੇਂ ਵਿਚ ਤਿਆਰ ਹੋਣ ਵਾਲੀਆਂ ਕਿਸਮਾਂ ਲਗਾਉਣ ਲਈ ਕਿਹਾ ਗਿਆ ਸੀ, ਜਿਸ ਕਾਰਨ ਇਸ ਵਾਰ ਫ਼ਸਲ ਜਲਦੀ ਪੱਕ ਕੇ ਮੰਡੀਆਂ ਵਿੱਚ ਪਹੁੰਚ ਗਈ ਹੈ। ਪਰ ਸਰਕਾਰ ਵੱਲੋਂ 1 ਅਕਤੂਬਰ ਤੋਂ ਖਰੀਦ ਸ਼ੁਰੂ ਕਰਨ ਦੇ ਐਲਾਨ ਕਾਰਨ ਕਿਸਾਨਾਂ ਦੀ ਮੁਸ਼ਕਿਲ ਵੱਧ ਗਈ ਹੈ। ਮੰਡੀ ਦਾ ਜਾਇਜਾ ਲੈਣ ਤੇ ਪਤਾ ਲੱਗਾ ਕਿ ਸੈਂਕੜੇ ਕਿਸਾਨ ਆਪਣੀ ਝੋਨੇ ਫ਼ਸਲ ਲੈ ਕੇ 2, 3 ਦਿਨਾਂ ਤੋਂ ਮੰਡੀ ਵਿੱਚ ਬੈਠੇ ਹਨ। ਸਰਕਾਰੀ ਬੋਲੀ ਸ਼ੁਰੂ ਨਾ ਹੋਣ ਕਰਕੇ ਓਨਾਂ ਦੀ ਫ਼ਸਲ ਦਾ ਭਾਅ ਨਹੀਂ ਲਗ ਰਿਹਾ। ਮੰਡੀ ਵਿੱਚ ਆਏ ਕਿਸਾਨਾਂ ਨੇ ਦੱਸਿਆ ਕਿ ਪਿਛਲੇ ਸਾਲ 20 ਸਤੰਬਰ ਤੋਂ ਖਰੀਦ ਸ਼ੁਰੂ ਹੋ ਗਈ ਸੀ, ਪਰ ਇਸ ਵਾਰ ਦੇਰ ਹੋ ਰਹੀ ਹੈ। ਕਿਸਾਨਾਂ ਦਾ ਕਹਿਣਾ ਹੈ ਜੇ ਪ੍ਰਾਈਵੇਟ ਵੇਚਦੇ ਹਾਂ ਘੱਟ ਰੇਟ ਮਿਲੇਗਾ ਅਤੇ ਸਰਕਾਰੀ ਰੇਟ ਦੀ ਉਡੀਕ ਚ ਮੰਡੀ ਵਿੱਚ ਫਸਲ ਖਰਾਬ ਹੋਣ ਦਾ ਡਰ ਹੈ। ਕਿਸਾਨਾਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਖਰੀਦ ਦੀ ਤਰੀਕ ਨੂੰ ਅੱਗੇ ਲਿਆਂਦਾ ਜਾਵੇ। ਇਸ ਸਬੰਧੀ ਆੜਤੀ ਐਸੋਸੀਏਸ਼ਨ ਦੇ ਸੂਬਾ ਸਕੱਤਰ ਅਰਵਿੰਦਰਪਾਲ ਸਿੰਘ ਵਿੱਕੀ, ਸੱਚਾ ਸੌਦਾ ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਮੋਹਿਤ ਕੁੰਦਰਾ, ਸਾਬਕਾ ਪ੍ਰਧਾਨ ਹਰਜਿੰਦਰ ਸਿੰਘ ਖੇੜਾ ਅਤੇ ਬਲਾਕ ਕਾਂਗਰਸ ਪ੍ਰਧਾਨ ਐਡਵੋਕੇਟ ਕਪਿਲ ਅਨੰਦ,ਨੇ ਕਿਹਾ ਕਿ ਮੰਡੀ ਵਿੱਚ ਰੋਜ਼ਾਨਾ ਅਗੇਤਾ ਝੋਨੇ ਦੀ ਆਮਦ ਵੱਧ ਰਹੀ ਹੈ।ਕਿਸਾਨ ਸਰਕਾਰੀ ਰੇਟ ਤੇ ਫਸਲ ਵੇਚ ਕੇ ਅਗਲੀ ਕਣਕ ਦੀ ਬਿਜਾਈ ਦੀ ਤਿਆਰੀ ਕਰਨ ਚਾਹੁੰਦੇ ਹਨ।ਜੇਕਰ 1 ਅਕਤੂਬਰ ਤੱਕ ਇੰਤਜ਼ਾਰ ਕੀਤਾ ਗਿਆ ਤਾਂ ਮੰਡੀ ਵਿੱਚ ਲੱਖਾਂ ਕੁਇੰਟਲ ਝੋਨਾ ਇਕੱਠਾ ਹੋ ਜਾਵੇਗਾ ਤੇ ਥਾਂ ਦੀ ਵੱਡੀ ਕਿੱਲਤ ਆਵੇਗੀ। ਸੂਤਰਾਂ ਮੁਤਾਬਕ ਹੁਣ ਤੱਕ ਮੰਡੀ ਵਿੱਚ 50 ਹਜਾਰ ਕੁਇੰਟਲ ਤੋਂ ਵੱਧ ਝੋਨਾ ਆ ਚੁੱਕਾ ਹੈ ਪਰ ਸਰਕਾਰੀ ਰਿਕਾਰਡ ਵਿੱਚ ਇਹ ਗਿਣਤੀ ਘਟ ਦਿਖਾਈ ਜਾ ਰਹੀ ਹੈ।

ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ ਸਬੰਧੀ ਸ਼ਹਿਰ ਵਾਸੀਆਂ ਨੂੰ ਕੀਤਾ ਜਾਗਰੂਕ

ਨਿਹਾਲ ਸਿੰਘ ਵਾਲਾ (ਜਗਰਾਜ ਸਿੰਘ ਸੰਘਾ) ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਮੋਗਾ ਵਿਖੇ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ ਸਬੰਧੀ ਸ਼ਹਿਰ ਵਾਸੀਆਂ ਨੂੰ ਜਾਗਰੂਕ ਕਰਨ ਲਈ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਆਗੂਆਂ ਵੱਲੋਂ ਲੋਕਾਂ ਨੂੰ ਰੁਜ਼ਗਾਰ ਦੇ ਹੱਕ ਅਤੇ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ ਦੀ ਲੋੜ ਸਬੰਧੀ ਜਾਣਕਾਰੀ ਦਿੱਤੀ ਗਈ।

ਇਸ ਮੌਕੇ ਕੁਲਦੀਪ ਭੋਲਾ ਜ਼ਿਲ੍ਹਾ ਸਕੱਤਰ, ਗੁਰਦਿੱਤ ਦੀਨਾ ਕੌਂਸ਼ਲ ਮੈਂਬਰ, ਨਵਜੋਤ ਕੌਰ ਇਲਾਕਾ ਕਮੇਟੀ ਮੈਂਬਰ ਤੋਂ ਇਲਾਵਾ ਸਮੂਹ ਮੈਂਬਰ ਹਾਜ਼ਰ ਸਨ। ਆਗੂਆਂ ਨੇ ਕਿਹਾ ਕਿ ਰੁਜ਼ਗਾਰ ਦੇ ਮੁੱਦੇ ਸਬੰਧੀ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨਾ ਸਮੇਂ ਦੀ ਲੋੜ ਹੈ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਰੁਜ਼ਗਾਰ ਦੇ ਹੱਕਾਂ ਸਬੰਧੀ ਜਾਗਰੂਕ ਹੋਣ ਅਤੇ ਇਸ ਮੁਹਿੰਮ ਨਾਲ ਜੁੜਨ ਦੀ ਅਪੀਲ ਕੀਤੀ।

ਬਾਘਾ ਪੁਰਾਣਾ ਪੁਲਿਸ ਵੱਲੋਂ ਨਸ਼ਿਆਂ ਅਤੇ ਗੈਰ-ਕਾਨੂੰਨੀ ਅਸਲੇ ਖ਼ਿਲਾਫ਼ ਵੱਡੀ ਕਾਰਵਾਈ

2 ਵਿਅਕਤੀ ਗ੍ਰਿਫ਼ਤਾਰ, 1 ਕਿਲੋਗ੍ਰਾਮ ਹੈਰੋਇਨ, 2 ਦੇਸੀ ਪਿਸਤੌਲ, 2 ਮੈਗਜ਼ੀਨ ਤੇ 2 ਜਿੰਦਾ ਰੌਂਦ ਬਰਾਮਦ

ਮੋਗਾ, 25 ਸਤੰਬਰ (ਜਗਰਾਜ ਸਿੰਘ ਸੰਘਾ):ਮੋਗਾ ਪੁਲਿਸ ਵੱਲੋਂ ਨਸ਼ਿਆਂ ਅਤੇ ਗੈਰ-ਕਾਨੂੰਨੀ ਅਸਲੇ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ ਬਾਘਾ ਪੁਰਾਣਾ ਪੁਲਿਸ ਵੱਲੋਂ ਵੱਡੀ ਕਾਰਵਾਈ ਕੀਤੀ ਗਈ ਹੈ। ਪੁਲਿਸ ਪਾਰਟੀ ਨੇ ਕਾਰਵਾਈ ਕਰਦਿਆਂ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਕੋਲੋਂ 1 ਕਿਲੋਗ੍ਰਾਮ ਹੈਰੋਇਨ, 2 ਦੇਸੀ ਪਿਸਤੌਲ, 2 ਮੈਗਜ਼ੀਨ ਅਤੇ 2 ਜਿੰਦਾ ਰੌਂਦ ਬਰਾਮਦ ਕੀਤੇ ਹਨ। ਪੁਲਿਸ ਅਨੁਸਾਰ ਇਹ ਕਾਰਵਾਈ ਗੁਪਤ ਸੂਚਨਾ ਦੇ ਆਧਾਰ 'ਤੇ ਕੀਤੀ ਗਈ। ਮਾਮਲੇ ਸਬੰਧੀ ਮੁਕੱਦਮਾ ਨੰਬਰ 193 ਮਿਤੀ 24.09.2026 ਅਧੀਨ ਧਾਰਾ 21, 61-85 **NDPS Act** ਅਤੇ ਧਾਰਾ 25/54/59 **Arms Act** ਤਹਿਤ ਥਾਣਾ ਬਾਘਾ ਪੁਰਾਣਾ ਵਿਖੇ ਦਰਜ ਕੀਤਾ ਗਿਆ ਹੈ। ਪ੍ਰੈੱਸ ਨੋਟ ਮੁਤਾਬਕ ਬਰਾਮਦ ਕੀਤੇ ਗਏ ਸਮਾਨ ਵਿੱਚ 1 ਕਿਲੋਗ੍ਰਾਮ ਹੈਰੋਇਨ, 1 ਦੇਸੀ ਪਿਸਤੌਲ 30 ਬੋਰ (ਗਲੌਕ) ਸਮੇਤ ਮੈਗਜ਼ੀਨ ਅਤੇ 2 ਜਿੰਦਾ ਰੌਂਦ ਅਤੇ 1 ਦੇਸੀ ਪਿਸਤੌਲ 32 ਬੋਰ ਸਮੇਤ ਮੈਗਜ਼ੀਨ ਸ਼ਾਮਲ ਹਨ। ਪੁਲਿਸ ਵੱਲੋਂ ਗ੍ਰਿਫ਼ਤਾਰ ਕੀਤੇ ਵਿਅਕਤੀਆਂ ਦੇ ਪਿਛੋਕੜ ਅਤੇ ਇਸ ਮਾਮਲੇ ਨਾਲ ਜੁੜੇ ਹੋਰ ਵਿਅਕਤੀਆਂ ਸਬੰਧੀ ਜਾਂਚ ਕੀਤੀ ਜਾ ਰਹੀ ਹੈ। ਪੁਲਿਸ ਅਨੁਸਾਰ ਨਸ਼ਿਆਂ ਅਤੇ ਗੈਰ-ਕਾਨੂੰਨੀ ਅਸਲੇ ਖ਼ਿਲਾਫ਼ ਇਹ ਮੁਹਿੰਮ ਅੱਗੇ ਵੀ ਜਾਰੀ ਰਹੇਗੀ।

ਆਟਾ-ਦਾਲ ਤੇ ਬਿਜਲੀ ਮੁਫ਼ਤ ਕਰਨ ਦੀ ਥਾਂ ਸਿਹਤ ਤੇ ਸਿੱਖਿਆ ਮੁਫ਼ਤ ਕਰੇ ਸਰਕਾਰ: ਸੁਰਜੀਤ ਸਿੰਘ ਰੰਧਾਵਾ

ਮੋਗਾ, 24 ਸਤੰਬਰ (ਜਗਰਾਜ ਸਿੰਘ ਸੰਘਾ) ਭਾਰਤੀ ਕਿਸਾਨ ਯੂਨੀਅਨ ਦੋਆਬਾ ਦੇ ਜ਼ਿਲ੍ਹਾ ਮੋਗਾ ਪ੍ਰਧਾਨ ਸੁਰਜੀਤ ਸਿੰਘ ਰੰਧਾਵਾ ਨੇ ਪੰਜਾਬ ਸਰਕਾਰ ਦੀਆਂ ਮੁਫ਼ਤ ਸਹੂਲਤਾਂ ਦੀ ਨੀਤੀ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਸਰਕਾਰ ਨੂੰ ਲੋਕਾਂ ਨੂੰ ਆਟਾ-ਦਾਲ ਅਤੇ ਬਿਜਲੀ ਮੁਫ਼ਤ ਦੇਣ ਦੀ ਬਜਾਏ ਸਿਹਤ ਸਹੂਲਤਾਂ ਅਤੇ ਸਿੱਖਿਆ ਮੁਫ਼ਤ ਮੁਹੱਈਆ ਕਰਵਾਉਣ ਵੱਲ ਧਿਆਨ ਦੇਣਾ ਚਾਹੀਦਾ ਹੈ। ਸੁਰਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਉਨ੍ਹਾਂ ਦੇ ਵਿਚਾਰ ਅਨੁਸਾਰ ਸਿਰਫ਼ ਮੁਫ਼ਤ ਰਾਸ਼ਨ ਜਾਂ ਬਿਜਲੀ ਦੇਣ ਨਾਲ ਲੋਕਾਂ ਦੀਆਂ ਬੁਨਿਆਦੀ ਸਮੱਸਿਆਵਾਂ ਦਾ ਸਥਾਈ ਹੱਲ ਨਹੀਂ ਹੋ ਸਕਦਾ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਅਜਿਹੀਆਂ ਨੀਤੀਆਂ ਬਣਾਉਣੀਆਂ ਚਾਹੀਦੀਆਂ ਹਨ, ਜਿਨ੍ਹਾਂ ਨਾਲ ਨੌਜਵਾਨਾਂ ਨੂੰ ਚੰਗੀ ਸਿੱਖਿਆ, ਰੁਜ਼ਗਾਰ ਅਤੇ ਸਿਹਤ ਸਹੂਲਤਾਂ ਮਿਲਣ ਅਤੇ ਉਹ ਆਪਣੇ ਪੈਰਾਂ 'ਤੇ ਖੜ੍ਹੇ ਹੋ ਸਕਣ। ਉਨ੍ਹਾਂ ਕਿਹਾ ਕਿ ਅੱਜ ਪ੍ਰਾਈਵੇਟ ਹਸਪਤਾਲਾਂ ਵਿੱਚ ਇਲਾਜ ਦੇ ਵਧ ਰਹੇ ਖਰਚੇ ਕਾਰਨ ਆਮ ਪਰਿਵਾਰਾਂ 'ਤੇ ਵੱਡਾ ਆਰਥਿਕ ਬੋਝ ਪੈ ਰਿਹਾ ਹੈ। ਇਸੇ ਤਰ੍ਹਾਂ ਪ੍ਰਾਈਵੇਟ ਸਕੂਲਾਂ ਦੀਆਂ ਫੀਸਾਂ ਅਤੇ ਹੋਰ ਖਰਚਿਆਂ ਕਾਰਨ ਮਾਪਿਆਂ ਲਈ ਆਪਣੇ ਬੱਚਿਆਂ ਨੂੰ ਵਧੀਆ ਸਿੱਖਿਆ ਦਿਵਾਉਣਾ ਮੁਸ਼ਕਲ ਹੁੰਦਾ ਜਾ ਰਿਹਾ ਹੈ। ਰੰਧਾਵਾ ਨੇ ਕਿਹਾ ਕਿ ਜੇਕਰ ਸਰਕਾਰ ਸਿੱਖਿਆ ਅਤੇ ਸਿਹਤ ਨੂੰ ਵੱਡੇ ਪੱਧਰ 'ਤੇ ਮੁਫ਼ਤ ਜਾਂ ਕਿਫਾਇਤੀ ਬਣਾਉਣ ਦੀ ਗਾਰੰਟੀ ਦੇਵੇ ਤਾਂ ਇਸ ਦਾ ਸਿੱਧਾ ਲਾਭ ਹਰ ਵਰਗ ਦੇ ਪਰਿਵਾਰ ਨੂੰ ਮਿਲ ਸਕਦਾ ਹੈ। ਉਨ੍ਹਾਂ ਮੁਤਾਬਕ ਸਿਹਤਮੰਦ ਅਤੇ ਪੜ੍ਹਿਆ-ਲਿਖਿਆ ਨੌਜਵਾਨ ਹੀ ਆਪਣੇ ਪਰਿਵਾਰ, ਸਮਾਜ ਅਤੇ ਸੂਬੇ ਦੀ ਤਰੱਕੀ ਵਿੱਚ ਯੋਗਦਾਨ ਪਾ ਸਕਦਾ ਹੈ। ਉਨ੍ਹਾਂ ਨਸ਼ਿਆਂ ਦੇ ਮੁੱਦੇ 'ਤੇ ਵੀ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਸਿਰਫ਼ ਨਾਅਰੇਬਾਜ਼ੀ ਕਾਫ਼ੀ ਨਹੀਂ, ਸਗੋਂ ਉਨ੍ਹਾਂ ਨੂੰ ਚੰਗੀ ਸਿੱਖਿਆ, ਰੁਜ਼ਗਾਰ, ਖੇਡਾਂ ਅਤੇ ਬਿਹਤਰ ਭਵਿੱਖ ਦੇ ਮੌਕੇ ਦੇਣੇ ਜ਼ਰੂਰੀ ਹਨ। ਰੰਧਾਵਾ ਨੇ ਸਰਕਾਰ ਤੋਂ ਮੰਗ ਕੀਤੀ ਕਿ ਲੋਕਾਂ ਨੂੰ ਮੁਫ਼ਤ ਸਹੂਲਤਾਂ ਦੇਣ ਦੇ ਨਾਲ-ਨਾਲ ਅਜਿਹੀ ਨੀਤੀ ਵੀ ਬਣਾਈ ਜਾਵੇ, ਜਿਸ ਨਾਲ ਪੰਜਾਬ ਦਾ ਨੌਜਵਾਨ ਮੁਫ਼ਤ ਸਹੂਲਤਾਂ 'ਤੇ ਨਿਰਭਰ ਹੋਣ ਦੀ ਬਜਾਏ ਸਿੱਖਿਆ ਅਤੇ ਰੁਜ਼ਗਾਰ ਰਾਹੀਂ ਆਤਮਨਿਰਭਰ ਬਣੇ।

ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦੀ ਅਗਵਾਈ ਹੇਠ ਪਿੰਡ ਚੜਿਕ ਵਿੱਚ ਕਾਂਗਰਸ ਨੂੰ ਝਟਕਾ, ਕਈ ਪਰਿਵਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ

ਮੋਗਾ, 25 ਸਤੰਬਰ (ਜਗਰਾਜ ਸਿੰਘ ਸੰਘਾ) : ਮੋਗਾ ਜ਼ਿਲ੍ਹੇ ਦੇ ਪਿੰਡ ਚੜਿਕ ਵਿੱਚ ਕਾਂਗਰਸ ਪਾਰਟੀ ਨੂੰ ਉਸ ਸਮੇਂ ਝਟਕਾ ਲੱਗਿਆ, ਜਦੋਂ ਬੂਟਾ ਸਿੰਘ, ਸੁਖਮੰਦਰ ਸਿੰਘ ਅਤੇ ਪੂਰਨ ਸਿੰਘ ਆਪਣੇ ਸਾਥੀਆਂ ਸਮੇਤ ਕਾਂਗਰਸ ਪਾਰਟੀ ਨੂੰ ਅਲਵਿਦਾ ਕਹਿ ਕੇ ਜ਼ਿਲ੍ਹਾ ਪਰਿਸ਼ਦ ਦੇ ਚੇਅਰਮੈਨ ਸਰਦਾਰ ਰਵਿੰਦਰ ਸਿੰਘ ਗਿੱਲ ਦੇ ਸਹਿਯੋਗ ਨਾਲ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ।ਇਸ ਮੌਕੇ ਮੋਗਾ ਹਲਕੇ ਦੀ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਸਾਰੇ ਸਾਥੀਆਂ ਦਾ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀਆਂ ਲੋਕ-ਹਿਤੈਸ਼ੀ ਨੀਤੀਆਂ ਅਤੇ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਲੋਕ ਲਗਾਤਾਰ ਪਾਰਟੀ ਨਾਲ ਜੁੜ ਰਹੇ ਹਨ। ਵਿਧਾਇਕ ਨੇ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਹਰੇਕ ਸਾਥੀ ਨੂੰ ਪੂਰਾ ਮਾਣ-ਸਨਮਾਨ ਦਿੱਤਾ ਜਾਵੇਗਾ ਅਤੇ ਸਾਰਿਆਂ ਨੂੰ ਨਾਲ ਲੈ ਕੇ ਹਲਕੇ ਦੇ ਵਿਕਾਸ ਅਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਕੰਮ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਦੀ ਤਰੱਕੀ ਅਤੇ ਲੋਕਾਂ ਦੀ ਖੁਸ਼ਹਾਲੀ ਲਈ ਸਾਰਿਆਂ ਨੂੰ ਮਿਲ ਕੇ ਯਤਨ ਕਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਵਿਕਾਸ ਦੇ ਨਾਲ-ਨਾਲ ਆਮ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪਿੰਡ ਚੜਿਕ ਦੇ ਨਵੇਂ ਸਾਥੀਆਂ ਦੇ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਸੰਗਠਨ ਨੂੰ ਹੋਰ ਮਜ਼ਬੂਤੀ ਮਿਲੇਗੀ। ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਸਮੂਹ ਪਾਰਟੀ ਵਰਕਰਾਂ ਨੂੰ ਇਕਜੁੱਟ ਹੋ ਕੇ ਲੋਕਾਂ ਦੀ ਸੇਵਾ ਕਰਨ ਅਤੇ ਸਰਕਾਰ ਦੀਆਂ ਲੋਕ-ਭਲਾਈ ਯੋਜਨਾਵਾਂ ਨੂੰ ਘਰ-ਘਰ ਤੱਕ ਪਹੁੰਚਾਉਣ ਦਾ ਸੱਦਾ ਦਿੱਤਾ। ਇਸ ਮੌਕੇ ਪਿੰਡ ਚੜਿਕ ਦੀ ਸਮੂਹ ਗ੍ਰਾਮ ਪੰਚਾਇਤ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਵੱਖ-ਵੱਖ ਆਗੂ ਅਤੇ ਵਰਕਰ ਵੀ ਮੌਜੂਦ ਸਨ। ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਸਾਥੀਆਂ ਨੇ ਵਿਸ਼ਵਾਸ ਦਿਵਾਇਆ ਕਿ ਉਹ ਪਾਰਟੀ ਦੀ ਮਜ਼ਬੂਤੀ ਅਤੇ ਇਲਾਕੇ ਦੇ ਵਿਕਾਸ ਲਈ ਪੂਰੀ ਨਿਸ਼ਠਾ ਨਾਲ ਕੰਮ ਕਰਨਗੇ।

ਅਕਾਲੀ ਦਲ ਸੁਤੰਤਰ ਪ੍ਰਧਾਨ ਪਰਮਜੀਤ ਸਿੰਘ ਸਹੋਲੀ ਦੀ ਅਗਵਾਈ ਹੇਠ ਸਿਵਲ ਹਸਪਤਾਲ ਅੱਗੇ ਲਗਾਇਆ ਗਿਆ ਰੋਸ ਧਰਨਾ

ਨਾਭਾ 25 ਸਤੰਬਰ (ਸ਼ੁਭਮ ਜਿੰਦਲ ਰਾਕੇਸ਼ ਜਿੰਦਲ) ਅਕਾਲੀ ਦਲ ਸੁਤੰਤਰ ਦੇ ਕੌਮੀ ਪ੍ਰਧਾਨ ਪਰਮਜੀਤ ਸਿੰਘ ਸਹੋਲੀ ਦੇ ਗਵਾਈ ਹੇਠ ਸਿਵਲ ਹਸਪਤਾਲ ਨਾਭਾ ਅੱਗੇ ਆਪਣੀਆਂ ਮੰਗਾਂ ਨੂੰ ਲੈ ਕੇ ਰੋਸ ਧਰਨਾ ਲਗਾਇਆ ਗਿਆ। ਧਰਨੇ ਨੂੰ ਸੰਬੋਧਨ ਕਰਦਿਆਂ ਪਰਮਜੀਤ ਸਿੰਘ ਸਹੋਲੀ ਨੇ ਕਿਹਾ ਕਿ ਕਾਂਗਰਸ ਸਰਕਾਰ ਵੱਲੋਂ ਕਈ ਕਰੋੜਾਂ ਰੁਪਈਆ ਖਰਚ ਕਰਕੇ ਨਾਭਾ ਦੇ ਸਿਵਲ ਹਸਪਤਾਲ ਵਿਖੇ ਜੱਚਾ ਬੱਚਾ ਨਵੀਂ ਇਮਾਰਤ ਬਣਾਈ ਗਈ ਸੀ। ਉਹਨਾਂ ਕਿਹਾ ਕਿ ਇਮਾਰਤ ਖੰਡਰ ਬਣਦੀ ਜਾ ਰਹੀ ਹੈ। ਜਦੋਂ ਤੋਂ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਚ ਸੱਤਾ ਵਿੱਚ ਆਈ ਹੈ, ਉਸ ਨੇ ਸਿਵਲ ਹਸਪਤਾਲ ਨਾਭਾ ਦੀ ਕੋਈ ਸਾਰ ਨਹੀਂ ਲਈ, ਉਹਨਾਂ ਆਖਿਆ ਕੀ ਇਸ ਸਬੰਧੀ ਕਈ ਵਾਰ ਧਰਨੇ ਲਗਾ ਚੁੱਕੇ ਹਨ ਅਤੇ ਮੰਗ ਪੱਤਰ ਦੇ ਚੁੱਕੇ ਹਨ ਪਰੰਤੂ ਪ੍ਰਸ਼ਾਸਨ ਅਤੇ ਸਰਕਾਰ ਸੁੱਤੀ ਹੋਈ ਹੈ। ਜਿਸ ਨੂੰ ਜਗਾਉਣ ਲਈ ਅੱਜ ਮੁੜ ਤੋਂ ਰੋਸ ਧਰਨਾ ਲਗਾਇਆ ਗਿਆ ਹੈ। ਪਰਮਜੀਤ ਸਿੰਘ ਸਹੋਲੀ ਨੇ ਕਿਹਾ ਕਿ ਆਪ ਸਰਕਾਰ ਨੇ ਸਿਹਤ ਨੂੰ ਲੈ ਕੇ ਲੋਕਾਂ ਨਾਲ ਝੂਠੇ ਪ੍ਰਚਾਰ ਕੀਤੇ ਹਨ। ਉਹਨਾਂ ਕਿਹਾ ਕਿ ਸਿਹਤ ਮੰਤਰੀ ਡਾਕਟਰ ਬਲਬੀਰ ਸਿੰਘ ਕਈ ਬਾਰ ਇਸ ਹਸਪਤਾਲ ਦੇ ਵਿੱਚ ਦੌਰਾ ਕਰਕੇ ਗਏ ਹਨ ਉਹਨਾਂ ਨੂੰ ਵੀ ਮੰਗ ਪੱਤਰ ਦਿੱਤਾ ਪਰ ਅਫਸੋਸ ਕਿ ਅੱਜ ਤੱਕ ਉਦਘਾਟਨ ਕਰਕੇ ਲੋਕਾਂ ਨੂੰ ਨਵੀਂ ਬਿਲਡਿੰਗ ਦੀ ਸਹੂਲਤ ਨਹੀਂ ਦਿੱਤੀ ਗਈ ਹੈ। ਉਹਨਾਂ ਕਿਹਾ ਕਿ ਇਹ ਬਿਲਡਿੰਗ ਦੇ ਵਿੱਚੋਂ ਬਹੁਤ ਕੀਮਤੀ ਸਮਾਨ ਚੋਰੀ ਹੋ ਚੁੱਕਿਆ ਹੈ। ਸਿਵਲ ਹਸਪਤਾਲ ਵਿਖੇ ਡਾਕਟਰਾਂ ਦੀ ਘਾਟ, ਸਟਾਫ ਨਰਸਾਂ ਦਾ ਨਾ ਹੋਣਾ ਅਤੇ ਫੋਰਥ ਕਲਾਸ ਦੇ ਮੁਲਾਜ਼ਮਾਂ ਦਾ ਨਾ ਹੋਣਾ ਇਹ ਦਰਸਾਉਂਦਾ ਹੈ ਕਿ ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਫਰੰਟ ਤੇ ਫੇਲ ਸਾਬਤ ਹੋ ਚੁੱਕੀ ਹੈ। ਉਹਨਾਂ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਜਲਦੀ ਉਦਘਾਟਨ ਨਹੀ ਕੀਤਾ ਗਿਆ ਤਾਂ ਅਕਾਲੀ ਦਲ ਸੁਤੰਤਰ ਦੇ ਆਗੂ ਸਿਹਤ ਮੰਤਰੀ ਡਾਕਟਰ ਬਲਵੀਰ ਸਿੰਘ ਦੀ ਕੋਠੀ ਅੱਗੇ ਰੋਜਾਨਾ ਧਰਨਾ ਦੇਣਗੇ, ਜਿਸ ਦੀ ਜਿੰਮੇਵਾਰੀ ਪ੍ਰਸ਼ਾਸਨ ਅਤੇ ਸੂਬਾ ਸਰਕਾਰ ਦੀ ਹੋਵੇਗੀ। ਉਪਰੰਤ ਅਕਾਲੀ ਦਲ ਸੁਤੰਤਰ

ਸੁਖਪਾਲ ਸਿੰਘ ਪਾਲਾ ਮਾਈਸਰ ਖਾਨਾ ਨੂੰ ਪਿੰਡ ਪ੍ਰਧਾਨ ਸੋਸ਼ਲ ਮੀਡੀਆ ਕੀਤਾ ਗਿਆ ਨਿਯੁਕਤ:-ਮਠਾੜੂ

ਮੌੜ ਮੰਡੀ, ਦੇਸ਼ ਪ੍ਰਦੇਸ਼ ,(ਸੰਦੀਪ ਕੁਮਾਰ) ਮੌੜ ਮੰਡੀ:-ਕਿੱਥੋਂ 8 ਕਿਲੋਮੀਟਰ ਦੂਰ ਪਿੰਡ ਮਾਈਸਰਖਾਨਾ ਵਿਖੇ ਆਮ ਆਦਮੀ ਪਾਰਟੀ ਦੇ ਪੁਰਾਣੇ ਅਤੇ ਸੀਨੀਅਰ ਵਰਕਰ ਸੁਖਪਾਲ ਸਿੰਘ ਪਾਲਾ ਨੂੰ ਉਹਨਾਂ ਦੀਆਂ ਪਾਰਟੀ ਪ੍ਰਤੀ ਸੇਵਾਵਾਂ ਨੂੰ ਦੇਖਦੇ ਹੋਏ ਵਿਧਾਨ ਸਭਾ ਹਲਕਾ ਮੌੜ ਆਮ ਆਦਮੀ ਪਾਰਟੀ ਸੰਗਠਨ ਸੋਸ਼ਲ ਮੀਡੀਆ ਵਿੰਗ ਵੱਲੋਂ ਸੁਖਪਾਲ ਸਿੰਘ ਪਾਲਾ ਟੇਲਰ ਨੂੰ ਪਿੰਡ ਪ੍ਰਧਾਨ ਸ਼ੋਸ਼ਲ ਮੀਡੀਆ ਨਿਯੁਕਤ ਕੀਤਾ ਗਿਆ ਹੈ। ਵਿਧਾਨ ਸਭਾ ਹਲਕਾ ਮੌੜ ਦੇ ਹਲਕਾ ਸੰਗਠਨ ਇੰਚਾਰਜ ਰਣਜੀਤ ਸਿੰਘ ਮਠਾੜੂ ਨੇ ਇਸ ਨਿਯੁਕਤੀ ਦੀ ਪੁਰਜੋਰ ਸਲਾਘਾ ਕੀਤੀ ਹੈ ਉਹਨਾਂ ਆਸ ਜਿਤਾਈ ਕਿ ਇਸ ਨਿਯੁਕਤੀ ਨਾਲ ਆਮ ਆਦਮੀ ਪਾਰਟੀ ਦੀਆਂ ਗਤੀਵਿਧੀਆਂ ਲੋਕਾਂ ਵਿੱਚ ਪਹੁਚਾਣ ਵਿੱਚ ਵਧੇਰੇ ਮਦਦ ਮਿਲੇਗੀ।ਸੁਖਪਾਲ ਸਿੰਘ ਪਾਲਾ ਵੱਲੋਂ ਇਸ ਨਿਯੁਕਤੀ ਲਈ ਹਲਕਾ ਸਗੰਠਨ ਇੰਚਾਰਜ ਰਣਜੀਤ ਸਿੰਘ ਮਠਾੜੂ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਪਾਰਟੀ ਵੱਲੋਂ ਉਹਨਾਂ ਨੂੰ ਦਿੱਤੀ ਗਈ ਜਿੰਮੇਵਾਰੀ ਪੂਰੀ ਤਨਦੇਹੀ ਨਾਲ ਨਿਭਾਈ ਜਾਵੇਗੀ। ਰਣਜੀਤ ਸਿੰਘ ਮਠਾੜੂ ਵੱਲੋਂ ਉਹਨਾਂ ਦੇ ਗ੍ਰਹਿ ਵਿਖੇ ਪਹੁੰਚ ਕੇ ਉਹਨਾਂ ਦਾ ਸਨਮਾਨ ਤੇ ਮੂੰਹ ਮਿੱਠਾ ਕਰਵਾਇਆ ਗਿਆ। ਇਸ ਮੌਕੇ ਉਹਨਾਂ ਦੇ ਨਾਲ ਰਣਵੀਰ ਸ਼ਰਮਾ ਬਲਾਕ ਕੋਆਰਡੀਨੇਟਰ ਸੋਸ਼ਲ ਮੀਡੀਆ, ਭਲਵਿੰਦਰ ਸਿੰਘ ਪੰਚ,ਛੋਟਾ ਸਿੰਘ ਮਾਨ, ਆਪ ਪਾਰਟੀ ਵਰਕਰਾ ਤੋਂ ਇਲਾਵਾ ਸੁਖਵੀਰ ਸਿੰਘ ਮਾਨ ਸੋਸ਼ਲ ਮੀਡੀਆ ਇਨਚਾਰਜ

ਡਿਪਟੀ ਕਮਿਸ਼ਨਰ ਤੇ ਐਸ .ਐਸ .ਪੀ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਤਹਿਤ ਪਟਿਆਲਾ ਜ਼ਿਲ੍ਹੇ 'ਚ ਨਸ਼ਾ ਰੋਕੂ ਗਤੀਵਿਧੀਆਂ ਦਾ ਜਾਇਜ਼ਾ

ਯੁੱਧ ਨਸ਼ਿਆਂ ਵਿਰੁੱਧ : ਨਸ਼ਾ ਤਸਕਰਾਂ ਦੀ ਸੂਚਨਾ ਪੁਲਿਸ ਨੂੰ ਦੇਣ 'ਤੇ ਜ਼ੋਰ

ਪਟਿਆਲਾ, 25 ਸਤੰਬਰ:(ਰਾਜਿੰਦਰ ਸਿੰਘ ਥਿੰਦ) ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਅਤੇ ਐਸ.ਐਸ.ਪੀ. ਹਰਮਨਦੀਪ ਸਿੰਘ ਹਾਂਸ ਨੇ ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪਟਿਆਲਾ ਜ਼ਿਲ੍ਹੇ ਵਿੱਚ ਨਸ਼ਾ ਰੋਕੂ ਗਤੀਵਿਧੀਆਂ ਦਾ ਜਾਇਜ਼ਾ ਲਿਆ। ਡਿਪਟੀ ਕਮਿਸ਼ਨਰ ਨੇ ਇਸ ਮੌਕੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨਸ਼ੇ ਕਰਨ ਵਾਲਿਆਂ ਦੀ ਨਸ਼ਾ ਮੁਕਤੀ ਕਰਕੇ ਉਨ੍ਹਾਂ ਦੇ ਪੁਨਰਵਾਸ ਲਈ ਹੁਨਰ ਵਿਕਾਸ @ਤੇ ਜ਼ੋਰ ਦੇ ਰਹੀ ਹੈ। ਐਸ.ਐਸ.ਪੀ. ਨੇ ਕਿਹਾ ਕਿ ਪਟਿਆਲਾ ਪੁਲਿਸ ਮੁੱਖ ਮੰਤਰੀ ਤੇ ਡੀਜੀਪੀ ਦੇ ਨਿਰਦੇਸ਼ਾਂ ਮੁਤਾਬਕ ਨਸ਼ਿਆਂ ਦੀ ਸਪਲਾਈ ਚੇਨ ਤੋੜਨ ਲਈ ਦ੍ਰਿੜ ਸੰਕਲਪ ਹੈ ਪਰੰਤੂ ਨਸ਼ਿਆਂ ਦੀ ਮੰਗ ਬੰਦ ਕਰਨ ਲਈ ਸਮਾਜ ਦਾ ਸਾਥ ਬੇਹੱਦ ਲਾਜਮੀ ਹੈ।ਡਿਪਟੀ ਕਮਿਸ਼ਨਰ ਤੇ ਐਸ.ਐਸ.ਪੀ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਕੀਤੀ ਇਸ ਬੈਠਕ ਮੌਕੇ ਸ਼ਹਿਰੀ ਵਿਕਾਸ ਦੇ ਓਐਸਡੀ ਮੁਕਿਲਨ ਆਰ, ਏ.ਡੀ.ਸੀ. (ਜ) ਅਨੁਪ੍ਰਿਤਾ ਜੌਹਲ, ਯੁੱਧ ਨਸ਼ਿਆਂ ਵਿਰੁੱਧ ਤਹਿਤ ਨਸ਼ਾ ਮੁਕਤੀ ਮੋਰਚਾ ਦੇ ਜ਼ਿਲ੍ਹਾ ਦਿਹਾਤੀ ਪ੍ਰਧਾਨ ਯਾਦਵਿੰਦਰ ਸਿੰਘ ਗੋਲਡੀ ਸੰਧੂ, ਸ਼ਹਿਰੀ ਜ਼ਿਲ੍ਹਾ ਪ੍ਰਧਾਨ ਬਲਜਿੰਦਰ ਸਿੰਘ ਸਰਾਓ, ਮੀਤ ਪ੍ਰਧਾਨ ਪਵਨ ਕੁਮਾਰ ਤੇ ਹਲਕਾ ਪ੍ਰਧਾਨ ਪ੍ਰਿਤਪਾਲ ਸਿੰਘ ਸਮੇਤ ਸਾਰੇ 8 ਵਿਧਾਨ ਸਭਾ ਹਲਕਿਆਂ ਦੇ ਹਲਕਾ ਅਤੇ ਬਲਾਕ ਕੋਆਰਡੀਨੇਟਰ ਵੀ ਮੌਜੂਦ ਸਨ। ਇਸ ਦੌਰਾਨ ਸਾਰੇ ਨਸ਼ਾ ਮੁਕਤੀ ਲਈ ਹੇਠਲੇ ਪੱਧਰ @ਤੇ ਕੰਮ ਕਰ ਰਹੇ ਸਾਰੇ ਆਗੂਆਂ ਦੇ ਨਸ਼ਿਆਂ ਦੀ ਰੋਕਥਾਮ ਲਈ ਫੀਡਬੈਕ ਤੇ ਸੁਝਾਉ ਲਏ ਗਏ।ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਪੰਜਾਬ ਸਰਕਾਰ ਵੱਲੋਂ ਅਰੰਭੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੌਰਾਨ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਦੀ ਰੋਕਥਾਮ, ਨਿਗਰਾਨੀ, ਪੁਨਰਵਾਸ ਅਤੇ ਭਾਈਚਾਰਕ ਭਾਗੀਦਾਰੀ ਨੂੰ ਮਜ਼ਬੂਤ ਕੀਤਾ ਗਿਆ ਹੈ, ਜਿਸ ਕਰਕੇ ਵਾਰਡ ਤੇ ਪਿੰਡ ਡਿਫੈਂਸ ਕਮੇਟੀਆਂ ਦੇ ਮੈਂਬਰ ਅਤੇ ਆਮ ਲੋਕ ਨਸ਼ਿਆਂ ਵਿਰੁੱਧ ਲਾਮਬੰਦ ਹੋ ਰਹੇ ਹਨ, ਪਰੰਤੂ ਫਿਰ ਵੀ ਸਿਵਲ ਪ੍ਰਸ਼ਾਸਨ ਵੱਲੋਂ ਇਸ ਗੱਲ @ਤੇ ਜ਼ੋਰ ਦਿੱਤਾ ਜਾ ਰਿਹਾ ਹੈ ਕਿ ਨਸ਼ੇ ਛੱਡਣ ਦੇ ਚਾਹਵਾਨਾਂ ਨੂੰ ਪ੍ਰੇਰ ਕੇ ਨਸ਼ਾ ਮੁਕਤੀ ਕੇਂਦਰਾਂ ਵਿੱਚ ਲਿਆਂਦਾ ਜਾਵੇ।ਐਸ.ਐਸ.ਪੀ. ਹਰਮਨਦੀਪ ਸਿੰਘ ਹਾਂਸ ਨੇ ਦੱਸਿਆ ਕਿ ਪਟਿਆਲਾ ਪੁਲਿਸ ਵੱਲੋਂ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਅੱਜ ਹੀ ਨਾਭਾ ਇਲਾਕੇ @ਚ ਕਾਸੋ ਓਪਰੇਸ਼ਨ ਚਲਾ ਕੇ 14 ਜਣੇ ਕਾਬੂ ਕੀਤੇ ਗਏ, ਜਿਨ੍ਹਾਂ @ਚੋਂ 10 ਵਿਰੁੱਧ ਐਫ.ਆਈ.ਆਰ ਦਰਜ ਕੀਤੀ ਗਈ ਹੈ, ਤੇ ਇਹ ਮੁਹਿੰਮ ਪੂਰੇ ਜ਼ਿਲ੍ਹੇ ਵਿੱਚ ਜਾਰੀ ਹੈ। ਉਨ੍ਹਾਂ ਨੇ ਸੋਵ ਪੰਜਾਬ ਪੋਰਟਲ ਉਪਰ ਨਸ਼ਿਆਂ ਦੇ ਸੌਦਾਗਰਾਂ ਦੀ ਜਾਣਕਾਰੀ ਦੇਣ @ਤੇ ਵੀ ਜ਼ੋਰ ਦਿੱਤਾ ਤੇ ਕਿਹਾ ਕਿ ਅਜਿਹੀ ਜਾਣਕਾਰੀ ਦੇਣ ਵਾਲੇ ਦੀ ਪਛਾਣ ਗੁਪਤ ਰੱਖੀ ਜਾਂਦੀ ਹੈ। ਯਾਦਵਿੰਦਰ ਸਿੰਘ ਗੋਲਡੀ ਸੰਧੂ ਨੇ ਦੱਸਿਆ ਕਿ ਨਸ਼ਾ ਰਹਿਤ ਹੋ ਚੁੱਕੇ ਵਿਅਕਤੀ, ਜੋ ਹੁਣ ਸੂਰਮੇ ਬਣਕੇ ਨਸ਼ਾ ਮੁਕਤੀ ਦੇ ਬਰਾਂਡ ਐਂਬੈਸਡਰ ਬਣਕੇ ਨਸ਼ਾ ਵਿਰੁੱਧ ਮੁਹਿੰਮ ਨੂੰ ਅੱਗੇ ਵਧਾ ਰਹੇ ਹਨ, ਦੀਆਂ ਸੇਵਾਵਾਂ ਵੀ ਲਈਆਂ ਜਾ ਰਹੀਆ ਹਨ।ਬੈਠਕ ਦੌਰਾਨ ਸਮੂਹ ਐਸ.ਡੀ.ਐਮਜ ਤੇ ਡੀ.ਐਸ.ਪੀਜ, ਡਿਪਟੀ ਮੈਡੀਕਲ ਕਮਿਸ਼ਨਰ ਡਾ. ਜਸਵਿੰਦਰ ਸਿੰਘ, ਨਸ਼ਾ ਮੁਕਤੀ ਮੋਰਚੇ ਦੇ ਆਗੂ ਘਨੌਰ ਤੋਂ ਜਸਵਿੰਦਰ ਸਿੰਘ, ਨਾਭਾ ਤੋਂ ਭੁਪਿੰਦਰ ਸਿੰਘ, ਰਾਜਪੁਰਾ ਤੋਂ ਰਜੇਸ਼ ਕੁਮਾਰ, ਸਮਾਣਾ ਤੋਂ ਰਾਮ ਸਿੰਘ, ਸਨੌਰ ਤੋਂ ਗੁਰਮੀਤ ਸਿੰਘ ਪੰਜੋਲਾ ਵੀ ਮੌਜ਼ਦ ਸਨ

ਦਲਬੀਰ ਯੂ ਕੇ ਨੂੰ ਮੁੱਖ ਮੰਤਰੀ ਭਗਵੰਤ ਮਾਨ ਨੇ ਦਿੱਤਾ ਥਾਪੜਾ

ਪਟਿਆਲਾ , 25 ਸਤੰਬਰ (ਰਾਜਿੰਦਰ ਸਿੰਘ ਥਿੰਦ) ਅੰਤਰਰਾਸ਼ਟ੍ਰੀ ਕੱਬਡੀ ਖਿਡਾਰੀ ਦਲਬੀਰ ਸਿੰਘ ਗਿੱਲ ਯੂ ਕੇ ਜੋ ਕਿ ਪੰਜਾਬ ਦੇ ਮੁੱਖ ਮੰਤਰੀਭਗਵੰਤ ਸਿੰਘ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿੱਕਟ ਵਰਤੀਆਂ ਵਜੋਂ ਜਾਣੇ ਜਾਂਦੇ ਹਨ,ਨੇ ਬੀਤੇ ਦਿਨੀ ਭਗਵੰਤ ਨਾਲ ਮੁਲਾਕਾਤ ਕਰ ਕੇ ਘਨੌਰ ਵਿਧਾਨ ਸਭਾ ਹਲਕੇ ਦੀ ਰਾਜਸੀ ਸਥਿਤੀ ਬਾਰੇ ਵਿਸਥਾਰ ਪੂਰਵਕ ਚਰਚਾ ਕੀਤੀ ਗਈ।ਮੁੱਖ ਮੰਤਰੀ ਵੱਲੋਂ ਉਹਨਾਂ ਨੂੰ ਆਪਣਾ ਥਾਪੜਾ ਦੇ ਗਿਆ ਹੈ! ਮਿਲੀ ਜਾਣਕਾਰੀ ਅਨੁਸਾਰ ਬੇਸ਼ਕ ਪਾਰਟੀ ਵੱਲੋਂ ਘਨੌਰ ਹਲਕੇ ਤੋਂ ਅਜੇ ਆਪਣੇ ਉਮੀਦਵਾਰ ਦਾ ਕੋਈ ਐਲਾਨ ਤਾਂ ਨਹੀ ਕੀਤਾ ਪ੍ਰੰਤੂ ਦਲਬੀਰ ਸਿੰਘ ਗਿੱਲ ਯੂਕੇ ਨੂੰ ਆਮ ਆਦਮੀ ਪਾਰਟੀ ਵੱਲੋਂ 2027 ਦੀਆਂ ਵਿਧਨ ਸਭਾਈ ਚੌਣਾ ਚ ਘਨੌਰ ਹਲਕੇ ਤੋਂ ਆਪਣੇ ਉਮੀਦਵਾਰ ਵਜੋਂ ਉਤਾਰਨ ਦੀਆਂ ਕਿਆਸ ਅਰਾਈਆਂ ਨੇ ਜ਼ੋਰ ਫ਼ਕੜ ਲਿਆ ਹੈ! ਮੁੱਖ ਮੰਤਰੀ ਭਗਵੰਤ ਮਾਨ ਅਤੇ ਪਾਰਟੀ ਨੇ ਉਹਨਾਂ ਨੂੰ ਘਨੌਰ ਹਲਕੇ ਚ ਕੰਮ ਕਰਨ ਦਾ ਕੀਤਾ ਇਸ਼ਾਰਾ ਇਹ ਦਰਸਾਓਂਦਾ ਹੈ,ਕਿ ਉਹ ਜਲਦ ਮੌਜੂਦਾ ਵਿਧਾਇਕ ਗੁਰਲਾਲ ਘਨੌਰ ਦੀ ਥਾਂ ਘਨੌਰ ਹਲਕੇ ਦੇ ਇੰਚਾਰਜ ਹੋਣਗੇ!

ਦਲਬੀਰ ਸਿੰਘ ਗਿੱਲ ਯੂਕੇ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਵੱਲੋਂ ਸ਼ੁਰੂ ਕੀਤੀ ਗਈ 'ਡੋਰ-ਟੂ-ਡੋਰ' ਮੁਹਿੰਮ ਤਹਿਤ ਹਲਕਾ ਘਨੌਰ ਵਿਚ ਸੰਗਠਨਾਤਮਕ ਗਤੀਵਿਧੀਆਂ ਨੂੰ ਅੱਗੇ ਵਧਾਉਣ ਲਈ ਘਨੌਰ ਵਿਖੇ ਹਲਕੇ ਦੇ @ਆਪ@ ਆਗੂਆਂ ਨਾਲ ਅਹਿਮ ਮੀਟਿੰਗਾਂ ਕੀਤੀਆਂ ਜਾ ਰਹੀਆਂ ਉਹਨਾਂ ਨੂੰ ਹਲਕਾ ਘਨੌਰ ਦੇ 'ਆਪ' ਮੋਹਤਬਰ ਆਗੂਆਂ,ਵਲੰਟਰੀਆਂ ਅਤੇ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ! ਇਸ ਮੌਕੇ ਦਲਬੀਰ ਗਿੱਲ ਯੂ ਕੇ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਮਨ ਸਰਕਾਰ ਵੱਲੋਂ ਪਿਛਲੇ 4.5 ਸਾਲਾਂ ਦੌਰਾਨ ਰਿਕਾਰਡ ਤੋੜ ਵਿਕਾਸ ਕਾਰਜ ਕਰਵਾਏ ਗਏ ਹਨ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਚੱਲ ਰਹੇ ਅਤੇ ਮੁਕੰਮਲ ਹੋ ਚੁੱਕੇ ਵਿਕਾਸ ਕਾਰਜ ਇਨ੍ਹਾਂ ਉਪਰਾਲਿਆਂ ਦੀ ਗਵਾਹੀ ਆਪਣੇ ਆਪ ਭਰ ਰਹੇ ਹਨ। ਉਨ੍ਹਾਂ 'ਆਪ' ਦੇ ਸਮੂਹ ਪਾਰਟੀ ਵਰਕਰਾਂ ਨੂੰ ਗਰਮਜੋਸ਼ੀ ਨਾਲ ਇੱਕਜੁੱਟ ਹੋ ਕੇ ਮਾਨ ਸਰਕਾਰ ਦੀਆਂ ਲੋਕ ਹਿਤੈਸ਼ੀ ਨੀਤੀਆਂ ਅਤੇ ਵਿਕਾਸ ਕਾਰਜਾਂ ਨੂੰ 'ਡੋਰ-ਟੂ-ਡੋਰ' ਮੁਹਿੰਮ ਤਹਿਤ ਹਲਕਾ ਘਨੌਰ ਦੇ ਹਰ ਘਰ ਤੱਕ ਪਹੁੰਚਾਉਣ ਅਤੇ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ, ਲੋਕ ਭਲਾਈ ਯੋਜਨਾਵਾਂ ਅਤੇ ਲੋਕ ਹਿੱਤ ਵਿੱਚ ਲਏ ਜਾ ਰਹੇ ਫੈਸਲਿਆਂ ਬਾਰੇ ਜਾਣੂ ਕਰਵਾਉਣ ਦੀ ਅਪੀਲ ਕਰਦੇ ਹੋਏ ਦੇ ਲੋਕਾਂ ਨਾਲ ਸਿੱਧਾ ਸੰਪਰਕ ਵੀ ਮਜ਼ਬੂਤ ਕਰਨ ਦੀ ਅਪੀਲ ਕੀਤੀ । ਜਿਸ ਨਾਲ ਪਾਰਟੀ ਨੂੰ ਜ਼ਮੀਨੀ ਪੱਧਰ @ਤੇ ਹੋਰ ਮਜ਼ਬੂਤੀ ਮਿਲੇਗੀ। ਉਹਨਾਂ ਨੇ ਕਿਹਾ ਕਿ ਵਿੱਚ ਆਮ ਆਦਮੀ ਪਾਰਟੀ ਦੇ ਹਰ ਵਰਕਰ ਤੋਂ ਲੈ ਕੇ ਹਰ ਅਹੁਦੇਦਾਰ ਨੂੰ ਬਰਾਬਰ ਦਾ ਮਾਣ-ਸਤਿਕਾਰ ਦਿੱਤਾ ਜਾਵੇਗਾ ਤਾਂ ਜੋ ਪਾਰਟੀ ਦੀ ਮਜ਼ਬੂਤੀ ਲਈ ਜ਼ਮੀਨੀ ਪੱਧਰ 'ਤੇ ਇੱਕਜੁੱਟ ਹੋ ਕੇ ਕੰਮ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਹਲਕਾ ਘਨੌਰ ਵਿੱਚ ਕਰੋੜਾਂ ਰੁਪਏ ਦੇ ਵਿਕਾਸ ਕਾਰਜ ਕੀਤੇ ਜਾ ਰਹੇ ਹਨ, ਜੋ ਆਉਣ ਵਾਲੇ ਸਮੇਂ ਵਿੱਚ ਵੀ ਲਗਾਤਾਰ ਜਾਰੀ ਰਹਿਣਗੇ। ਉਨ੍ਹਾਂ ਵੱਲੋਂ ਹਲਕਾ ਘਨੌਰ ਵਿੱਚ ਆਮ ਆਦਮੀ ਪਾਰਟੀ ਦੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰਨ ਦਾ ਭਰੋਸਾ ਦਿੱਤਾ ਗਿਆ ਅਤੇ ਕਿਹਾ ਗਿਆ ਕਿ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪਾਰਟੀ ਨੂੰ ਮਜ਼ਬੂਤ ਕਰਨ ਲਈ ਜ਼ਮੀਨੀ ਪੱਧਰ 'ਤੇ ਇਕਜੁੱਟ ਹੋ ਕੇ ਕੰਮ ਕੀਤਾ ਜਾਵੇਗਾ!

ਜਨਹਿਤ ਸਮਿਤੀ (ਰਜਿ.) ਪਟਿਆਲਾ ਵੱਲੋਂ 20 ਨੰਬਰ ਰੇਲਵੇ ਫਾਟਕ 'ਤੇ ਲਗਾਏ ਗਏ ਪੌਦੇ

ਇਸ ਸਾਲ 1000 ਫ਼ਲਦਾਰ ਅਤੇ ਆਯੁਰਵੈਦਿਕ ਮਹੱਤਵ ਦੇ ਪੌਦੇ ਲਗਾਉਣ ਦਾ ਟੀਚਾ ਹੋਇਆ ਮੁਕੰਮਲ

ਪਟਿਆਲਾ: 25 ਸਤੰਬਰ (ਰਾਜਿੰਦਰ ਸਿੰਘ ਥਿੰਦ) ਵਾਤਾਵਰਣ ਸੰਭਾਲ ਅਤੇ ਸੁਧਾਰ ਪ੍ਰਤੀ ਆਪਣੀ ਸਮਾਜਿਕ ਵਚਨਬੱਧਤਾ ਨੂੰ ਨਿਭਾਉਂਦੇ ਹੋਏ @ਜਨਹਿਤ ਸਮਿਤੀ (ਰਜਿ.) ਪਟਿਆਲਾ@ ਵੱਲੋਂ 20 ਨੰਬਰ ਰੇਲਵੇ ਫਾਟਕ (ਨੇੜੇ ਕਮਿਸ਼ਨਰ ਰਿਹਾਇਸ਼) ਦੇ ਸਮੀਪ ਬਾਰਾਂਦਰੀ ਗਾਰਡਨ ਪਟਿਆਲਾ ਵਿਖੇ ਇੱਕ ਵਿਸ਼ਾਲ ਪੌਦੇ ਲਗਾਉਣ ਦੀ ਮੁਹਿੰਮ ਦਾ ਆਯੋਜਨ ਕੀਤਾ ਗਿਆ। ਸਮਿਤੀ ਦੇ ਪ੍ਰਧਾਨ ਐੱਸ. ਕੇ. ਗੌਤਮ ਅਤੇ ਸਟੇਟ ਅਵਾਰਡੀ ਤੇ ਜਨਰਲ ਸਕੱਤਰ ਵਿਨੋਦ ਸ਼ਰਮਾ ਦੀ ਯੋਗ ਅਗਵਾਈ ਅਤੇ ਮਾਰਗਦਰਸ਼ਨ ਹੇਠ ਆਯੋਜਿਤ ਇਸ ਪ੍ਰੋਗਰਾਮ ਵਿੱਚ 200 ਤੋਂ ਵੱਧ ਫ਼ਲਦਾਰ ਅਤੇ ਆਯੁਰਵੈਦਿਕ (ਔਸ਼ਧੀ) ਪੌਦੇ ਲਗਾਏ ਗਏ। ਇਸ ਸਫ਼ਲ ਆਯੋਜਨ ਦੇ ਨਾਲ ਹੀ ਜਨਹਿਤ ਸਮਿਤੀ ਨੇ ਚਾਲੂ ਸਾਲ ਵਿੱਚ 1000 ਪੌਦੇ ਲਗਾਉਣ ਦਾ ਆਪਣਾ ਸੰਕਲਪ ਅਤੇ ਟੀਚਾ ਸਫ਼ਲਤਾਪੂਰਵਕ ਪੂਰਾ ਕਰ ਲਿਆ ਹੈ। ਪ੍ਰੋਗਰਾਮ ਦੌਰਾਨ ਸੰਸਥਾ ਦੇ ਜਨਰਲ ਸਕੱਤਰ ਵਿਨੋਦ ਸ਼ਰਮਾ ਨੇ ਬੂਟੇ ਲਗਾਉਣ ਦੇ ਮਹੱਤਵ @ਤੇ ਚਾਨਣਾ ਪਾਉਂਦਿਆਂ ਕਿਹਾ ਕਿ ਮਾਨਵ ਜੀਵਨ ਦੇ ਵਜੂਦ ਅਤੇ ਵਾਤਾਵਰਣ ਦੇ ਸੰਤੁਲਨ ਲਈ ਰੁੱਖ ਅਤੀ ਜ਼ਰੂਰੀ ਹਨ। ਵਾਤਾਵਰਣ ਦੀ ਸ਼ੁੱਧਤਾ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੀ ਅਰੋਗਤਾ ਲਈ ਵੱਧ ਤੋਂ ਵੱਧ ਪੌਦੇ ਲਗਾਉਣਾ ਸਮੇਂ ਦੀ ਮੁੱਖ ਲੋੜ ਹੈ। ਇਸ ਮੌਕੇ ਮੁੱਖ ਮਹਿਮਾਨ ਸ਼੍ਰੀਮਤੀ ਅਨੀਤਾ ਬੰਸਲ (ਰਿਟਾਇਰਡ ਬੀ.ਪੀ.ਈ.ਓ.) ਨੇ ਜਨਹਿਤ ਸਮਿਤੀ ਵੱਲੋਂ ਵਾਤਾਵਰਣ ਸੰਭਾਲ, ਸਿਹਤ ਸੇਵਾਵਾਂ, ਲੋੜਵੰਦ ਲੋਕਾਂ ਦੀ ਮਦਦ ਅਤੇ ਪ੍ਰਤੀ ਸਾਲ ਲਗਭਗ 1000 ਵਿਦਿਆਰਥੀਆਂ ਨੂੰ ਦਿੱਤੀ ਜਾਣ ਵਾਲੀ ਵਿਦਿਅਕ ਸਹਾਇਤਾ ਜਿਹੇ ਜਨ-ਕਲਿਆਣਕਾਰੀ ਕਾਰਜਾਂ ਦੀ ਸ਼ਲਾਘਾ ਕੀਤੀ। ਉੱਥੇ ਹੀ ਵਿਸ਼ੇਸ਼ ਮਹਿਮਾਨ ਸੀ.ਏ. ਰਾਜਿੰਦਰ ਜਿੰਦਲ ਨੇ ਹਾਜ਼ਰ ਸਾਰੇ ਲੋਕਾਂ ਨੂੰ ਆਉਣ ਵਾਲੀਆਂ ਪੀੜ੍ਹੀਆਂ ਦੇ ਸੁਖਦ ਅਤੇ ਸੁਰੱਖਿਅਤ ਭਵਿੱਖ ਲਈ ਵੱਧ ਤੋਂ ਵੱਧ ਪੌਦੇ ਲਗਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਜਨਹਿਤ ਸਮਿਤੀ ਦੇ ਸੰਸਥਾਪਕ ਮੈਂਬਰ ਅਨਿਲ ਕੁਮਾਰ ਭਾਰਤੀ ਨੇ ਸਭਨਾਂ ਨੂੰ ਜਨਹਿਤ ਸਮਿਤੀ ਨਾਲ ਜੁੜਨ ਅਤੇ ਸਮਿਤੀ ਵੱਲੋਂ ਕੀਤੇ ਜਾ ਰਹੇ ਸੇਵਾ ਕਾਰਜਾਂ ਵਿੱਚ ਆਪਣਾ ਬਹੁਮੁੱਲਾ ਸਹਿਯੋਗ ਦੇਣ ਦਾ ਸੱਦਾ ਦਿੱਤਾ। ਇਸ ਗੌਰਵਮਈ ਮੌਕੇ @ਤੇ ਉਪਰੋਕਤ ਤੋਂ ਇਲਾਵਾ ਵਿਵੇਕ ਸ਼ਰਮਾ, ਅਮਰਦੀਪ ਸਿੰਘ, ਐਡਵੋਕੇਟ ਹਰਜਿੰਦਰ ਸਿੰਘ (ਜਰਮਨੀ) ਅਤੇ ਵਰਿੰਦਰ ਗਰਗ ਸਮੇਤ ਅਨੇਕਾਂ ਪਤਵੰਤੇ ਸੱਜਣ ਵੀ ਹਾਜ਼ਰ ਸਨ।

ਪਾਰਟੀ ਵਰਕਰਾ ਤੋਂ ਇਲਾਵਾ ਸੁਖਵੀਰ ਸਿੰਘ ਮਾਨ ਸੋਸ਼ਲ ਮੀਡੀਆ ਇਨਚਾਰਜ

27 ਸਤੰਬਰਬਹਾਦਰਗੜ੍ਹ ਵਿਖੇ ਰਾਕੇਸ਼ ਬੱਗਾ ਦੇ ਹੱਕ ਵਿੱਚ ਹੋ ਰਹੀ ਹਲਕੇ ਦੀ ਮੀਟਿੰਗ ਲਈ ਲੋਕਾਂ ਚ ਭਾਰੀ ਉਤਸ਼ਾਹ

ਸਨੌਰ 27ਸਤੰਬਰ (ਰਾਜਿੰਦਰ ਸਿੰਘ ਥਿੰਦ) ਹਲਕਾ ਸਨੌਰ ਦੇ ਕਸਬਾ ਬਹਾਦਰਗੜ੍ਹ ਵਿਖੇ ਡਾਇਮੰਡ ਪੈਲਿਸ ਵਿਚ ਹੋਣ ਜਾ ਰਹੀ ਮੀਟਿੰਗ ਨੂੰ ਲੈ ਕੇ ਰ

ਬਜ਼ੁਰਗ ਵਿਧਵਾ ਔਰਤ ਨੇ ਐਸ ਪੀ ਰੈਂਕ ਦੇ ਅਫਸਰ 'ਤੇ ਘਰ 'ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਅਤੇ ਮਾਰਕੁੱਟ ਦੇ ਲਗਾਏ ਦੋਸ਼, ਅਫਸਰ ਨੇ ਦੋਸ਼ ਨਕਾਰੇ

334 ਗਜ਼ ਪਲਾਟ ਸਾਡਾ ਜਿਸਦੇ ਅਸੀਂ ਕਾਨੂੰਨੀ ਮਾਲਕ: ਐਡਵੋਕੇਟ ਵਿਜੇ ਗੋਇਲ, ਰਾਕੇਸ਼ ਗੋਇਲ

ਪਟਿਆਲਾ, 25 ਸਤੰਬਰ (ਰਾਜਿੰਦਰ ਸਿੰਘ ਥਿੰਦ) ਸ਼ਹਿਰ ਵਿਚ ਕਿਸ਼ੋਰ ਕਲੋਨੀ ਨੇੜੇ ਪੰਜਾਬੀ ਬਾਗ ਦੀ ਰਹਿਣ ਵਾਲੀ ਬਜ਼ੁਰਗ ਮਹਿਲਾ ਅਮਰਜੀਤ ਕੌਰ ਪਤਨੀ ਸਵਰਗੀ ਪਰਮਜੀਤ ਸਿੰਘ ਨੇ ਸ਼ਹਿਰ ਵਿਚ ਤਾਇਨਾਤ ਐਸ ਪੀ ਰੈਂਕ ਦੇ ਪੁਲਿਸ ਅਫਸਰ ਰਾਜੇਸ਼ ਛਿੱਬਰ 'ਤੇ ਉਹਨਾਂ ਦੇ 501 ਗਜ਼ ਦੇ ਪਲਾਟ 'ਤੇ ਜ਼ਬਰੀ ਕਬਜ਼ਾ ਕਰਨ ਦੀ ਕੋਸ਼ਿਸ਼ ਕਰਨ ਅਤੇ ਉਹਨਾਂ ਦੀ ਨੂੰਹ ਨਾਲ ਕੁੱਟਮਾਰ ਕਰਨ ਦੇ ਦੋਸ਼ ਲਗਾਏ ਹਨ ਜਦੋਂ ਕਿ ਅਫਸਰ ਰਾਜੇਸ਼ ਛਿੱਬਰ ਨੇ ਇਹਨਾਂ ਦੋਸ਼ਾਂ ਦਾ ਖੰਡਨ ਕੀਤਾ ਹੈ। ਅੱਜ ਇਥੇ ਪਟਿਆਲਾ ਮੀਡੀਆ ਕਲੱਬ ਵਿਚ ਇਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਅਮਰਜੀਤ ਕੌਰ ਨੇ ਦੱਸਿਆ ਕਿ ਉਹ ਆਪਣੇ ਪਰਿਵਾਰ ਨਾਲ ਕਿਸ਼ੋਰ ਕਲੋਨੀ ਵਿਚ 501 ਗਜ਼ ਦੇ ਪਲਾਟ ਵਿਚ ਬਣੇ ਮਕਾਨ ਵਿਚ ਰਹਿੰਦੀ ਹੈ। ਉਸਨੇ ਦੱਸਿਆ ਕਿ ਇਹ ਪਲਾਟ ਉਸਦੇ ਸਹੁਰੇ ਨੇ ਖਰੀਦਿਆ ਸੀ। ਉਸਨੇ ਦੋਸ਼ ਲਗਾਇਆ ਤੇ ਐਸ ਪੀ ਰਾਜੇਸ਼ ਛਿੱਬਰ ਤੇ ਉਸਦੇ ਸਾਥੀ ਇਸ ਪਲਾਟ 'ਤੇ ਕਬਜ਼ਾ ਕਰਨਾ ਚਾਹੁੰਦੇ ਹਨ। ਇਸ ਮਕਸਦ ਨਾਲ ਉਹਨਾਂ ਨੇ ਉਸਦੇ ਪਰਿਵਾਰ ਨੂੰ ਧਮਕੀਆਂ ਦਿੱਤੀਆਂ ਹਨ। ਉਸਨੇ ਇਹ ਦੋਸ਼ ਵੀ ਲਗਾਇਆ ਕਿ ਇਹਨਾਂ ਲੋਕਾਂ ਨੇ ਜਾਅਲੀ ਦਸਤਾਵੇਜ਼ਾਂ ਦੇ ਆਧਾਰ 'ਤੇ ਰਜਿਸਟਰੀ ਆਪਣੇ ਨਾਮ ਕਰਵਾਈ ਹੈ ਤੇ ਹੁਣ ਉਹਨਾਂ ਦਾ ਕੇਸ ਅਦਾਲਤ ਵਿਚ ਚਲ ਰਿਹਾ ਹੈ। ਉਹਨਾਂ ਇਕ ਸੀ ਸੀ ਟੀ ਵੀ ਫੁਟੇਜ ਵਿਖਾਈ ਜਿਸ ਵਿਚ ਕੁਝ

ਪੁਲਿਸ ਮੁਲਾਜ਼ਮ ਪਲਾਟ ਵਿਚ ਕੰਧ ਕਰਵਾਉਂਦੇ ਨਜ਼ਰ ਆਉਂਦੇ ਹਨ। ਦੂਜੇ ਪਾਸੇ ਇਹਨਾਂ ਦੋਸ਼ਾਂ ਦਾ ਖੰਡਨ ਕਰਦਿਆਂ ਐਸ ਪੀ ਰਾਜੇਸ਼ ਛਿੱਬਰ ਨੇ ਕਿਹਾ ਕਿ ਅਮਰਜੀਤ ਕੌਰ ਵੱਲੋਂ ਲਗਾਏ ਦੋਸ਼ ਬਿਲਕੁਲ ਬੇਬੁਨਿਆਦ ਹਨ ਜਿਹਨਾਂ ਬਾਰੇ ਉਹਨਾਂ ਦੇ ਗੁਆਂਢੀ ਰਾਕੇਸ਼ ਗੋਇਲ ਨੇ ਵੀ ਦੱਸ ਦਿੱਤਾ ਹੈ। ਉਹਨਾਂ ਇਹ ਵੀ ਕਿਹਾ ਕਿ ਉਹ ਇਸ ਮਹਿਲਾ ਦੇ ਖਿਲਾਫ ਮਾਣਹਾਨੀ ਦਾ ਕੇਸ ਕਰਨਗੇ, ਇਸ ਵੱਲੋਂ ਪਲਾਟ ਵਿਚ ਮੱਝਾਂ ਰੱਖ ਕੇ ਨਿਯਮਾਂ ਦੀ ਉਲੰਘਣਾ ਦੀ ਨਗਰ ਨਿਗਮ ਨੂੰ ਸ਼ਿਕਾਇਤ ਕਰਨਗੇ ਅਤੇ ਇਸਦੇ ਖਿਲਾਫ ਸੁਪਰੀਮ ਕੋਰਟ ਤੱਕ ਕੇਸ ਲੜਨਗੇ। ਦੂਜੇ ਪਾਸੇ ਪਟਿਆਲਾ ਮੀਡੀਆ ਕਲੱਬ ਵਿਚ ਹੀ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਰਾਕੇਸ਼ ਕੁਮਾਰ ਗੋਇਲ ਅਤੇ ਉਹਨਾਂ ਦੇ ਅਤੇ ਐਸ ਪੀ ਛਿੱਬਰ ਦੀ ਧਰਮ ਪਤਨੀ ਰੁਚੀ ਛਿੱਬਰ ਦੇ ਵਕੀਲ ਐਡਵੋਕੇਟ ਵਿਜੇ ਗੋਇਲ ਨੇ ਪਲਾਟ ਦੀ ਰਜਿਸਟਰੀ ਤੇ ਅਦਾਲਤ ਦੇ ਫੈਸਲੇ ਦੀ ਕਾਪੀ ਵਿਖਾਉਂਦਿਆਂ ਦੱਸਿਆ ਕਿ 501 ਗਜ਼ ਦੇ ਪਲਾਟ ਵਿਚੋਂ 334 ਗਜ਼ ਪਲਾਟ ਉਹਨਾਂ ਦਾ ਹੈ ਤੇ 167 ਪਲਾਟ ਅਮਰਜੀਤ ਕੌਰ ਦਾ ਹੈ। ਉਹਨਾਂ ਕਿਹਾ ਕਿ ਉਹਨਾਂ ਦੇ ਪਲਾਟ ਦਾ ਕਬਜ਼ਾ ਉਹਨਾਂ ਕੋਲ ਹੈ ਤੇ ਅਮਰਜੀਤ ਕੌਰ ਦੇ ਪਲਾਟ ਦਾ ਕਬਜ਼ਾ ਉਹਨਾਂ ਕੋਲ ਹੈ। ਉਹਨਾਂ ਦੱਸਿਆ ਕਿ ਉਹਨਾਂ ਨੇ ਕਦੇ ਵੀ ਅਮਰਜੀਤ ਕੌਰ ਦੇ ਪਲਾਟ 'ਤੇ ਕਬਜ਼ਾ ਕਰਨ ਦਾ ਯਤਨ ਨਹੀਂ ਕੀਤਾ ਤੇ ਆਪਣਾ ਪਲਾਟ ਜੋ ਰਾਕੇਸ਼ ਗੋਇਲ ਅਤੇ ਰੁਚੀ ਛਿੱਬਰ ਨੇ 2022 ਵਿਚ ਪਲਾਟ ਖਰੀਦਿਆ ਸੀ ਤੇ ਦੋਵੇਂ 167-167 ਗਜ਼ ਪਲਾਟ ਦੇ ਮਾਲਕ ਹਨ। ਉਹਨਾਂ ਕਿਹਾ ਕਿ ਅਮਰਜੀਤ ਕੌਰ ਮੀਡੀਆ ਵਿਚ ਅਤੇ ਸੋਸ਼ਲ ਮੀਡੀਆ ਵਿਚ ਐਸ ਪੀ ਰੈਂਕ ਦੇ ਅਫਸਰ 'ਤੇ ਦੋਸ਼ ਲਗਾ ਕੇ ਸਿਰਫ ਲੋਕਾਂ ਦੀ ਹਮਦਰਦੀ ਹਾਸਲ ਕਰਨਾ ਚਾਹੁੰਦੀ ਹੈ। ਉਹਨਾਂ ਨੇ ਇਹ ਵੀ ਦੱਸਿਆ ਕਿ ਉਲਟਾ ਅਮਰਜੀਤ ਕੌਰ ਦੇ ਪਰਿਵਾਰ ਨੇ ਰਾਕੇਸ਼ ਗੋਇਲ ਨੂੰ ਗਾਲ੍ਹਾਂ ਕੱਢੀਆਂ ਹਨ ਤੇ ਧਮਕਾਇਆ ਜਿਸਦੀ ਸ਼ਿਕਾਇਤ ਸਿਵਲ ਲਾਈਨ ਪੁਲਿਸ ਸਟੇਸ਼ਨ ਕੋਲ ਦਿੱਤੀ ਗਈ ਹੈ। ਉਹਨਾਂ ਕਿਹਾ ਕਿ ਅਮਰਜੀਤ ਕੌਰ ਦੇ ਲਗਾਏ ਦੋਸ਼ ਬਿਲਕੁਲ ਨਿਰਾਧਾਰ, ਝੂਠੇ ਤੇ ਬੇਬੁਨਿਆਦ ਹਨ।

ਪ੍ਰੋ ਦਲੀਪ ਕੁਮਾਰ (ਡਾਕਟਰ) ਨੇ ਇਲੈਕਟ੍ਰੋਨਿਕਸ ਵਿਭਾਗ ਦਾ ਸੰਭਾਲਿਆ ਅਹੁਦਾ

ਲੌਂਗੋਵਾਲ 26 ਸਤੰਬਰ (ਰਵੀ ਗਰਗ)--- ਇਲਾਕੇ ਦੀ ਮਸ਼ਹੂਰ ਵਿਦਿਅਕ ਸੰਸਥਾ ਸੰਤ ਲੌਂਗੋਵਾਲ ਇੰਸਟੀਚਿਊਟ ਆਫ ਇੰਜੀਨੀਅਰਿਗ ਅਤੇ ਤਕਨਾਲੋਜੀ (ਡੀਮਡ ਯੂਨੀਵਰਸਿਟੀ)ਦੇ ਨਿਰਦੇਸ਼ਕ ਪ੍ਰੋ ਮਣੀ ਕਾਂਤ ਪਾਸਵਾਨ ਦੇ ਦਿਸ਼ਾ ਨਿਰਦੇਸ਼ਾ ਤੇ ਡਾਕਟਰ ਦਲੀਪ ਕੁਮਾਰ ਨੇ ਅੱਜ ਇਲੈਕਟਰੋਨਿਕਸ ਅਤੇ ਕਾਮਨੀਕੇਸ਼ਨ ਵਿਭਾਗ ਦੇ ਮੁਖੀ ਵਜੋਂ ਆਪਣਾ ਅਹੁਦਾ ਸੰਭਾਲਿਆ ਇਸ ਤੋਂ ਪਹਿਲਾਂ ਪ੍ਰੋਫੈਸਰ ਅਜੈਪਾਲ ਸਿੰਘ ਚੌਹਾਨ ਜਿਨਾਂ ਵੱਲੋਂ ਬਾਖੂਬੀ ਆਪਣੀਆਂ ਤਿੰਨ ਸਾਲ ਬਤੌਰ ਵਿਭਾਗੀ ਮੁਖੀ ਸੇਵਾਵਾਂ ਨਿਭਾਈਆਂ ਗਈਆਂ ਵੱਲੋਂ ਪ੍ਰੋ ਦਲੀਪ ਕੁਮਾਰ ਨੂੰ ਜੀ ਆਇਆ ਕਿਹਾ ਗਿਆ। ਅਹੁਦਾ ਸੰਭਾਲਣ ਵੇਲੇ ਵਿਭਾਗ ਦੇ ਸੀਨੀਅਰ ਅਧਿਆਪਕ, ਤਕਨੀਕੀ ਅਤੇ ਮਨਿਸਟੀਰੀਅਲ ਕਰਮਚਾਰੀ ਹਾਜ਼ਿਰ ਸਨ ।ਡਾਕਟਰ ਦਲੀਪ ਕੁਮਾਰ ਨੇ ਪ੍ਰੋਫ਼ ਅਜੈਪਾਲ ਸਿੰਘ ਦੀ ਸਰਾਹਨਾ ਕਰਦਿਆਂ ਪੂਰੀ ਤਨਦੇਹੀ ਨਾਲ ਵਿਭਾਗ ਨੂੰ ਪ੍ਰਗਤੀ ਵੱਲ ਲਿਜਾਣ ਅਤੇ ਖੋਜ ਕਾਰਜਾਂ ਵਿੱਚ ਹੋਰ ਤੇਜ਼ੀ ਅਤੇ ਵਿਦਿਆਰਥੀਆਂ , ਅਧਿਆਪਨ ਵਿੱਚ ਗੁਣਵੱਤਾ ਦੀ ਗੱਲ ਕੀਤੀ। ਇਸ ਮੌਕੇ ਡੀਨ ਸੁਰਿੰਦਰ ਸਿੰਘ ਸੋਢੀ,ਡਾਕਟਰ ਏ ਮਰਵਾਹਾ, ਡਾਕਟਰ ਪੰਕਜ ਕੁਮਾਰ ਦਾਸ, ਡਾਕਟਰ ਸਰਬਜੀਤ ਸਿੰਘ, ਡਾਕਟਰ ਅਲਕਾ ਸਿੰਗਲਾ,ਇੰਜ ਕੁਲਦੀਪ ਸਿੰਘ, ਡਾਕਟਰ ਵਿਵੇਕ, ਡਾਕਟਰ ਪਰਮਜੀਤ ਕੌਰ, ਡਾਕ੍ਟਰ ਨੀਸ਼ਾ ਸ਼ਰਮਾ, ਇੰਜ ਗੌਰਵ ਸੁਮਨ,ਗੁਰਮੀਤ ਸਿੰਘ ਸੀਨੀਅਰ ਟੈਕਨੀਸ਼ੀਅਨ, ਅਮਰਜੀਤ ਧਾਲੀਵਾਲ,ਵਿਜੈ ਪਰਾਸ਼ਰ, ਪ੍ਰਤਾਪ ਸਿੰਘ, ਰਵਿੰਦਰ ਸਿੰਘ, ਜੁਝਾਰ ਲੌਂਗੋਵਾਲ,ਗੁਰਮੀਤ ਕੌਰ, ਸੁਮਨ ਕੁਮਾਰ,ਦਵਿੰਦਰ ਦੁੱਲਾ, ਹਰਤੇਜ ਸਿੰਘ ਆਦਿ ਹਾਜ਼ਿਰ ਸੁਨ।

ਤਰਕਸ਼ੀਲ ਸੁਸਾਇਟੀ ਵੱਲੋਂ ਸ਼ਹੀਦ ਭਗਤ ਸਿੰਘ ਜੀ ਦੇ ਜਨਮ ਦਿਨ ਨੂੰ ਸਮਰਪਿਤ ਵਿਚਾਰ ਚਰਚਾ 27 ਨੂੰ ਮਾਸਟਰ ਸੁਰਜੀਤ ਸਿੰਘ ਦੋਧਰ ਹੋਣਗੇ ਮੁੱਖ ਬੁਲਾਰੇ

ਸੰਗਰੂਰ, 25 ਸਤੰਬਰ*(ਜਸਪਾਲ ਸਰਾਓ) ਤਰਕਸ਼ੀਲ ਸੁਸਾਇਟੀ ਪੰਜਾਬ (ਰਜਿ:) ਇਕਾਈ ਸੰਗਰੂਰ ਵੱਲੋਂ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਜੀ ਦੇ ਜਨਮ ਦਿਨ ਨੂੰ ਸਮਰਪਿਤ ਇੱਕ ਵਿਸ਼ੇਸ਼ ਵਿਚਾਰ ਚਰਚਾ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਦੀ ਤਿਆਰੀ ਸਬੰਧੀ ਇਕਾਈ ਮੁਖੀ ਸੁਰਿੰਦਰ ਪਾਲ ਦੀ ਪ੍ਰਧਾਨਗੀ ਅਤੇ ਜ਼ੋਨ ਮੁਖੀ ਮਾਸਟਰ ਪਰਮਵੇਦ ਦੀ ਨਿਗਰਾਨੀ ਵਿੱਚ ਹੋਈ ਮੀਟਿੰਗ ਬਾਰੇ ਜਾਣਕਾਰੀ ਦਿੰਦਿਆਂ ਇਕਾਈ ਦੇ ਆਗੂਆਂ ਸੀਤਾ ਰਾਮ ਅਤੇ ਗੁਰਦੀਪ ਸਿੰਘ ਲਹਿਰਾ ਨੇ ਦੱਸਿਆ ਕਿ ਇਹ ਸਮਾਗਮ ਮਿਤੀ 27 ਸਤੰਬਰ 2026, ਦਿਨ ਐਤਵਾਰ ਸਵੇਰੇ 10:30 ਵਜੇ, ਆਲ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ, ਡੀ.ਸੀ. ਕੰਪਲੈਕਸ, ਸੰਗਰੂਰ (ਸ਼ੈੱਡ ਵਾਲਾ ਦਫ਼ਤਰ) ਵਿਖੇ ਹੋਵੇਗਾ।ਸਮਾਗਮ ਵਿੱਚ ਮੁੱਖ ਬੁਲਾਰੇ ਵਜੋਂ ਤਰਕਸ਼ੀਲ ਆਗੂ ਮਾਸਟਰ ਸੁਰਜੀਤ ਸਿੰਘ ਦੋਧਰ ਵਿਸ਼ੇਸ਼ ਤੌਰ ਤੇ ਪਹੁੰਚ ਰਹੇ ਹਨ। ਉਹ @ਗ੍ਰਹਿਆਂ ਦਾ ਮਨੁੱਖੀ ਜੀਵਨ ਉੱਤੇ ਅਸਰ ਅਤੇ ਇਸ ਨਾਲ ਜੁੜੇ ਅੰਧਵਿਸ਼ਵਾਸ, ਵਾਸਤੂਸ਼ਾਸਤਰ, ਜੋਤਿਸ਼, ਹਸਤ ਰੇਖਾ, ਰਾਸ਼ੀਫਲ, ਕੁੰਡਲੀ ਅਤੇ ਮੰਗਲੀਕ ਦੋਸ਼@ ਵਿਸ਼ੇ ਉੱਤੇ ਵਿਚਾਰ ਪੇਸ਼ ਕਰਨਗੇ ਅਤੇ ਸਰੋਤਿਆਂ ਦੇ ਸਵਾਲਾਂ ਦੇ ਜਵਾਬ ਵੀ ਦੇਣਗੇ। ਇਕਾਈ ਵੱਲੋਂ ਆਪਣੀ ਹਰ ਪੱਖੋਂ ਤਿਆਰੀ ਕਰ ਲਈ ਗਈ ਹੈ ਅਤੇ ਸਾਥੀਆਂ ਦੀਆਂ ਵੱਖ-ਵੱਖ ਕੰਮਾਂ ਲਈ ਜ਼ਿੰਮੇਵਾਰੀਆਂ ਲਗਾ ਦਿੱਤੀਆਂ ਗਈਆਂ ਹਨ। ਜਥੇਬੰਦੀ ਨੇ ਇਲਾਕੇ ਦੇ ਸਾਰੇ ਤਰਕਸ਼ੀਲ ਸੱਜਣਾਂ, ਅਧਿਆਪਕਾਂ, ਵਿਦਿਆਰਥੀਆਂ ਅਤੇ ਇਨਸਾਫ਼ ਪਸੰਦ ਲੋਕਾਂ ਨੂੰ ਇਸ ਵਿਚਾਰ ਚਰਚਾ ਵਿੱਚ ਵੱਧ ਚੜ੍ਹ ਕੇ ਪਹੁੰਚਣ ਦੀ ਅਪੀਲ ਕੀਤੀ ਹੈ। ਮੀਟਿੰਗ ਵਿੱਚ ਉਪਰੋਕਤ ਤੋਂ ਇਲਾਵਾ ਪਰਮਿੰਦਰ ਸਿੰਘ, ਅਮਰੀਕ ਸਿੰਘ ਖੋਖਰ, ਗੁਰਦੀਪ ਸਿੰਘ, ਹਰਜੀਤ ਲੌਂਗੋਵਾਲ ਨੇ ਸ਼ਮੂਲੀਅਤ ਕੀਤੀ।

1 ਅਕਤੂਬਰ ਤੋਂ ਝੋਨੇ ਦੀ ਸਰਕਾਰੀ ਖਰੀਦ, ਮੋਗਾ ਪ੍ਰਸ਼ਾਸਨ ਵੱਲੋਂ ਤਿਆਰੀਆਂ ਨੂੰ ਅੰਤਿਮ ਛੋਹਾਂ

13 ਲੱਖ ਮੀਟ੍ਰਿਕ ਟਨ ਤੋਂ ਵਧੇਰੇ ਝੋਨੇ ਦੀ ਆਮਦ ਦੀ ਸੰਭਾਵਨਾ

ਮੋਗਾ, 25 ਸਤੰਬਰ (ਜਗਰਾਜ ਸਿੰਘ ਸੰਘਾ) ਆਉਣ ਵਾਲੇ ਝੋਨੇ ਦੇ ਖਰੀਦ ਸੀਜ਼ਨ ਨੂੰ ਸੁਚਾਰੂ, ਪਾਰਦਰਸ਼ੀ ਅਤੇ ਨਿਰਵਿਘਨ ਢੰਗ ਨਾਲ ਨੇਪਰੇ ਚਾੜ੍ਹਨ ਲਈ ਜ਼ਿਲ੍ਹਾ ਪ੍ਰਸ਼ਾਸਨ ਮੋਗਾ ਵੱਲੋਂ ਖਰੀਦ ਪ੍ਰਬੰਧਾਂ ਨੂੰ ਅੰਤਿਮ ਰੂਪ ਦੇਣ ਦੀਆਂ ਤਿਆਰੀਆਂ ਤੇਜ਼ ਕਰ ਦਿੱਤੀਆਂ ਗਈਆਂ ਹਨ। ਇਸੇ ਸਬੰਧ ਵਿੱਚ ਵਧੀਕ ਡਿਪਟੀ ਕਮਿਸ਼ਨਰ (ਜ) ਸ੍ ਜਸਪਿੰਦਰ ਸਿੰਘ ਵੱਲੋਂ ਅੱਜ ਸਮੂਹ ਖਰੀਦ ਏਜੰਸੀਆਂ ਦੇ ਨੁਮਾਇੰਦਿਆਂ ਅਤੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨਾਲ ਵਿਸ਼ੇਸ਼ ਸਮੀਖਿਆ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਜ਼ਿਲ੍ਹੇ ਵਿੱਚ ਝੋਨੇ ਦੀ ਆਮਦ, ਮੰਡੀਆਂ ਵਿੱਚ ਲੋੜੀਂਦੇ ਪ੍ਰਬੰਧ, ਖਰੀਦ ਏਜੰਸੀਆਂ ਦੀ ਤਿਆਰੀ, ਲੇਬਰ, ਸ਼ੈਲਰਾਂ ਦੀ ਅਲਾਟਮੈਂਟ ਅਤੇ ਹੋਰ ਪ੍ਰਬੰਧਕੀ ਮੁੱਦਿਆਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਕੰਟਰੋਲਰ ਖੁਰਾਕ, ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ ਸ੍ ਸੁਖਵਿੰਦਰ ਸਿੰਘ ਗਿੱਲ ਸਮੇਤ ਸਬੰਧਤ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।ਵਧੀਕ ਡਿਪਟੀ ਕਮਿਸ਼ਨਰ ਸ੍ ਜਸਪਿੰਦਰ ਸਿੰਘ ਨੇ ਦੱਸਿਆ ਕਿ ਇਸ ਸੀਜ਼ਨ ਦੌਰਾਨ ਜ਼ਿਲ੍ਹੇ ਦੀਆਂ 114 ਮੰਡੀਆਂ ਵਿੱਚ ਲਗਭਗ 13 ਲੱਖ ਮੀਟ੍ਰਿਕ ਟਨ ਤੋਂ ਵਧੇਰੇ ਝੋਨਾ ਆਉਣ ਦੀ ਸੰਭਾਵਨਾ ਹੈ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ ਅਤੇ ਖਰੀਦ, ਲਿਫਟਿੰਗ ਤੇ ਹੋਰ ਪ੍ਰਕਿਰਿਆਵਾਂ ਨੂੰ ਸਮੇਂ ਸਿਰ ਪੂਰਾ ਕੀਤਾ ਜਾਵੇ।ਏ.ਡੀ.ਸੀ. ਨੇ ਆੜ੍ਹਤੀਆਂ ਨੂੰ ਕਿਸਾਨਾਂ ਨੂੰ ਸੁੱਕਾ ਅਤੇ ਮਿਆਰੀ ਝੋਨਾ ਮੰਡੀਆਂ ਵਿੱਚ ਲਿਆਉਣ ਲਈ ਪ੍ਰੇਰਿਤ ਕਰਨ ਦੀ ਅਪੀਲ ਕੀਤੀ। ਇਸ ਤੋਂ ਇਲਾਵਾ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਕਿ ਝੋਨੇ ਦੀ ਕਟਾਈ ਦਿਨ ਦੇ ਸਮੇਂ ਕਰਵਾਉਣ ਲਈ ਕਿਸਾਨਾਂ ਨੂੰ ਜਾਗਰੂਕ ਕੀਤਾ ਜਾਵੇ।ਉਹਨਾਂ ਮੰਡੀ ਬੋਰਡ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜ਼ਿਲ੍ਹੇ ਦੀਆਂ ਸਾਰੀਆਂ ਮੰਡੀਆਂ ਵਿੱਚ ਸਫ਼ਾਈ, ਰੌਸ਼ਨੀ, ਪੀਣ ਵਾਲੇ ਪਾਣੀ ਅਤੇ ਹੋਰ ਬੁਨਿਆਦੀ ਸਹੂਲਤਾਂ ਸਮੇਤ ਸਾਰੇ ਲੋੜੀਂਦੇ ਪ੍ਰਬੰਧ 1 ਅਕਤੂਬਰ ਤੋਂ ਪਹਿਲਾਂ ਮੁਕੰਮਲ ਕਰ ਲਏ ਜਾਣ। ਮੀਟਿੰਗ ਵਿੱਚ ਇਹ ਵੀ ਦੱਸਿਆ ਗਿਆ ਕਿ ਝੋਨੇ ਦੀ ਸਰਕਾਰੀ ਖਰੀਦ 1 ਅਕਤੂਬਰ ਤੋਂ ਸ਼ੁਰੂ ਹੋਵੇਗੀ। ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਅਤੇ ਖਰੀਦ ਸੀਜ਼ਨ ਦੌਰਾਨ ਕਿਸਾਨਾਂ ਨੂੰ ਸੁਚਾਰੂ ਸੇਵਾਵਾਂ ਮੁਹੱਈਆ ਕਰਵਾਉਣ ਦੇ ਨਿਰਦੇਸ਼ ਦਿੱਤੇ।

28 ਸਤੰਬਰ ਨੂੰ ਨਾਭਾ ਪਹੁੰਚੇਗੀ 'ਨਸ਼ਾ ਮੁਕਤ ਪੰਜਾਬ ਯਾਤਰਾ', ਬੂਹੀ ਵਿਖੇ ਸਵੇਰੇ 10 ਵਜੇ ਹੋਵੇਗਾ ਸਵਾਗਤ ਪਰਮਜੀਤ ਕੈਂਥ ਨੇ ਪੋਸਟਰ ਕੀਤਾ ਜਾਰੀ



ਨਾਭਾ, 25 ਸਤੰਬਰ 2026: ਰਾਕੇਸ਼ ਜਿੰਦਲ ਪੰਜਾਬ ਵਿੱਚ ਨਸ਼ਿਆਂ ਵਿਰੁੱਧ ਭਾਰਤੀ ਜਨਤਾ ਪਾਰਟੀ ਵੱਲੋਂ ਚਲਾਈ ਜਾ ਰਹੀ 'ਨਸ਼ਾ ਮੁਕਤ ਪੰਜਾਬ ਯਾਤਰਾ' 28 ਸਤੰਬਰ ਨੂੰ ਨਾਭਾ ਵਿਧਾਨ ਸਭਾ ਹਲਕੇ ਵਿੱਚ ਪਹੁੰਚੇਗੀ। ਪਿੰਡ ਬੂਹੀ ਵਿਖੇ ਸਵੇਰੇ 10 ਵਜੇ ਯਾਤਰਾ ਦਾ ਸਵਾਗਤ ਕੀਤਾ ਜਾਵੇਗਾ।ਪ੍ਰੋਗਰਾਮ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਪਹੁੰਚੇ ਪਰਮਜੀਤ ਸਿੰਘ ਕੈਂਥ, ਮੀਤ ਪ੍ਰਧਾਨ, ਭਾਜਪਾ ਐੱਸ.ਸੀ. ਮੋਰਚਾ, ਪੰਜਾਬ, ਨੇ ਮੌਕੇ 'ਤੇ 'ਨਸ਼ਾ ਮੁਕਤ ਪੰਜਾਬ ਯਾਤਰਾ' ਦਾ ਪੋਸਟਰ ਜਾਰੀ ਕੀਤਾ। ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਨੂੰ ਲੋਕ-ਅੰਦੋਲਨ ਬਣਾਉਣ ਦੀ ਲੋੜ ਹੈ।ਕੈਂਥ ਨੇ ਭਗਵੰਤ ਮਾਨ ਸਰਕਾਰ 'ਤੇ ਸਿਆਸੀ ਹਮਲਾ ਕਰਦਿਆਂ ਕਿਹਾ ਕਿ ਵੱਡੇ-ਵੱਡੇ ਐਲਾਨ ਕਰਨਾ ਆਸਾਨ ਹੈ, ਪਰ ਪਿੰਡਾਂ ਅਤੇ ਸ਼ਹਿਰਾਂ ਵਿੱਚ ਜ਼ਮੀਨੀ ਨਤੀਜੇ ਦਿਖਾਉਣਾ ਸਰਕਾਰ ਦੀ ਅਸਲ ਜ਼ਿੰਮੇਵਾਰੀ ਹੈ। ਉਨ੍ਹਾਂ ਸਵਾਲ ਕੀਤਾ ਕਿ ਜੇ ਸਰਕਾਰ ਦੇ ਦਾਅਵੇ ਸਹੀ ਹਨ ਤਾਂ ਨਸ਼ਿਆਂ ਦੀ ਉਪਲਬਧਤਾ, ਨਸ਼ਾ-ਨਿਰਭਰਤਾ, ਇਲਾਜ ਅਤੇ ਪੁਨਰਵਾਸ ਸਬੰਧੀ ਵਿਸਥਾਰਪੂਰਵਕ ਅੰਕੜੇ ਜਨਤਕ ਕਿਉਂ ਨਹੀਂ ਕੀਤੇ ਜਾ ਰਹੇ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਇਸ਼ਤਿਹਾਰਾਂ ਅਤੇ ਸਿਆਸੀ ਦਾਅਵਿਆਂ ਦੀ ਬਜਾਏ ਅੰਕੜਿਆਂ ਨਾਲ ਜਵਾਬ ਦੇਣਾ ਚਾਹੀਦਾ ਹੈ। ਜਨਤਾ ਜਾਣਨਾ ਚਾਹੁੰਦੀ ਹੈ ਕਿ ਨਸ਼ਿਆਂ ਵਿਰੁੱਧ ਮੁਹਿੰਮ ਤੋਂ ਬਾਅਦ ਅਸਲ ਵਿੱਚ ਕਿੰਨੀ ਕਮੀ ਆਈ ਅਤੇ ਕਿੰਨੇ ਨੌਜਵਾਨਾਂ ਨੂੰ ਇਲਾਜ ਮਿਲਿਆ। ਕੈਂਥ ਨੇ ਪੰਜਾਬ ਸਰਕਾਰ ਤੋਂ ਤੱਥ-ਅਧਾਰਿਤ ਵ੍ਹਾਈਟ ਪੇਪਰ ਜਾਰੀ ਕਰਨ ਦੀ ਮੰਗ ਕੀਤੀ। ਇਸ ਵਿੱਚ ਨਸ਼ਿਆਂ ਦੀ ਸਪਲਾਈ ਅਤੇ ਤਸਕਰੀ ਵਿਰੁੱਧ ਕਾਰਵਾਈ, ਦਰਜ ਮਾਮਲੇ, ਗ੍ਰਿਫ

ਸੈਂਟਰ ਪੱਧਰੀ ਪ੍ਰਾਇਮਰੀ ਸਕੂਲ ਖੇਡਾਂ ਸੰਪੰਨ, ਜੇਤੂ ਖਿਡਾਰੀ ਬਲਾਕ ਪੱਧਰ 'ਤੇ ਕਰਨਗੇ ਸੈਂਟਰ ਦੀ ਨੁਮਾਇੰਦਗੀ

ਜਲੰਧਰ, 25 ਸਤੰਬਰ (ਜੇ.ਐੱਸ. ਸੰਧੂ ਤੇ ਕੰਵਲਜੀਤ ਸਿੰਘ ਮੱਕੜ): ਸਿੱਖਿਆ ਵਿਭਾਗ ਪੰਜਾਬ ਵੱਲੋਂ ਕਰਵਾਈਆਂ ਜਾ ਰਹੀਆਂ ਪ੍ਰਾਇਮਰੀ ਸਕੂਲ ਖੇਡਾਂ ਤਹਿਤ ਸੈਂਟਰ ਕੰਗ ਖੁਰਦ ਅਤੇ ਸੈਂਟਰ ਕਾਕੜ ਕਲਾਂ ਵਿਖੇ ਸੈਂਟਰ ਪੱਧਰੀ ਖੇਡ ਮੁਕਾਬਲੇ ਕਰਵਾਏ ਗਏ। ਇਹ ਮੁਕਾਬਲੇ ਮਾਣਯੋਗ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ. ਸਿੱ./ ਐਲੀ. ਸਿੱ.) ਜਲੰਧਰ ਡਾ. ਗੁਰਿੰਦਰਜੀਤ ਕੌਰ ਅਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀ. ਸਿੱ.) ਜਲੰਧਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ, ਬੀ.ਪੀ.ਈ.ਓ. ਲੋਹੀਆਂ ਖ਼ਾਸ ਰਮੇਸ਼ਵਰ ਚੰਦਰ ਅਤੇ ਸੈਂਟਰ ਹੈੱਡ ਟੀਚਰ ਜਸਵੀਰ ਸਿੰਘ ਚੌਹਾਨ ਦੀ ਅਗਵਾਈ ਹੇਠ ਕਰਵਾਏ ਗਏ। ਖੇਡ ਮੁਕਾਬਲਿਆਂ ਦੌਰਾਨ ਪ੍ਰਾਇਮਰੀ ਸਕੂਲਾਂ ਦੇ ਬੱਚਿਆਂ ਨੇ ਕਬੱਡੀ, ਖੋ-ਖੋ, ਜਿਮਨਾਸਟਿਕ, ਰੱਸਾਕਸ਼ੀ, ਚੌਸ, ਅਥਲੈਟਿਕਸ, ਵੱਖ-ਵੱਖ ਦੌੜਾਂ, ਕਰਾਟੇ ਆਦਿ ਖੇਡਾਂ ਵਿੱਚ ਪੂਰੇ ਉਤਸ਼ਾਹ ਨਾਲ ਭਾਗ ਲਿਆ। ਬੱਚਿਆਂ ਨੇ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਵੱਖ-ਵੱਖ ਮੁਕਾਬਲਿਆਂ ਵਿੱਚ ਆਪਣੀ ਕਾਬਲੀਅਤ ਸਾਬਤ ਕੀਤੀ। ਮੁਕਾਬਲਿਆਂ ਦੇ ਜੇਤੂ ਖਿਡਾਰੀਆਂ ਨੂੰ ਬੀਬੀ ਰਣਜੀਤ ਕੌਰ ਕਾਕੜ ਕਲਾਂ, ਡਾਇਰੈਕਟਰ ਇਨਫੋਟੈਕ ਪੰਜਾਬ ਅਤੇ ਵਾਈਸ ਪ੍ਰੈਜ਼ੀਡੈਂਟ ਮਹਿਲਾ ਵਿੰਗ ਪੰਜਾਬ ਵੱਲੋਂ ਇਨਾਮ ਤਕਸੀਮ ਕੀਤੇ ਗਏ। ਇਸ ਮੌਕੇ ਉਨ੍ਹਾਂ ਨੇ ਬੱਚਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਵਿਦਿਆਰਥੀਆਂ ਨੂੰ ਮੋਬਾਈਲ ਫੋਨਾਂ ਦੀ ਵਧੇਰੇ ਵਰਤੋਂ ਅਤੇ ਨਸ਼ਿਆਂ ਤੋਂ ਦੂਰ ਰਹਿ ਕੇ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਵੱਧ ਤੋਂ ਵੱਧ ਸਮਾਂ ਬਿਤਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਖੇਡਾਂ ਬੱਚਿਆਂ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਇਨ੍ਹਾਂ ਸੈਂਟਰ ਪੱਧਰੀ ਮੁਕਾਬਲਿਆਂ ਵਿੱਚੋਂ ਜੇਤੂ ਖਿਡਾਰੀਆਂ ਦੀਆਂ ਟੀਮਾਂ ਦੀ ਚੋਣ ਕੀਤੀ ਗਈ, ਜੋ ਹੁਣ ਅਗਲੇ ਪੜਾਅ ਵਿੱਚ ਹੋਣ ਵਾਲੀਆਂ ਬਲਾਕ ਪੱਧਰੀ ਪ੍ਰਾਇਮਰੀ ਸਕੂਲ ਖੇਡਾਂ ਵਿੱਚ ਭਾਗ ਲੈ ਕੇ ਆਪਣੇ-ਆਪਣੇ ਸੈਂਟਰ ਦੀ ਨੁਮਾਇੰਦਗੀ ਕਰਨਗੀਆਂ। ਇਸ ਮੌਕੇ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਰਮੇਸ਼ਵਰ ਚੰਦਰ ਵੱਲੋਂ ਸੈਂਟਰ ਹੈੱਡ ਟੀਚਰ ਜਸਵੀਰ ਸਿੰਘ ਚੌਹਾਨ ਵੱਲੋਂ ਕੀਤੇ ਗਏ ਸੁਚੱਜੇ ਪ੍ਰਬੰਧਾਂ ਦੀ ਪ੍ਰਸ਼ੰਸਾ ਕੀਤੀ ਗਈ। ਉਨ੍ਹਾਂ ਕਿਹਾ ਕਿ ਖੇਡ ਮੁਕਾਬਲਿਆਂ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਮੂਹ ਅਧਿਆਪਕਾਂ ਅਤੇ ਸਟਾਫ਼ ਵੱਲੋਂ ਕੀਤੀ ਮਿਹਨਤ ਸ਼ਲਾਘਾਯੋਗ ਹੈ। ਖੇਡਾਂ ਨੂੰ ਸਫਲਤਾਪੂਰਵਕ ਸੰਪੰਨ ਕਰਵਾਉਣ ਵਿੱਚ ਬਲਵਿੰਦਰ ਕੁਮਾਰ ਹੈੱਡ ਟੀਚਰ, ਰੋਹਿਤ ਕੰਬੋਜ਼, ਭਾਨੀ ਰਾਮ, ਸੁਰਿੰਦਰ ਸਿੰਘ, ਪ੍ਰਿੰਸ ਕੁਮਾਰ, ਗੁਰਵਿੰਦਰ ਕੌਰ, ਅਮਨਦੀਪ ਕੌਰ, ਗਗਨਦੀਪ, ਪਰਮਜੀਤ ਕੌਰ, ਹਰਜੀਤ ਕੌਰ ਮੋਹਰੀਵਾਲ, ਮੁਸਕਾਨ ਰਾਣੀ, ਭੁਪਿੰਦਰ ਕੌਰ, ਹਰਜੀਤ ਕੌਰ ਕਾਕੜ ਕਲਾਂ, ਅਮਨਪ੍ਰੀਤ ਕੌਰ ਲੋਹੀਆਂ, ਅਮਨਦੀਪ ਕੌਰ ਫਾਜ਼ਿਲਕਾ, ਮੈਡਮ ਰਿਆ, ਸ਼ਿਲਪਾ ਰਾਣੀ, ਵੀਰਪਾਲ ਕੌਰ, ਜਿਤੇਂਦਰ, ਮਨੀਸ਼ ਚੰਦਰ, ਛਮਿੰਦਰ ਕੁਮਾਰ, ਖੁਸ਼ਹਾਲ ਚੰਦ, ਰਮਨਦੀਪ ਕੌਰ, ਪ੍ਰਭਜੋਤ ਕੌਰ, ਸ਼ੇਲਿਕਾ, ਰਮਨਦੀਪ ਕੌਰ ਕੰਗ ਖੁਰਦ, ਜਸਵਿੰਦਰ ਕੌਰ, ਬੇਅੰਤ ਕੌਰ ਅਤੇ ਸੁਰਿੰਦਰ ਕੌਰ ਸਮੇਤ ਸਮੂਹ ਅਧਿਆਪਕਾਂ ਤੇ ਕਰਮਚਾਰੀਆਂ ਨੇ ਆਪਣੀ ਡਿਊਟੀ ਬਾਖੂਬੀ ਨਿਭਾਈ ਅਤੇ ਅਹਿਮ ਸਹਿਯੋਗ ਦਿੱਤਾ।

ਕੰਵਲਪ੍ਰੀਤ ਸਿੰਘ ਕਾਕੀ ਨੂੰ ਮਿਲੀ ਹਲਕਾ ਕਾਦੀਆਂ ਦੀ ਕਮਾਨ ਸ਼੍ਰੋਮਣੀ ਅਕਾਲੀ ਦਲ ਵੱਲੋਂ ਹਲਕਾ ਇੰਚਾਰਜ ਨਿਯੁਕਤ

ਕਾਦੀਆਂ, 25 ਸਤੰਬਰ (ਅਸ਼ੋਕ,ਕਾਹਲੋਂ) ਸ਼੍ਰੋਮਣੀ ਅਕਾਲੀ ਦਲ ਵੱਲੋਂ ਹਲਕਾ ਕਾਦੀਆਂ ਵਿੱਚ ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਅਤੇ ਪਾਰਟੀ ਦੀਆਂ ਸਰਗਰਮੀਆਂ ਨੂੰ ਤੇਜ਼ ਕਰਨ ਲਈ ਕੰਵਲਪ੍ਰੀਤ ਸਿੰਘ ਕਾਕੀ ਨੂੰ ਹਲਕਾ ਕਾਦੀਆਂ ਦਾ ਇੰਚਾਰਜ ਨਿਯੁਕਤ ਕੀਤਾ ਗਿਆ ਹੈ। ਪਾਰਟੀ ਵੱਲੋਂ ਲਏ ਗਏ ਇਸ ਫੈਸਲੇ ਤੋਂ ਬਾਅਦ ਹਲਕਾ ਕਾਦੀਆਂ ਦੇ ਅਕਾਲੀ ਆਗੂਆਂ ਅਤੇ ਵਰਕਰਾਂ ਵਿੱਚ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਕਾਕੀ ਨੂੰ ਹਲਕਾ ਇੰਚਾਰਜ ਦੀ ਜ਼ਿੰਮੇਵਾਰੀ ਸੌਂਪਣ ਦਾ ਐਲਾਨ ਕੀਤਾ ਗਿਆ ਹੈ। ਪਾਰਟੀ ਵੱਲੋਂ ਦੱਸਿਆ ਗਿਆ ਕਿ ਕਾਕੀ, ਜੋ ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਦੀ ਜ਼ਿੰਮੇਵਾਰੀ ਵੀ ਨਿਭਾ ਰਹੇ ਹਨ, ਹੁਣ ਹਲਕਾ ਕਾਦੀਆਂ ਵਿੱਚ ਪਾਰਟੀ ਦੀ ਜਥੇਬੰਦੀ ਨੂੰ ਮਜ਼ਬੂਤ ਕਰਨ ਲਈ ਕੰਮ ਕਰਨਗੇ। ਕੰਵਲਪ੍ਰੀਤ ਸਿੰਘ ਕਾਕੀ ਨੂੰ ਹਲਕਾ ਇੰਚਾਰਜ ਦੀ ਜ਼ਿੰਮੇਵਾਰੀ ਮਿਲਣ ਤੋਂ ਬਾਅਦ ਪਾਰਟੀ ਨਾਲ ਜੁੜੇ ਆਗੂਆਂ ਅਤੇ ਵਰਕਰਾਂ ਵੱਲੋਂ ਉਨ੍ਹਾਂ ਨੂੰ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ। ਇਹ ਨਿਯੁਕਤੀ ਹਲਕਾ ਕਾਦੀਆਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਥਾਨਕ ਜਥੇਬੰਦੀ ਨੂੰ ਸਰਗਰਮ ਕਰਨ ਦੇ ਪੱਖੋਂ ਮਹੱਤਵਪੂਰਨ ਕਦਮ ਵਜੋਂ ਸਾਹਮਣੇ ਆਈ ਹੈ। ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਾਕੀ ਨੂੰ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੰਦਿਆਂ ਉਨ੍ਹਾਂ ਤੋਂ ਪਾਰਟੀ ਨੂੰ ਹਲਕੇ ਵਿੱਚ ਮਜ਼ਬੂਤ ਕਰਨ ਲਈ ਸਰਗਰਮ ਭੂਮਿਕਾ ਦੀ ਉਮੀਦ ਪ੍ਰਗਟਾਈ ਹੈ। ਇਸ ਦੌਰਾਨ ਨਵੀਂ ਜ਼ਿੰਮੇਵਾਰੀ ਮਿਲਣ 'ਤੇ ਕੰਵਲਪ੍ਰੀਤ ਸਿੰਘ ਕਾਕੀ ਨੇ ਸ਼੍ਰੋਮਣੀ ਅਕਾਲੀ ਦਲ ਦੀ ਸਮੁੱਚੀ ਹਾਈਕਮਾਂਡ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਉਨ੍ਹਾਂ 'ਤੇ ਜੋ ਭਰੋਸਾ ਪ੍ਰਗਟਾਇਆ ਗਿਆ ਹੈ, ਉਹ ਉਸ ਲਈ ਪਾਰਟੀ ਲੀਡਰਸ਼ਿਪ ਦੇ ਧੰਨਵਾਦੀ ਹਨ ਅਤੇ ਹਲਕਾ ਇੰਚਾਰਜ ਵਜੋਂ ਮਿਲੀ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ, ਮਿਹਨਤ ਅਤੇ ਤਨਦੇਹੀ ਨਾਲ ਨਿਭਾਉਣਗੇ। ਕਾਕੀ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ, ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਜਥੇਦਾਰ ਸੁੱਚਾ ਸਿੰਘ ਲੰਗਾਹ, ਸਮੁੱਚੀ ਸੀਨੀਅਰ ਲੀਡਰਸ਼ਿਪ ਅਤੇ ਪਾਰਟੀ ਦੇ ਸਾਰੇ ਆਗੂਆਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਕਾਕੀ ਨੇ ਕਿਹਾ ਕਿ ਕਿਸੇ ਵੀ ਪਾਰਟੀ ਦੀ ਅਸਲ ਤਾਕਤ ਉਸ ਦੇ ਜ਼ਮੀਨੀ ਪੱਧਰ 'ਤੇ ਕੰਮ ਕਰਨ ਵਾਲੇ ਵਰਕਰ ਹੁੰਦੇ ਹਨ। ਉਨ੍ਹਾਂ ਹਲਕਾ ਕਾਦੀਆਂ ਦੇ ਸਮੁੱਚੇ ਅਕਾਲੀ ਆਗੂਆਂ, ਸਰਕਲ ਜਥੇਦਾਰਾਂ, ਅਹੁਦੇਦਾਰਾਂ, ਨੌਜਵਾਨ ਆਗੂਆਂ, ਪਾਰਟੀ ਦੇ ਪੁਰਾਣੇ ਅਤੇ ਨਵੇਂ ਵਰਕਰਾਂ ਸਮੇਤ ਹਰ ਉਸ ਸਾਥੀ ਦਾ ਧੰਨਵਾਦ ਕੀਤਾ, ਜਿਸ ਨੇ ਹਮੇਸ਼ਾ ਪਾਰਟੀ ਲਈ ਮਿਹਨਤ ਅਤੇ ਸਮਰਪਣ ਨਾਲ ਕੰਮ ਕੀਤਾ ਹੈ। ਉਨ੍ਹਾਂ ਕਿਹਾ ਕਿ ਹਲਕੇ ਦੇ ਸਮੁੱਚੇ ਵਰਕਰਾਂ ਨੂੰ ਨਾਲ ਲੈ ਕੇ ਚੱਲਦਿਆਂ ਪਾਰਟੀ ਦੀ ਜਥੇਬੰਦੀ ਨੂੰ ਹੋਰ ਮਜ਼ਬੂਤ ਕਰਨ ਲਈ ਯਤਨ ਕੀਤੇ ਜਾਣਗੇ। ਉਨ੍ਹਾਂ ਵਰਕਰਾਂ ਨੂੰ ਭਰੋਸਾ ਦਿਵਾਇਆ ਕਿ ਹਲਕੇ ਦੇ ਹਰ ਪਿੰਡ ਅਤੇ ਹਰ ਵਰਗ ਨਾਲ ਸੰਪਰਕ ਬਣਾਉਣ ਨੂੰ ਤਰਜੀਹ ਦਿੱਤੀ ਜਾਵੇਗੀ। ਇਸ ਮੌਕੇ ਪਾਰਟੀ ਨਾਲ ਜੁੜੇ ਆਗੂਆਂ ਅਤੇ ਵਰਕਰਾਂ ਵੱਲੋਂ ਕੰਵਲਪ੍ਰੀਤ ਸਿੰਘ ਕਾਕੀ ਨੂੰ ਹਲਕਾ ਇੰਚਾਰਜ ਬਣਨ 'ਤੇ ਵਧਾਈ ਦਿੰਦਿਆਂ ਆਸ ਪ੍ਰਗਟ ਕੀਤੀ ਗਈ ਕਿ ਉਹ ਹਲਕੇ ਵਿੱਚ ਪਾਰਟੀ ਦੀ ਜਥੇਬੰਦੀ ਨਾਲ ਮਜ਼ਬੂਤ ਤਾਲਮੇਲ ਬਣਾਉਣਗੇ। ਕੰਵਲਪ੍ਰੀਤ ਸਿੰਘ ਕਾਕੀ ਨੇ ਅੰਤ ਵਿੱਚ ਕਿਹਾ ਕਿ ਉਹ ਪਾਰਟੀ ਹਾਈਕਮਾਂਡ ਦੇ ਭਰੋਸੇ, ਸੀਨੀਅਰ ਆਗੂਆਂ ਦੀ ਅਗਵਾਈ ਅਤੇ ਹਲਕੇ ਦੇ ਸਮੁੱਚੇ ਅਕਾਲੀ ਵਰਕਰਾਂ ਦੇ ਸਹਿਯੋਗ ਨਾਲ ਮਿਲੀ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ ਅਤੇ ਹਲਕੇ ਦੇ ਲੋਕਾਂ ਨਾਲ ਲਗਾਤਾਰ ਸੰਪਰਕ ਬਣਾਈ ਰੱਖਣਗੇ।

ਰੋਟਰੀ ਕਲੱਬ ਮੋਰਿੰਡਾ ਵਲੋਂ 43 ਵਾਂ ਖੂਨ ਦਾਨ ਕੈਂਪ, 52 ਯੂਨਿਟ ਖੂਨ ਇਕੱਤਰ

ਮੋਰਿੰਡਾ 25 ਸਤੰਬਰ (ਬਲਵੀਰ ਸਿੰਘ ਚਲਾਕੀ) ਰੋਟਰੀ ਕਲੱਬ ਮੋਰਿੰਡਾ ਵਲੋਂ 43 ਵਾਂ ਖੂਨ ਦਾਨ ਕੈਂਪ ਖਾਲਸਾ ਗਰਲਜ ਕਾਲਜ ਮੋਰਿੰਡਾ ਵਿਖੇ ਲਗਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮਨਜੀਤ ਸਿੰਘ ਭਾਟੀਆ ਨੇ ਦੱਸਿਆ ਕਿ ਇਹ ਕੈਂਪ ਕਲੱਬ ਦੇ ਪ੍ਰਧਾਨ ਰਜਨੀਸ਼ ਭਾਟੀਆ ਅਤੇ ਉਘੇ ਸਮਾਜਸੇਵੀ ਡਾਕਟਰ ਨਿਰਮਲ ਧਿਮਾਨ ਦੀ ਸਰਪਰਸਤੀ ਹੇਠ ਲਗਾਇਆ ਗਿਆ। ਉਹਨਾਂ ਦੱਸਿਆ ਕਿ ਇਸ ਕੈਂਪ ਦੌਰਾਨ ਸਰਕਾਰੀ ਹਸਪਤਾਲ ਸੈਕਟਰ 32 ਚੰਡੀਗੜ੍ਹ ਦੀ ਟੀਮ ਨੇ ਡਾ.ਰਾਘਵ ਦੀ ਅਗਵਾਈ ਵਿੱਚ 52 ਯੂਨਿਟ ਖੂਨ ਇਕੱਤਰ ਕੀਤਾ ਗਿਆ। ਮਨਜੀਤ ਸਿੰਘ ਭਾਟੀਆ ਨੇ ਦੱਸਿਆ ਕਿ ਅੱਜ ਡਿਸਟ੍ਰਿਕਟ 3080 ਦੇ ਅਧੀਨ ਆਉਂਦੀਆਂ 136 ਸ਼ਹਿਰਾਂ ਦੇ ਕਲੱਬਾਂ ਵਲੋਂ ਖੂਨਦਾਨ ਕੈਂਪ ਲਗਾਏ ਗਏ ਹਨ। ਇਸ ਮੌਕੇ ਪ੍ਰਬੰਧਕਾਂ ਵੱਲੋਂ ਖੂਨ ਦਾਨੀਆਂ ਨੂੰ ਯਾਦਗਾਰੀ ਚਿੰਨ੍ਹ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਉਘੇ ਸਮਾਜ ਸੇਵੀ ਡਾਕਟਰ ਨਿਰਮਲ ਧਿਮਾਨ, ਰਜਨੀਸ਼ ਭਾਟੀਆ, ਇੰਸਪੈਕਟਰ ਦਵਿੰਦਰ ਸਿੰਘ ਧਾਲੀਵਾਲ, ਕਰਨਲ ਮਲਕੀਤ ਸਿੰਘ, ਜਗਤਾਰ ਸਿੰਘ ਜੇ.ਈ ,ਗੌਰਵ ਵਸ਼ਿਸ਼ਟ, ਸੁਖਵਿੰਦਰ ਬੈਂਸਲ ਅਤੇ ਸੁਰਜੀਤ ਸਿੰਘ ਆਦਿ ਕਲੱਬ ਦੇ ਅਹੁੱਦੇਦਾਰ ਅਤੇ ਪਤਵੰਤੇ ਸੱਜਣ ਹਾਜ਼ਰ ਸਨ।

ਵਿਜੀਲੈਂਸ ਬਿਊਰੋ ਨੇ ਪ੍ਰਾਈਵੇਟ ਪਾਸਪੋਰਟ ਏਜੰਟ ਨੂੰ 20,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕੀਤਾ ਕਾਬੂ

ਚੰਡੀਗੜ੍ਹ, 25 ਸਤੰਬਰ 2026:(ਪਰਮਜੀਤ ਸਿੰਘ) ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ, ਜਲੰਧਰ ਸਥਿਤ ਇੱਕ ਪ੍ਰਾਈਵੇਟ ਪਾਸਪੋਰਟ ਏਜੰਟ ਹਰਦੀਪ ਕੌਰ ਨੂੰ ਪਾਸਪੋਰਟ ਦਫ਼ਤਰ, ਜਲੰਧਰ ਦੇ ਅਧਿਕਾਰੀਆਂ ਨਾਲ ਆਪਣੀ ਕਥਿਤ ਜਾਣ-ਪਛਾਣ ਰਾਹੀਂ ਸ਼ਿਕਾਇਤਕਰਤਾ ਦਾ ਪਾਸਪੋਰਟ ਜਲਦੀ ਜਾਰੀ ਕਰਵਾਉਣ ਬਦਲੇ 20,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਇੱਥੇ ਸਟੇਟ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਪਿੰਡ ਕੰਡੋਲਾ ਖੁਰਦ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ ਦੇ ਇੱਕ ਵਸਨੀਕ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਪਾਸਪੋਰਟ ਲਈ ਅਰਜ਼ੀ ਦਿੱਤੀ ਸੀ। ਇਸ ਤੋਂ ਬਾਅਦ, ਉਸਦੀ ਪੁਲਿਸ ਵੈਰੀਫਿਕੇਸ਼ਨ ਮੁਕੰਮਲ ਹੋ ਗਈ ਸੀ। ਜਦੋਂ ਉਹ ਅਸਲ ਦਸਤਾਵੇਜ਼ਾਂ ਨਾਲ ਪਾਸਪੋਰਟ ਦਫ਼ਤਰ ਜਲੰਧਰ ਪਹੁੰਚੀ, ਤਾਂ ਸਬੰਧਤ ਕਰਮਚਾਰੀ ਨੇ ਦੱਸਿਆ ਕਿ ਪਾਸਪੋਰਟ ਸਬੰਧੀ ਉਸਦੀ ਪੁਲਿਸ ਵੈਰੀਫਿਕੇਸ਼ਨ ਅਜੇ ਮੁਕੰਮਲ ਨਹੀਂ ਹੋਈ। ਜਦੋਂ ਉਹ ਪਾਸਪੋਰਟ ਦਫ਼ਤਰ ਤੋਂ ਬਾਹਰ ਆਈ, ਤਾਂ ਦੋ ਪ੍ਰਾਈਵੇਟ ਪਾਸਪੋਰਟ ਏਜੰਟਾਂ, ਐਨ.ਪੀ. ਸਿੰਘ ਅਤੇ ਹਰਦੀਪ ਕੌਰ ਨੇ ਪਾਸਪੋਰਟ ਦਫ਼ਤਰ ਨੇੜੇ ਸਥਿਤ ਇੱਕ ਬੂਥ ਦੇ ਬਾਹਰ ਉਸ ਨਾਲ ਸੰਪਰਕ ਕੀਤਾ। ਪਾਸਪੋਰਟ ਅਧਿਕਾਰੀ ਰਾਹੀਂ ਪੁਲਿਸ ਵੈਰੀਫਿਕੇਸ਼ਨ ਤੋਂ ਬਿਨਾਂ ਜਲਦੀ ਪਾਸਪੋਰਟ ਜਾਰੀ ਕਰਵਾਉਣ ਬਦਲੇ 35,000 ਰੁਪਏ ਦੀ ਮੰਗ ਕੀਤੀ। ਸ਼ਿਕਾਇਤਕਰਤਾ ਨੇ ਰਿਸ਼ਵਤ ਦੀ ਮੰਗ ਸਬੰਧੀ ਹੋਈ ਗੱਲਬਾਤ ਨੂੰ ਰਿਕਾਰਡ ਕਰ ਲਿਆ। ਸ਼ਿਕਾਇਤਕਰਤਾ ਰਿਸ਼ਵਤ ਨਹੀਂ ਦੇਣਾ ਚਾਹੁੰਦੀ ਸੀ, ਇਸ ਲਈ ਉਸ ਨੇ ਵਿਜੀਲੈਂਸ ਬਿਊਰੋ ਰੇਂਜ ਜਲੰਧਰ ਨਾਲ ਸੰਪਰਕ ਕੀਤਾ। ਉਸਦੀ ਸ਼ਿਕਾਇਤ ਤੇ ਕਾਰਵਾਈ ਕਰਦਿਆਂ, ਵਿਜੀਲੈਂਸ ਟੀਮ ਨੇ ਜਾਲ ਵਿਛਾਇਆ ਅਤੇ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਪ੍ਰਾਈਵੇਟ ਪਾਸਪੋਰਟ ਏਜੰਟ ਹਰਦੀਪ ਕੌਰ ਨੂੰ ਸ਼ਿਕਾਇਤਕਰਤਾ ਤੋਂ 20,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਦੂਜੇ ਮੁਲਜ਼ਮ ਨਰਿੰਦਰ ਪਾਲ ਸਿੰਘ ਉਰਫ਼ ਐਨ.ਪੀ. ਦੀ ਗ੍ਰਿਫ਼ਤਾਰੀ ਅਜੇ ਬਾਕੀ ਹੈ। ਇਸ ਤੋਂ ਇਲਾਵਾ, ਅਗਲੇਰੀ ਜਾਂਚ ਦੌਰਾਨ ਪਾਸਪੋਰਟ ਦਫ਼ਤਰ ਦੇ ਅਧਿਕਾਰੀਆਂ ਦੀ ਭੂਮਿਕਾ ਦੀ ਵੀ ਜਾਂਚ ਕੀਤੀ ਜਾਵੇਗੀ। ਮੁਲਜ਼ਮਾਂ ਵਿਰੁੱਧ ਵਿਜੀਲੈਂਸ ਬਿਊਰੋ ਥਾਣਾ ਜਲੰਧਰ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ ਅਤੇ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

ਹਜ਼ਾਰਾਂ ਨਮ ਅੱਖਾਂ ਨੇ ਸੀਨੀਅਰ ਕਾਂਗਰਸੀ ਲੀਡਰ ਚੰਦਰ ਮੋਹਨ ਵਿੱਜ ਨੂੰ ਦਿੱਤੀ ਅੰਤਿਮ ਵਿਦਾਇਗੀ

ਬਟਾਲਾ, 25 ਸਤੰਬਰ (ਸੰਜੀਵ ਨਈਅਰ) ਬਟਾਲਾ ਦੀ ਸਿਆਸਤ ਅਤੇ ਸਮਾਜਿਕ ਜੀਵਨ ਵਿੱਚ ਲੰਮਾ ਸਮਾਂ ਸਰਗਰਮ ਰਹੇ ਸੀਨੀਅਰ ਕਾਂਗਰਸੀ ਲੀਡਰ ਅਤੇ ਸਾਬਕਾ ਕੌਂਸਲਰ ਸ੍ਰੀ ਚੰਦਰ ਮੋਹਨ ਵਿੱਜ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਕੇ ਪ੍ਰਭੂ ਚਰਨਾਂ ਵਿੱਚ ਜਾ ਬਿਰਾਜੇ। ਉਨ੍ਹਾਂ ਦੀ ਅੰਤਿਮ ਵਿਦਾਇਗੀ ਮੌਕੇ ਪੂਰੀਆਂ ਦੇ ਸ਼ਮਸ਼ਾਨ ਘਾਟ ਵਿਖੇ ਹਜਾਰਾਂ ਦੀ ਗਿਣਤੀ ਵਿੱਚ ਲੋਕ ਪਹੁੰਚੇ ਅਤੇ ਨਮ ਅੱਖਾਂ ਨਾਲ ਆਪਣੇ ਹਰਮਨਪਿਆਰੇ ਲੀਡਰ ਨੂੰ ਅੰਤਿਮ ਵਿਦਾਇਗੀ ਦਿੱਤੀ। ਅੰਤਿਮ ਯਾਤਰਾ ਦੌਰਾਨ ਪੂਰਾ ਮਾਹੌਲ ਗਮਗੀਨ ਬਣਿਆ ਹੋਇਆ ਸੀ ਅਤੇ ਹਰ ਅੱਖ ਨਮ ਨਜਰ ਆ ਰਹੀ ਸੀ। ਸ੍